ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਮੰਗਲਵਾਰ, 14 ਮਈ 2024 (ਨਾਨਕਸ਼ਾਹੀ ਸੰਮਤ : ੫੫੬, ੧ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਚਰਨਜੀਤ ਚੰਨੀ ਵੱਲੋਂ ਬੀਬੀ ਜਗੀਰ ਦੀ ਠੋਡੀ ’ਤੇ ਹੱਥ ਲਗਾਉਣ ਦੇ ਮਾਮਲੇ ’ਚ ਮਹਿਲਾ ਕਮਿਸ਼ਨ ਦਾ ਐਕਸ਼ਨ

**ਜਲੰਧਰ**, 13 ਮਈ (**ਆਵਾਜ਼ਿ ਕੌਮ ਬਿਊਰੋ**)-ਜਲੰਧਰ ਲੋਕ ਸਭਾ ਸੀਟ ਤੋਂ ਕਾਂਗਰਸ ਦੇ ਉਮੀਦਵਾਰ ਚਰਨਜੀਤ ਸਿੰਘ ਚੰਨੀ ਵਲੋਂ ਅਕਾਲੀ ਦਲ ਦੀ ਸੀਨੀਅਰ ਆਗੂ ਬੀਬੀ ਜਗੀਰ ਕੌਰ ਨੂੰ ਹੱਥ ਲਗਾਉਣ ਦੇ ਮਾਮਲੇ ਵਿਚ ਮਹਿਲਾ ਕਮਿਸ਼ਨ ਨੇ ਸਖ਼ਤ ਐਕਸ਼ਨ ਲਿਆ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਨਾਲ ਕਥਿਤ ਤੌਰ ’ਤੇ ਮਾੜਾ ਵਿਵਹਾਰ ਕੀਤੇ ਜਾਣ ਦੇ ਮਾਮਲੇ ਵਿਚ ਮਹਿਲਾ ਕਮਿਸ਼ਨ ਨੇ ਨੋਟਿਸ ਲੈ ਲਿਆ ਹੈ। ਮਹਿਲਾ ਕਮਿਸ਼ਨ ਨੇ ਪੰਜਾਬ ਦੇ ਡੀ. ਜੀ. ਪੀ. ਤੋਂ ਕੱਲ੍ਹ 14 ਮਈ 2024 ਨੂੰ ਦੁਪਹਿਰ 2 ਵਜੇ ਤਕ ਮਾਮਲੇ ਦੀ ਸਟੇਟਸ ਰਿਪੋਰਟ ਤਲਬ ਕੀਤੀ ਹੈ। ਸੋਸ਼ਲ ਮੀਡੀਆ ’ਤੇ ਵਾਇਰਲ ਹੋਈ ਇਕ ਵੀਡੀਓ ਦਾ ਜ਼ਿਕਰ ਕਰਦੇ ਹੋਏ ਮਹਿਲਾ ਕਮਿਸ਼ਨ ਨੇ ਇਸ ’ਤੇ ਗੰਭੀਰ ਨੋਟਿਸ ਲੈਂਦਿਆਂ ਕਿਹਾ ਹੈ ਕਿ ਬੀਬੀ ਜਗੀਰ ਕੌਰ ਇਕ ਮਹੱਤਵਪੂਰਣ ਸ਼ਖ਼ਸੀਅਤ ਹਨ ਅਤੇ ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨ ਵੀ ਰਹਿ ਚੁੱਕੇ ਹਨ। ਦੱਸਣਯੋਗ ਹੈ ਕਿ ਕੁਝ ਦਿਨ ਪਹਿਲਾਂ ਬੀਬੀ ਜਗੀਰ ਕੌਰ ਅਤੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਜਲੰਧਰ ਵਿਚ ਇਕੱਠਿਆਂ ਆਏ ਸਨ ਅਤੇ ਪਹਿਲਾਂ ਤਾਂ ਉਨ੍ਹਾਂ ਨੇ ਹੱਥ ਮਿਲਾਉਣ ਦੇ ਮਕਸਦ ਨਾਲ ਬੀਬੀ ਜਗੀਰ ਕੌਰ ਦੇ ਸਾਹਮਣੇ ਸਿਰ ਝੁਕਾਇਆ ਬਾਅਦ ਵਿਚ ਉਹ ਚੱਲਣ ਲੱਗੇ ਤਾਂ ਉਨ੍ਹਾਂ ਨੇ ਉਨ੍ਹਾਂ ਦੀ ਠੋਡੀ ’ਤੇ ਹੱਥ ਲਗਾ ਕੇ ਮਜ਼ਾਕ ਕਰਨ ਦੀ ਕੋਸ਼ਿਸ਼ ਕੀਤੀ। ਚੰਨੀ ਨੇ ਸ਼ਨੀਵਾਰ ਨੂੰ ਇਕ ਵੀਡੀਓ ਵਿਚ ਸਫਾਈ ਦਿੰਦੇ ਹੋਏ ਕਿਹਾ ਸੀ ਕਿ ਉਹ ਬੀਬੀ ਨੂੰ ਆਪਣੀ ਵੱਡੀ ਭੈਣ ਵਾਂਗ ਮੰਨਦੇ ਹਨ ਅਤੇ ਉਨ੍ਹਾਂ ਦਾ ਇਹ ਸਨੇਹ ਉਨ੍ਹਾਂ ਦੇ ਸਨਮਾਨ ਦੇ ਕਾਰਣ ਸੀ।

## ਲੁਧਿਆਣਾ ’ਚ ਰਾਜਾ ਵੜਿੰਗ ਨੇ ਭਰੀ ਨਾਮਜ਼ਦਗੀ

# ਸਿੱਖ ਕਤਲੇਆਮ ਪੀੜਤਾਂ ਨੇ ਕੀਤਾ ਜ਼ਬਰਦਸਤ ਵਿਰੋਧ

**ਲੁਧਿਆਣਾ**, 13 **ਮਈ** (**ਆਵਾਜ਼ਿ ਕੌਮ ਬਿਊਰੋ**)-ਲੁਧਿਆਣਾ ਲੋਕ ਸਭਾ ਸੀਟ ਤੋਂ ਕਾਂਗਰਸ ਉਮੀਦਵਾਰ ਰਾਜਾ ਵੜਿੰਗ ਨੇ ਸੋਮਵਾਰ ਨੂੰ ਆਪਣਾ ਨਾਮਜ਼ਦਗੀ ਪੱਤਰ ਦਾਖ਼ਲ ਕੀਤਾ ਹੈ। ਰਾਜਾ ਆਪਣੀ ਪਤਨੀ ਅੰਮ੍ਰਿਤਾ ਨਾਲ ਡੀਸੀ ਦਫ਼ਤਰ ਪੁੱਜੇ ਅਤੇ ਨਾਮਜ਼ਦਗੀ ਦਾਖ਼ਲ ਕੀਤੀ। ਨਾਮਜ਼ਦਗੀ ਭਰਨ ਤੋਂ ਪਹਿਲਾਂ ਰਾਜਾ ਵੜਿੰਗ ਨੇ ਲੁਧਿਆਣਾ ਦੇ ਸ਼੍ਰੀ ਦੂਖ ਨਿਵਾਰਨ ਗੁਰਦੁਆਰਾ ਸਾਹਿਬ ਅਤੇ ਦੁਰਗਾ ਮਾਤਾ ਮੰਦਿਰ ਵਿਖੇ ਮੱਥਾ ਟੇਕਿਆ ਅਤੇ ਆਪਣੀ ਪਤਨੀ ਅਤੇ ਬੱਚਿਆਂ ਨਾਲ ਇੱਕ ਫੋਟੋ ਵੀ ਸਾਂਝੀ ਕੀਤੀ। ਇਸ ਤੋਂ ਪਹਿਲਾਂ ਕਤਲੇਆਮ ਪੀੜਤਾਂ ਨੇ ਨਾਮਜ਼ਦਗੀ ਦਾਖ਼ਲ ਕਰਨ ਲਈ ਡੀਸੀ ਦਫ਼ਤਰ ਪੁੱਜੇ ਰਾਜਾ ਵੜਿੰਗ ਖ਼ਿਲਾਫ਼ ਜ਼ੋਰਦਾਰ ਪ੍ਰਦਰਸ਼ਨ ਕੀਤਾ। ਰਾਜਾ ਵਾਪਸ ਜਾਓ ਦੇ ਨਾਅਰੇ ਵੀ ਲਗਾਏ ਗਏ। ਇਸ ਦੌਰਾਨ ਕਤਲੇਆਮ ਪੀੜਤਾਂ ਦੀ ਪੁਲਿਸ ਨਾਲ ਝੜਪ ਵੀ ਹੋ ਗਈ, ਜਿਸ ਨੂੰ ਦੇਖਦਿਆਂ ਪੁਲੀਸ ਨੇ ਡੀਸੀ ਕੰਪਲੈਕਸ ਦੇ ਦੋਵੇਂ ਮੁੱਖ ਗੇਟ ਬੰਦ ਕਰ ਦਿੱਤੇ। ਸੋਮਵਾਰ ਨੂੰ ਪੰਜਾਬੀ ਕਵੀ ਤੇ ਸਾਹਿਤਕਾਰ ਸੁਰਜੀਤ ਪਾਤਰ ਦਾ ਅੰਤਿਮ ਸੰਸਕਾਰ ਲੁਧਿਆਣਾ ਵਿੱਚ ਕੀਤਾ ਗਿਆ ਜਿਸ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਸਮੇਤ ਵੱਖ-ਵੱਖ ਪਾਰਟੀਆਂ ਦੇ ਨੇਤਾਵਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਪੰਜਾਬ ਕਾਂਗਰਸ ਦੇ ਪ੍ਰਧਾਨ ਰਾਜਾ ਵੜਿੰਗ ਵੱਲੋਂ ਨਾਮਜ਼ਦਗੀ ਦਾਖ਼ਲ ਕਰਨ ਅਤੇ ਰੋਡ ਸ਼ੋਅ ਕਰਨ ਦਾ ਪ੍ਰੋਗਰਾਮ ਸੀ ਜਿਸ ਨੂੰ ਉਨ੍ਹਾਂ ਨੇ ਰੱਦ ਕਰ ਦਿੱਤਾ ਸੀ। ਰਾਜਾ ਵੜਿੰਗ ਨੇ ਸੋਸ਼ਲ ਮੀਡੀਆ ’ਤੇ ਲਾਈਵ ਹੋ ਕੇ ਆਪਣੇ ਸਮਰਥਕਾਂ ਨੂੰ ਸੂਚਿਤ ਕੀਤਾ ਸੀ ਕਿ ਉਹ ਅੱਜ ਰੋਡ ਸ਼ੋਅ ਨਹੀਂ ਕਰਨਗੇ। ਵੜਿੰਗ ਨੇ ਰੋਡ ਸ਼ੋਅ ਲਈ ਆਪਣੇ ਸਮਰਥਕਾਂ ਵੱਲੋਂ ਕੀਤੀਆਂ ਤਿਆਰੀਆਂ ਲਈ ਮੁਆਫੀ ਮੰਗੀ। ਉਨ੍ਹਾਂ ਦੱਸਿਆ ਕਿ ਸੁਰਜੀਤ ਪਾਤਰ ਦੇ ਅੰਤਿਮ ਸੰਸਕਾਰ ਕਾਰਨ ਇਹ ਰੋਡ ਸ਼ੋਅ ਰੱਦ ਕਰਨਾ ਪਿਆ।




## ਲੋਕ ਸਭਾ ਚੋਣਾਂ 2024: ਚੌਥੇ ਗੇੜ ’ਚ ਹੋਈ 64 ਫ਼ੀਸਦੀ ਵੋਟਿੰਗ

**ਨਵੀਂ ਦਿੱਲੀ**, 13 **ਮਈ** (**ਆਵਾਜ਼ਿ ਕੌਮ ਬਿਊਰੋ**)-19 ਅਪ੍ਰੈਲ ਤੋਂ ਲੈ ਕੇ 1 ਜੂਨ ਤੱਕ 7 ਪੜਾਵਾਂ ਵਿਚ ਹੋਣ ਵਾਲੀਆਂ ਲੋਕ ਸਭਾ ਚੋਣਾਂ ਦੇ ਚੌਥੇ ਪੜਾਅ ਲਈ ਅੱਜ ਯਾਨੀ ਕਿ ਸੋਮਵਾਰ ਨੂੰ ਵੋਟਾਂ ਪੈ ਰਹੀਆਂ ਹਨ। ਇਸ ਪੜਾਅ ਵਿਚ 10 ਸੂਬਿਆਂ ਦੀਆਂ 96 ਲੋਕ ਸਭਾ ਸੀਟਾਂ ’ਤੇ ਵੋਟਰ 1717 ਉਮੀਦਵਾਰਾਂ ਲਈ ਵੋਟਿੰਗ ਕਰ ਰਹੇ ਹਨ। ਪਹਿਲੇ-ਦੂਜੇ ਅਤੇ ਤੀਜੇ ਪੜਾਅ ਲਈ ਵੋਟਾਂ ਪੈ ਚੁੱਕੀਆਂ ਹਨ। ਚੌਥੇ ਪੜਾਅ ਲਈ ਸਵੇਰੇ 7 ਵਜੇ ਤੋਂ ਵੋਟਿੰਗ ਸ਼ੁਰੂ ਹੈ, ਜੋ ਕਿ ਸ਼ਾਮ 6 ਵਜੇ ਤੱਕ ਹੋਵੇਗੀ। ਇਸ ਪੜਾਅ ਵਿਚ ਕਈ ਕੇਂਦਰੀ ਮੰਤਰੀਆਂ ਨਾਲ ਹੀ ਇਕ ਸਾਬਕਾ ਮੁੱਖ ਮੰਤਰੀ ਵੀ ਚੋਣ ਮੈਦਾਨ ਵਿਚ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਚੋਣ ਕਮਿਸ਼ਨ ਦੇ ਅੰਕੜਿਆਂ ਮੁਤਾਬਕ, ਸ਼ਾਮ 5 ਵਜੇ ਤੱਕ 62.31 ਫ਼ੀਸਦੀ ਵੋਟਿੰਗ ਹੋਈ ਹੈ। ਸੂਬਿਆਂ ’ਚ ਕਿੰਨੇ ਫ਼ੀਸਦੀ ਵੋਟਿੰਗ ਹੋਈ, ਇਸਦੇ ਵੀ ਅੰਕੜੇ ਸਾਹਮਣੇ ਆ ਚੁੱਕੇ ਹਨ। ਸ਼ਾਮ 5 ਵਜੇ ਤੱਕ ਆਂਧਰਾ ਪ੍ਰਦੇਸ਼ ’ਚ 68.09 ਫ਼ੀਸਦੀ, ਬਿਹਾਰ- 54.14 ਫ਼ੀਸਦੀ, ਜੰਮੂ ਅਤੇ ਕਸ਼ਮੀਰ 35.75 ਫ਼ੀਸਦੀ, ਝਾਰਖੰਡ 63.14 ਫ਼ੀਸਦੀ, ਮੱਧ ਪ੍ਰਦੇਸ਼ ’ਚ 68.01 ਫ਼ੀਸਦੀ, ਮਹਾਰਾਸ਼ਟਰ 52.49 ਫ਼ੀਸਦੀ, ਓਡੀਸ਼ਾ ’ਚ 62.96 ਫ਼ੀਸਦੀ, ਤੇਲੰਗਾਨਾ ’ਚ 61.16 ਫ਼ੀਸਦੀ, ਉੱਤਰ ਪ੍ਰਦੇਸ਼ ’ਚ 56.35 ਫ਼ੀਸਦੀ ਅਤੇ ਪੱਛਮੀ ਬੰਗਾਲ ’ਚ 75.66 ਫ਼ੀਸਦੀ ਵੋਟਿੰਗ ਹੋਈ ਹੈ।ਚੌਥੇ ਪੜਾਅ ਦੌਰਾਨ 17.7 ਕਰੋੜ ਵੋਟਰ ਇਕ ਲੱਖ 92 ਹਜ਼ਾਰ ਵੋਟਿੰਗ ਕੇਂਦਰਾਂ ’ਤੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰ ਕੇ 1717 ਉਮੀਦਵਾਰਾਂ ਵਿਚੋਂ ਆਪਣਾ ਪਸੰਦੀਦਾ ਪ੍ਰਤੀਨਿਧੀ ਚੁਣਨਗੇ। ਕੁੱਲ 17.7 ਕਰੋੜ ਵੋਟਰਾਂ ਵਿਚੋਂ 12.49 ਲੱਖ 85 ਸਾਲ ਤੋਂ ਵੱਧ ਉਮਰ ਦੇ ਹਨ।ਦੱਸਣਯੋਗ ਹੈ ਕਿ ਚੌਥੇ ਪੜਾਅ ਵਿਚ ਅਖਿਲੇਸ਼ ਯਾਦਵ, ਗਿਰੀਰਾਜ ਸਿੰਘ, ਮਹੂਆ ਮੋਇਤਰਾ, ਅਧੀਰ ਰੰਜਨ ਚੌਧਰੀ, ਯੂਸਫ ਪਠਾਨ, ਵਾਈ. ਐੱਸ. ਸ਼ਰਮੀਲਾ, ਅਰਜੁਨ ਮੁੰਡਾ, ਸ਼ਤਰੂਘਨ ਸਿਨਹਾ, ਅਸਦੁਦੀਨ ਓਵੈਸੀ ਆਦਿ ਨੇਤਾ ਚੋਣ ਮੈਦਾਨ ਵਿਚ ਹਨ।

## ‘ਆਪ ਚੋਣ ਪ੍ਰਚਾਰ ਲਈ ਵਰਤ ਰਹੀ ਸਰਕਾਰੀ ਮਸ਼ੀਨਰੀ’, ਮਜੀਠੀਆ ਨੇ ਚੋਣ ਕਮਿਸ਼ਨ ਤੋਂ ਕਾਰਵਾਈ ਦੀ ਕੀਤੀ ਮੰਗ






**ਚੰਡੀਗੜ੍ਹ**, 13 ਮਈ (**ਆਵਾਜ਼ਿ ਕੌਮ ਬਿਊਰੋ**)-ਪੰਜਾਬ ਦੀਆਂ ਚੋਣਾਂ ਲਈ ਪਾਰਟੀਆਂ ਦੇ ਉਮੀਦਵਾਰ ਮੈਦਾਨ ਵਿੱਚ ਹਨ ਤੇ ਇਸ ਮੌਕੇ ਲੋਕਾਂ ਦੇ ਵਿੱਚ ਜਾ ਕੇ ਪ੍ਰਚਾਰ ਕਰਨ ਤੇ ਮੁਖ਼ਾਲਫ਼ਤ ਕਰਨ ਤੋਂ ਇਲਾਵਾ ਇੱਕ ਸਿਆਸੀ ਜੰਗ ਸੋਸ਼ਲ ਮੀਡੀਆ ਉੱਤੇ ਵੀ ਚੱਲ ਰਹੀ ਹੈ ਜਿਸ ਵਿੱਚ ਹਰ ਪਾਰਟੀ ਬਾਖ਼ੂਬੀ ਆਪਣਾ ਰੋਲ ਨਿਭਾ ਰਹੀ ਹੈ। ਇਸ ਦੌਰਾਨ ਹੀ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਲੀਡਰ ਬਿਕਰਮ ਸਿੰਘ ਮਜੀਠੀਆ ਨੇ ਇੱਕ ਵੀਡੀਓ ਸਾਂਝੀ ਕਰਕੇ ਚੋਣ ਕਮਿਸ਼ਨ ਤੋਂ ਵਿਧਾਇਕ ਹਰਮੀਤ ਪਠਾਨਮਾਜਰਾ ਖ਼ਿਲਾਫ਼ ਕਾਰਵਾਈ ਦੀ ਮੰਗ ਕੀਤੀ ਹੈ। ਬਿਕਰਮ ਸਿੰਘ ਮਜੀਠੀਆ ਨੇ ਸੋਸ਼ਲ ਮੀਡੀਆ ਉੱਤੇ ਲਿਖਿਆ, ਆਪ ਪਾਰਟੀ ਚੋਣ ਪ੍ਰਚਾਰ ਲਈ ਸਰਕਾਰੀ ਮਸ਼ੀਨਰੀ ਦੀ ਵਰਤੋ ਕਰ ਰਹੀ ਹੈ, ਵਿਧਾਇਕ ਹਰਮੀਤ ਪਠਾਨਮਾਜਰਾ ਦੀ ਪਾਇਲਟ ਗੱਡੀ ਆਪ ਪਾਰਟੀ ਦੇ ਝੰਡੇ ਅਤੇ ਪੋਸਟਰ ਲਿਜਾਣ ਲਈ ਵਰਤੀ ਜਾ ਰਹੀ। ਮਜੀਠੀਆ ਨੇ ਕਿਹਾ ਕਿ ਮੈਂ ਚੋਣ ਕਮਿਸ਼ਨ ਨੂੰ ਅਪੀਲ ਕਰਦਾ ਹਾਂ ਕਿ ਇਸ ਉਲੰਘਣਾ ਲਈ ਪਠਾਨਮਾਜਰਾ ਦੇ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਏ। ਜ਼ਿਕਰ ਕਰ ਦਈਏ ਕਿ ਮਜੀਠੀਆ ਆਮ ਆਦਮੀ ਪਾਰਟੀ ਨੂੰ ਘੇਰਨ ਵਿੱਚ ਕੋਈ ਵੀ ਕਸਰ ਨਹੀਂ ਛੱਡ ਰਹੇ, ਉਨ੍ਹਾਂ ਨੂੰ ਜਦੋਂ ਵੀ ਮੌਕਾ ਮਿਲਦਾ ਹੈ ਤਾਂ ਉਹ ਉਸ ਦਾ ਪੂਰਾ ਸਿਆਸੀ ਲਾਹਾ ਲੈਣਾ ਚਾਹੁੰਦੇ ਹਨ ਜੋ ਕਿ ਸਿਆਸਤ ਦੇ ਨਜ਼ਰੀਏ ਤੋਂ ਸਹੀ ਵੀ ਹੈ। ਇਸ ਤੋਂ ਪਹਿਲਾਂ ਮਜੀਠੀਆ ਨੇ ਲਿਖਿਆ, ਵੇਖ ਲਓ ਬਦਲਾਅ ਵਾਲਿਆਂ ਵੱਲੋਂ ਪੰਜਾਬ ’ਚ ਲਿਆਂਦਾ ਅਸਲ ਬਦਲਾਅ, ਸਾਰੀ ਜਨਤਾ ਕੁਰਲਾ ਰਹੀ ਐ, ਅਰਵਿੰਦ ਕੇਜਰੀਵਾਲ ਨੂੰ ਦੇਸ਼ ਭਰ ’ਚ ਸਥਾਪਿਤ ਕਰਨ ਲਈ ਪੰਜਾਬ ਉਜਾੜਿਆ ਜਾ ਰਿਹੈ..ਭਗਵੰਤ ਮਾਨ ਕਠਪੁਤਲੀ ਬਣ ਪੰਜਾਬ ਤੇ ਪੰਜਾਬੀਆਂ ਦਾ ਘਾਣ ਕਰ ਰਿਹੈ।

## ਮਰਹੂਮ ਸੁਰਜੀਤ ਪਾਤਰ ਦੀ ਅੰਤਿਮ ਯਾਤਰਾ ਦੌਰਾਨ ਹਜ਼ਾਰਾਂ ਚਾਹੁਣ ਵਾਲਿਆਂ ਵੱਲੋਂ ਸ਼ਰਧਾਂਜਲੀ



**ਲੁਧਿਆਣਾ**, 13 **ਮਈ** (**ਆਵਾਜ਼ਿ ਕੌਮ ਬਿਊਰੋ**)-ਸ਼ਨੀਵਾਰ ਤੜਕਸਾਰ ਮਸ਼ਹੂਰ ਪੰਜਾਬੀ ਸ਼ਾਇਰ ਤੇ ਲੇਖਕ ਸੁਰਜੀਤ ਪਾਤਰ 79 ਸਾਲ ਦੀ ਉਮਰ ਵਿਚ ਦੁਨੀਆ ਨੂੰ ਅਲਵਿਦਾ ਆਖ ਗਏ। ਉਨ੍ਹਾਂ ਨੇ ਲੁਧਿਆਣਾ ਵਿਚ ਆਖ਼ਰੀ ਸਾਹ ਲਏ। ਉਨ੍ਹਾਂ ਨੇ ਕਈ ਪ੍ਰਸਿੱਧ ਕਵਿਤਾਵਾਂ ਲਿਖੀਆਂ। ਇਨ੍ਹਾਂ ਵਿਚ ਹਵਾ ਵਿਚ ਲਿਖੇ ਹਰਫ਼, ਲਫ਼ਜ਼ਾਂ ਦੀ ਦਰਗਾਹ, ਪਤਝੜ ਦੀ ਬਾਜੇਬ, ਸੁਰ ਜ਼ਮੀਨ, ਬ੍ਰਿਖ ਅਰਜ ਕਰੇ, ਹਨੇਰੇ ਵਿਚ ਸੁਲਗਦੀ ਵਰਣਮਾਲਾ ਸ਼ਾਮਲ ਹਨ। ਉਨ੍ਹਾਂ ਦਾ ਇਸ ਦੁਨੀਆਂ ਨੂੰ ਛੱਡ ਜਾਣਾ ਸਾਹਿਤ ਜਗਤ ਲਈ ਸਭ ਤੋਂ ਵੱਡਾ ਘਾਟਾ ਹੈ। ਉਥੇ ਹੀ ਪੰਜਾਬੀ ਕਵੀ ਤੇ ? ?ਸਾਹਿਤਕਾਰ ਸੁਰਜੀਤ ਪਾਤਰ ਦੀ ਯਾਦ ਵਿਚ ਪੰਜਾਬ ਸਰਕਾਰ ਵੱਲੋਂ ਹਰ ਸਾਲ ਪਾਤਰ ਐਵਾਰਡ ਦਿੱਤਾ ਜਾਵੇਗਾ। ਇਹ ਪੁਰਸਕਾਰ ਉੱਭਰਦੇ ਕਵੀਆਂ ਨੂੰ ਦਿੱਤਾ ਜਾਵੇਗਾ। ਇਸ ਸਬੰਧੀ ਸਾਰੀ ਯੋਜਨਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਤਿਆਰ ਕੀਤੀ ਗਈ ਹੈ। ਪਾਤਰ ਪੁਰਸਕਾਰ ਦੇ ਜੇਤੂ ਨੂੰ ਹਰ ਸਾਲ 1 ਲੱਖ ਰੁਪਏ ਦਾ ਇਨਾਮ ਅਤੇ ਯਾਦਗਾਰੀ ਚਿੰਨ੍ਹ ਭੇਟ ਕੀਤਾ ਜਾਵੇਗਾ, ਜਿਸ ਪੁਰਸਕਾਰ ਦੀ ਅਗਵਾਈ ਭਾਸ਼ਾ ਵਿਭਾਗ ਕਰੇਗਾ। ਇਹੀ ਵੀ ਦੱਸਿਆ ਜਾ ਰਿਹਾ ਹੈ ਕਿ ਇਸ ਐਵਾਰਡ ਵਿਚ ਸਰਕਾਰ ਕਿਸੇ ਤਰ੍ਹਾਂ ਦਾ ਦਖ਼ਲ ਨਹੀਂ ਦੇਵੇਗੀ। ਇਸ ਲਈ ਇੱਕ ਪੈਨਲ ਬਣਾਇਆ ਜਾਵੇਗਾ, ਜਿਸ ਵਿਚ ਉਭਰਦੇ ਕਵੀ ਸ਼ਾਮਲ ਹੋਣਗੇ। ਇਸ ਤੋਂ ਇਲਾਵਾ ਗ੍ਰੈਜੂਏਸ਼ਨ ਪੱਧਰ ਦੇ ਵਿਦਿਆਰਥੀਆਂ ਲਈ ਇੱਕ ਮੁਕਾਬਲਾ ਵੀ ਕਰਵਾਇਆ ਜਾਵੇਗਾ। ਪ੍ਰਸਿੱਧ ਸ਼ਾਇਰ ਸੁਰਜੀਤ ਸਿੰਘ ਪਾਤਰ ਦਾ ਅੱਜ ਲੁਧਿਆਣਾ ਵਿਖੇ ਸਰਕਾਰੀ ਸਨਮਾਨਾਂ ਨਾਲ ਸਸਕਾਰ ਕੀਤਾ ਗਿਆ। ਸੁਰਜੀਤ ਪਾਤਰ ਦੀ ਅੰਤਿਮ ਯਾਤਰਾ ਦੌਰਾਨ ਵੱਡੀ ਗਿਣਤੀ ’ਚ ਉੱਘੀਆਂ ਸ਼ਖ਼ਸੀਅਤਾਂ ਉਨ੍ਹਾਂ ਨੂੰ ਸ਼ਰਧਾਂਜਲੀ ਦੇਣ ਲਈ ਪਹੁੰਚੀਆਂ। ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਅੰਤਿਮ ਯਾਤਰਾ ਦੌਰਾਨ ਸੁਰਜੀਤ ਪਾਤਰ ਨੂੰ ਸ਼ਰਧਾਂਜਲੀ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV



## ਅਰਵਿੰਦ ਕੇਜਰੀਵਾਲ ਦੇ ਘਰ ਵਿੱਚ ਹੋਈ ਬਦਸਲੂਕੀ, ਸਵਾਤੀ ਮਾਲੀਵਾਲ ਨੇ ਬਚਾਅ ਲਈ ਸੱਦੀ ਪੁਲਿਸ-ਸੂਤਰ

**ਨਵੀਂ ਦਿੱਲੀ**, 13 **ਮਈ** (**ਆਵਾਜ਼ਿ ਕੌਮ ਬਿਊਰੋ**)-ਦਿੱਲੀ ਪੁਲੀਸ ਨਾਲ ਜੁੜੇ ਸੂਤਰਾਂ ਨੇ ਦਾਅਵਾ ਕੀਤਾ ਹੈ ਕਿ ਆਮ ਆਦਮੀ ਪਾਰਟੀ ਦੀ ਰਾਜ ਸਭਾ ਮੈਂਬਰ ਸਵਾਤੀ ਮਾਲੀਵਾਲ ਵੱਲੋਂ ਸਨਸਨੀਖੇਜ਼ ਦੋਸ਼ ਲਾਏ ਗਏ ਹਨ। ਪੁਲਿਸ ਸੂਤਰਾਂ ਦਾ ਦਾਅਵਾ ਹੈ ਕਿ ਸੀਐਮ ਹਾਊਸ ਦੇ ਅੰਦਰੋਂ ਦਿੱਲੀ ਪੁਲਿਸ ਨੂੰ ਪੀਸੀਆਰ ਕਾਲ ਕੀਤੀ ਗਈ ਸੀ। ਫੋਨ ਕਰਨ ਵਾਲੇ ਨੇ ਆਪਣੀ ਪਛਾਣ ਸਵਾਤੀ ਮਾਲੀਵਾਲ ਵਜੋਂ ਕਰਵਾਈ। ਦਿੱਲੀ ਪੁਲਿਸ ਦੇ ਸੂਤਰਾਂ ਦਾ ਕਹਿਣਾ ਹੈ ਕਿ ਸੋਮਵਾਰ ਸਵੇਰੇ 9 ਵਜੇ ਦਿੱਲੀ ਦੇ ਮੁੱਖ ਮੰਤਰੀ ਨਿਵਾਸ ਦੇ ਅੰਦਰੋਂ ਦਿੱਲੀ ਪੁਲਿਸ ਨੂੰ ਦੋ ਪੀਸੀਆਰ ਕਾਲਾਂ ਕੀਤੀਆਂ ਗਈਆਂ ਸਨ। ਫੋਨ ਕਰਨ ਵਾਲੇ ਨੇ ਦੱਸਿਆ ਕਿ ਉਹ ਸਵਾਤੀ ਮਾਲੀਵਾਲ ਹੈ। ਉਸ ਨੇ ਮੁੱਖ ਮੰਤਰੀ ਹਾਊਸ ਦੇ ਅੰਦਰ ਖੁਦ ’ਤੇ ਹਮਲਾ ਹੋਣ ਦਾ ਦੋਸ਼ ਲਗਾਇਆ ਹੈ। ਇਹ ਦੋਸ਼ ਮੁੱਖ ਮੰਤਰੀ ਕੇਜਰੀਵਾਲ ਦੇ ਪੀਏ ਵਿਭਵ ਕੁਮਾਰ (ਨਿੱਜੀ ਸਹਾਇਕ) ’ਤੇ ਲਾਏ ਗਏ ਹਨ। ਪੀਸੀਆਰ ਕਾਲ ਕੀਤੀ ਗਈ ਅਤੇ ਦੱਸਿਆ ਗਿਆ ਕਿ ਵਿਭਵ ਨੇ ਮੇਰੀ ਕੁੱਟਮਾਰ ਕੀਤੀ ਹੈ। ਇਲਾਕੇ ਦੀ ਪੁਲਿਸ ਮੌਕੇ ’ਤੇ ਪਹੁੰਚ ਗਈ ਹੈ ਪਰ ਪੁਲਿਸ ਮੁੱਖ ਮੰਤਰੀ ਹਾਊਸ ਦੇ ਅੰਦਰ ਨਹੀਂ ਜਾ ਸਕੀ। ਇਸ ਸੂਚਨਾ ਤੋਂ ਬਾਅਦ ਜਦੋਂ ਪੁਲਿਸ ਮੌਕੇ ’ਤੇ ਪਹੁੰਚੀ ਤਾਂ ਸਵਾਤੀ ਉਥੇ ਨਹੀਂ ਮਿਲੀ। ਪ੍ਰੋਟੋਕੋਲ ਮੁਤਾਬਕ ਦਿੱਲੀ ਪੁਲਿਸ ਮੁੱਖ ਮੰਤਰੀ ਹਾਊਸ ਦੇ ਅੰਦਰ ਨਹੀਂ ਜਾ ਸਕਦੀ। ਪੁਲਿਸ ਪੀਸੀਆਰ ਕਾਲ ਦੀ ਸੱਚਾਈ ਜਾਣਨ ਦੀ ਕੋਸ਼ਿਸ਼ ਕਰ ਰਹੀ ਹੈ। ਇਸ ਦੇ ਨਾਲ ਹੀ ਇਸ ਮਾਮਲੇ ਵਿੱਚ ਦਿੱਲੀ ਪੁਲਿਸ ਦਾ ਕਹਿਣਾ ਹੈ ਕਿ ਸਵਾਤੀ ਮਾਲੀਵਾਲ ਸਿਵਲ ਲਾਈਨ ਥਾਣੇ ਆਈ ਸੀ, ਉਨ੍ਹਾਂ ਨੇ ਘਟਨਾ ਬਾਰੇ ਦੱਸਿਆ ਹੈ, ਅਸੀਂ ਪੁਸ਼ਟੀ ਕਰ ਰਹੇ ਹਾਂ। ਹਾਲਾਂਕਿ ਪੁਲਿਸ ਦਾ ਕਹਿਣਾ ਹੈ ਕਿ ਸਵਾਤੀ ਨੇ ਇਸ ਮਾਮਲੇ ਵਿੱਚ ਕੋਈ ਲਿਖਤੀ ਸ਼ਿਕਾਇਤ ਨਹੀਂ ਦਿੱਤੀ ਹੈ। ਭਾਜਪਾ ਦੇ ਆਈਟੀ ਸੈੱਲ ਦੇ ਮੁਖੀ ਅਮਿਤ ਮਾਲਵੀਆ ਨੇ ਸਵਾਤੀ ਮਾਲੀਵਾਲ ਦੇ ਦੋਸ਼ਾਂ ’ਤੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਰਾਜ ਸਭਾ ਮੈਂਬਰ ਅਤੇ ਦਿੱਲੀ ਮਹਿਲਾ ਕਮਿਸ਼ਨ ਦੀ ਸਾਬਕਾ ਚੇਅਰਪਰਸਨ ਸਵਾਤੀ ਮਾਲੀਵਾਲ ਨੇ ਦੋਸ਼ ਲਗਾਇਆ ਹੈ ਕਿ ਦਿੱਲੀ ਦੇ ਮੁੱਖ ਮੰਤਰੀ ਦੇ ਪੀਏ ਨੇ ਉਨ੍ਹਾਂ ਨਾਲ ਕੁੱਟਮਾਰ ਕੀਤੀ ਹੈ। ਇਹ ਕਾਲ ਦਿੱਲੀ ਦੇ ਸੀਐਮ ਹਾਊਸ ਤੋਂ ਕੀਤੀ ਗਈ ਸੀ। ਯਾਦ ਰਹੇ ਕਿ ਸਵਾਤੀ ਮਾਲੀਵਾਲ ਨੇ ਕੇਜਰੀਵਾਲ ਦੀ ਗ੍ਰਿਫਤਾਰੀ ’ਤੇ ਚੁੱਪੀ ਧਾਰੀ ਰੱਖੀ ਸੀ। ਉਹ ਅਸਲ ਵਿੱਚ ਉਸ ਸਮੇਂ ਭਾਰਤ ਵਿੱਚ ਵੀ ਨਹੀਂ ਸੀ ਅਤੇ ਲੰਬੇ ਸਮੇਂ ਤੋਂ ਭਾਰਤ ਵਾਪਸ ਨਹੀਂ ਆਈ ਸੀ।




ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ
AWAZE QAUM
International Newspaper & WEB TV
2 ਜੂਨ ਨੂੰ ਰੋਡੇ ਪੁੱਜੋ
ਗੁਰਦੁਆਰਾ ਸੰਤ ਖਾਲਸਾ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

## ਪਰਾਂਦਾ

ਕਾਲੇ ਰੰਗ ਦਾ ਪਰਾਂਦਾ,
ਸਾਡੇ ਬਾਬਲੇ ਨੇ ਆਂਦਾ।
ਨੀ ਮੈਂ ਸਾਂਭ ਸਾਂਭ ਰੱਖਦੀ ਫਿਰਾਂ।
ਨੀ! ਮੈ ਵਿਹੜੇ ਵਿੱਚ ਨੱਚਦੀ ਫਿਰਾਂ
ਪਰਾਂਦੇ ਵਿੱਚ ਜੜੀਆਂ ਸੀ ਕਲੀਆਂ
ਨੀ ਮੈਂ ਮੇਲਾ ਵੇਖਣ ਚੱਲੀ ਆ।
ਪਾ ਕੇ ਸੋਹਣਾ ਘੱਗਰਾ,
ਨੀ ਮੈਂ ਮੇਲੇ ਵਿੱਚ ਜੱਚਦੀ ਫਿਰਾਂ।
ਨੀ ਮੈਂ ਵਿਹੜੇ ਵਿੱਚ ਨੱਚਦੀ ਫਿਰਾਂ।
ਪਰਾਂਦਾ ਲਿਆਦਾ ਸੀ ਮੁਲਤਾਨ ਤੋਂ,
ਚਾਅ ਚੱਕਿਆ ਨਾ ਜਾਵੇ ਸੁਖਨਾਜ ਤੋਂ,
ਲਾ ਕੇ ਹਾਰ ਤੇ ਸ਼ਿੰਗਾਰ,
ਨੀ ਮੈਂ ਸੀਸੇ ਮੁਹਰੇ ਫ਼ੱਬਦੀ ਫਿਰਾਂ।
ਨੀ ਮੈਂ ਵਿਹੜੇ ਵਿੱਚ ਨੱਚਦੀ ਫਿਰਾਂ।
ਪਾ ਕੇ ਪਰਾਂਦਾ ਗੁੱਤ ਅੱਗੇ ਕਰੀ ਮੈਂ,
ਖ਼ੁਸ਼ੀਆਂ ਦੇ ਨਾਲ ਫਿਰਾਂ ਭਰੀ ਮੈਂ,
ਵੀਰੇ ਨੂੰ ਵੀ ਬੜੀ ਸੋਹਣੀ ਲੱਗਾਂ,
ਮਾਂ ਬਾਬਲੇ ਦੀ ਲਾਜ ਰੱਖਦੀ ਫਿਰਾਂ।
ਨੀ ਮੈਂ ਵਿਹੜੇ ਵਿੱਚ ਨੱਚਦੀ ਫਿਰਾਂ।
ਸ਼ਾਲਾ ਆਉਂਦੇ ਰਹਿਣ ਇਹ ਮੌਕੇ,
ਨਿਰਮਲ ਧੀਆਂ ਨੂੰ ਨਾ ਰੋਕੇ ਟੋਕੇ,
ਬਣਕੇ ਮੈਂ ਪਟਰਾਣੀ ਲੋਕੋ
ਨੀ ਮੈਂ ਪੱਬ ਬੋਚ ਬੋਚ ਰੱਖਦੀ ਫਿਰਾਂ
ਨੀ ਮੈਂ ਵਿਹੜੇ ਵਿੱਚ ਨੱਚਦੀ ਫਿਰਾਂ।



-ਨਿਰਮਲ ਕੌਰ ਕੋਟਲਾ

ਤਸਵੀਰ : ਸੁੱਖਨਾਜ ਕੌਰ ਗਿੱਲ

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

24 SERVICE EVERYDAY HOURS
100% VEGETARIAN PURE AND NATURAL
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment

## ਪੰਜਾਬੀ

### ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

Love Maa Boli Punjabi

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ

ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ

ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

# THE GURBANI SCHOOL

THE GURBANI SCHOOL

## ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।

## LEARN THE CORRECT PRONUNCIATION OF GURBANI IN THE CONVENIENCE OF YOUR OWN HOME

GET IT ON Google Play

Download on the App Store




ਆਵਾਜ਼ਿ ਕੌਮ AWAZE QAUM International Newspaper & WEB TV

**INTERACTIVE LEARNING**
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION

8
**EIGHT PRAYERS AVAILABLE**
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN

**AUTO SCROLL GURBANI PLAYER**
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION


**MULTILINGUAL**
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH


ਸ੍ਰੀ ਅਕਾਲ ਜੀ ਸਹਾਇ
ਦੇਗ ਤੇਗ ਫਤਿਹ
ਪੰਥ ਕੀ ਜੀਤ
ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ
ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 40ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ
ਸ਼ਬਦ ਕੀਰਤਨ ਅਤੇ
ਕਥਾ ਸਮਾਗਮ
1 ਮਈ ਤੋਂ 31 ਮਈ 2024 ਤੱਕ
ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।
1 ਮਈ ਬੁੱਧਵਾਰ ਜਖੋਵਾਲ ਸ਼ਾਮ 6 ਤੋਂ 8 ਵਜੇ ਤੱਕ
2 ਮਈ ਵੀਰਵਾਰ ਜੱਫਰਵਾਲ ਸ਼ਾਮ 6 ਤੋਂ 8 ਵਜੇ ਤੱਕ
3 ਮਈ ਸ਼ੁੱਕਰਵਾਰ ਸਹਾਇਪੁਰ ਸ਼ਾਮ 6 ਤੋਂ 8 ਵਜੇ ਤੱਕ
4 ਮਈ ਸ਼ਨੀਵਾਰ ਮੁਰਾਦਪੁਰ ਸ਼ਾਮ 6 ਤੋਂ 8 ਵਜੇ ਤੱਕ
5 ਮਈ ਐਤਵਾਰ ਗੁਰੂ ਕੀ ਬੇਰ ਸਾਹਿਬ ਮੱਤੇਵਾਲ ਸ਼ਾਮ 5 ਤੋਂ 7 ਵਜੇ ਤੱਕ
6 ਮਈ ਸੋਮਵਾਰ ਕਾਹਲਵਾ ਸ਼ਾਮ 6 ਤੋਂ 8 ਵਜੇ ਤੱਕ
7 ਮਈ ਮੰਗਲਵਾਰ ਉੱਦੋ ਨੰਗਲ ਸ਼ਾਮ 6 ਤੋਂ 8 ਵਜੇ ਤੱਕ
8 ਮਈ ਬੁੱਧਵਾਰ ਬਾਬੋਵਾਲ ਸ਼ਾਮ 6 ਤੋਂ 8 ਵਜੇ ਤੱਕ
9 ਮਈ ਵੀਰਵਾਰ ਧਰਦਿਉ ਸ਼ਾਮ 6 ਤੋਂ 8 ਵਜੇ ਤੱਕ
10 ਮਈ ਸ਼ੁੱਕਰਵਾਰ ਧਿਆਨਪੁਰ ਸ਼ਾਮ 6 ਤੋਂ 8 ਵਜੇ ਤੱਕ
11 ਮਈ ਸ਼ਨੀਵਾਰ ਗੁ: ਬਾਬਾ ਪੱਲਾ ਜੀ ਬੁਤਾਲਾ ਸ਼ਾਮ 6 ਤੋਂ 8 ਵਜੇ ਤੱਕ
12 ਮਈ ਐਤਵਾਰ ਸਦਾਰੰਗ ਸ਼ਾਮ 6 ਤੋਂ 8 ਵਜੇ ਤੱਕ
13 ਮਈ ਸੋਮਵਾਰ ਸੂਸਾ ਸ਼ਾਮ 6 ਤੋਂ 8 ਵਜੇ ਤੱਕ
14 ਮਈ ਮੰਗਲਵਾਰ ਗੁ: ਬਾਬਾ ਮਤੂ ਜੀ ਮੀਕੇ ਸ਼ਾਮ 6 ਤੋਂ 8 ਵਜੇ ਤੱਕ
15 ਮਈ ਬੁੱਧਵਾਰ ਭਾਮ ਸ਼ਾਮ 6 ਤੋਂ 8 ਵਜੇ ਤੱਕ
16 ਮਈ ਵੀਰਵਾਰ ਭਲਾਈਪੁਰ ਪੁਰਬਾ ਸ਼ਾਮ 6 ਤੋਂ 8 ਵਜੇ ਤੱਕ
17 ਮਈ ਸ਼ੁੱਕਰਵਾਰ ਨਿੱਕੇ ਘੁੰਮਣ ਸ਼ਾਮ 6 ਤੋਂ 8 ਵਜੇ ਤੱਕ
18 ਮਈ ਸ਼ਨੀਵਾਰ ਗੁ: ਕੰਧ ਸਾਹਿਬ (ਬਟਾਲਾ) ਸ਼ਾਮ 6 ਤੋਂ 8 ਵਜੇ ਤੱਕ
19 ਮਈ ਐਤਵਾਰ ਗੁ: ਬਾਬਾ ਬਕਾਲਾ ਸਾਹਿਬ ਸਵੇਰੇ 10 ਤੋਂ 12 ਵਜੇ ਤੱਕ ਸਿਆਲਕਾ
20 ਮਈ ਸੋਮਵਾਰ ਲੀਲ ਕਲਾਂ ਸ਼ਾਮ 6 ਤੋਂ 8 ਵਜੇ ਤੱਕ
21 ਮਈ ਮੰਗਲਵਾਰ ਚੌਧਰੀਵਾਲ ਸ਼ਾਮ 6 ਤੋਂ 8 ਵਜੇ ਤੱਕ
22 ਮਈ ਬੁੱਧਵਾਰ ਤਰਸਿੱਕਾ ਭਗਤਾਂ ਦਾ ਡੇਰਾ ਸ਼ਾਮ 6 ਤੋਂ 8 ਵਜੇ ਤੱਕ
23 ਮਈ ਵੀਰਵਾਰ ਤਾਹਰਪੁਰ ਸ਼ਾਮ 6 ਤੋਂ 8 ਵਜੇ ਤੱਕ
24 ਮਈ ਸ਼ੁੱਕਰਵਾਰ ਬਾਸਰਪੁਰ ਰਾਤ 8 ਤੋਂ 10 ਵਜੇ ਤੱਕ
25 ਮਈ ਸ਼ਨੀਵਾਰ ਖੱਬੇ ਰਾਜਪੂਤਾਂ ਸ਼ਾਮ 6 ਤੋਂ 8 ਵਜੇ ਤੱਕ
26 ਮਈ ਐਤਵਾਰ ਭੀਲੋਵਾਲ ਸ਼ਾਮ 6 ਤੋਂ 8 ਵਜੇ ਤੱਕ
27 ਮਈ ਸੋਮਵਾਰ ਜੇਠੂਵਾਲ ਸ਼ਾਮ 6 ਤੋਂ 8 ਵਜੇ ਤੱਕ
28 ਮਈ ਮੰਗਲਵਾਰ ਗੁ: ਰਾਮ ਥੰਮਣ ਸਾਹਿਬ ਮਨੋਸ਼ ਸ਼ਾਮ 6 ਤੋਂ 8 ਵਜੇ ਤੱਕ
29 ਮਈ ਬੁੱਧਵਾਰ ਮੋਹਣੀਆ ਕੁਹਾਰਾ ਸ਼ਾਮ 6 ਤੋਂ 8 ਵਜੇ ਤੱਕ
30 ਮਈ ਵੀਰਵਾਰ ਜਲਾਲ ਉਸਮਾ ਸ਼ਾਮ 6 ਤੋਂ 8 ਵਜੇ ਤੱਕ
31 ਮਈ ਸ਼ੁੱਕਰਵਾਰ ਮਹਿਤਾ ਚੌਂਕ ਸ਼ਾਮ 6 ਤੋਂ 8 ਵਜੇ ਤੱਕ
1-2-3-4-5 ਜੂਨ 2024 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ
ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2024, ਵੀਰਵਾਰ ਨੂੰ
ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ
ਜਾਰੀ ਕਰਤਾ:
ਖਾਲਸਾ ਅਕੈਡਮੀ
ਨਰਸਰੀ ਤੋਂ +2 ਤੱਕ
ਖਾਲਸਾ
I.C.S.E. Board
Pre-Nur to 8th
ਖਾਲਸਾ ਹੋਸਟਲ
Fully A.C.
ਖਾਲਸਾ
ਦਾਖ਼ਲਾ ਸ਼ੁਰੂ
99155-85685
ਸੰਪਰਕ: 99158-00904, 97793-10040, 98158-14158, 84376-91626

# ਸੰਮਤ ਪਪਣ ਨਾਨਕਸ਼ਾਹੀ ਕੈਲੰਡਰ



ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ | ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ | ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ | ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ (ਬਠਿੰਡਾ) | ਤਖ਼ਤ ਸ੍ਰੀ ਹਜ਼ੂਰ ਸਾਹਿਬ ਅਬਿਚਲ ਨਗਰ (ਨੰਦੇੜ)



ਸਰਪ੍ਰਸਤ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ

## (ਸੰਨ 2024-25)

### ਚੇਤ (ਮਾਰਚ-24 – ਅਪ੍ਰੈਲ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

### ਵੈਸਾਖ (ਅਪ੍ਰੈਲ-24 – ਮਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੦ | ੩੧ | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

### ਜੇਠ (ਮਈ-24 – ਜੂਨ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

### ਹਾੜ (ਜੂਨ-24 – ਜੁਲਾਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | 32 | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

### ਸਾਵਣ (ਜੁਲਾਈ-24 – ਅਗਸਤ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

### ਭਾਦੋਂ (ਅਗਸਤ-24 – ਸਤੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

### ਅੱਸੂ (ਸਤੰਬਰ-24 – ਅਕਤੂਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | ੧ | ੨ | ੩ | ੪ | ੫ | ੬ |
| ੭ | ੮ | ੯ | ੧੦ | ੧੧ | ੧੨ | ੧੩ |
| ੧੪ | ੧੫ | ੧੬ | ੧੭ | ੧੮ | ੧੯ | ੨੦ |
| ੨੧ | ੨੨ | ੨੩ | ੨੪ | ੨੫ | ੨੬ | ੨੭ |
| ੨੮ | ੨੯ | ੩੦ | ੩੧ | | | |

### ਕੱਤਕ (ਅਕਤੂਬਰ-24 – ਨਵੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

### ਮੱਘਰ (ਨਵੰਬਰ-24 – ਦਸੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

### ਪੋਹ (ਦਸੰਬਰ-24 – ਜਨਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੧ | ੨ | ੩ | ੪ | ੫ | ੬ | ੭ |
| ੮ | ੯ | ੧੦ | ੧੧ | ੧੨ | ੧੩ | ੧੪ |
| ੧੫ | ੧੬ | ੧੭ | ੧੮ | ੧੯ | ੨੦ | ੨੧ |
| ੨੨ | ੨੩ | ੨੪ | ੨੫ | ੨੬ | ੨੭ | ੨੮ |
| ੨੯ | ੩੦ | | | | | |

### ਮਾਘ (ਜਨਵਰੀ-25 – ਫਰਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | | | | |

### ਫੱਗਣ (ਫਰਵਰੀ-25 – ਮਾਰਚ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | ੧ | ੨ | ੩ | ੪ |
| ੫ | ੬ | ੭ | ੮ | ੯ | ੧੦ | ੧੧ |
| ੧੨ | ੧੩ | ੧੪ | ੧੫ | ੧੬ | ੧੭ | ੧੮ |
| ੧੯ | ੨੦ | ੨੧ | ੨੨ | ੨੩ | ੨੪ | ੨੫ |
| ੨੬ | ੨੭ | ੨੮ | ੨੯ | ੩੦ | | |

ਸੰਗਰਾਂਦ | ਮੱਸਿਆ | ਪੂਰਨਮਾਸ਼ੀ | ਗੁਰਪੁਰਬ | ਇਤਿਹਾਸਕ ਦਿਹਾੜੇ | ਸਰਕਾਰੀ ਛੁੱਟੀਆਂ | ਭਗਤ ਸਾਹਿਬਾਨ ਦੇ ਦਿਹਾੜੇ

[illegible]

## ਪ੍ਰਕਾਸ਼ਕ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ.ਕੇ.

ਸੰਪਰਕ : +44 78139 53484, +44 75392 43163, +44 7976210161, +91 94788 97960 E-Mail : nsycuk1469@gmail.com, Web : www.nsycuk.com

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :


+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## 6 ਜੂਨ 1984 ਦੇ 40ਵੇਂ ਘੱਲੂਘਾਰੇ ਨੂੰ ਸਮਰਪਿਤ 40 ਦਿਨ ਵਾਹਿਗੁਰੂ ਸਿਮਰਨ

ਜੂਨ 1984 ਦੇ ਸਮੂਹ ਸ਼ਹੀਦ ਕੀਤੇ ਸਿੰਘ ਸਿੰਘਣੀਆਂ ਭੁਝੰਗੀਆਂ ਦੀਆਂ ਸ਼ਹੀਦੀਆਂ ਨੂੰ ਸਮਰਪਿਤ 40 ਦਿਨ ਨਾਮ ਸਿਮਰਨ ਕਰਵਾਇਆ ਜਾ ਰਿਹਾ ਹੈ

• 27 ਅਪ੍ਰੈਲ ਸ਼ਨਿੱਚਰਵਾਰ ਸ਼ਾਮ 5 ਵਜੇ ਪਹਿਲੇ ਦਿਨ ਦੀ ਵਾਹਿਗੁਰੂ ਸਿਮਰਨ ਦੀ ਆਰੰਭਤਾ ਹੋਵੇਗੀ • 8 ਜੂਨ 2024 ਸ਼ਨਿੱਚਰਵਾਰ ਸ਼ਾਮ 6 ਵਜੇ ਸਮਾਪਤੀ ਹੋਵੇਗੀ

ਸਮੇਂ ਦਾ ਵੇਰਵਾ : ਹਰ ਸ਼ਨਿੱਚਰਵਾਰ ਸ਼ਾਮ 5 ਤੋਂ 6 ਵਜੇ ਤੱਕ, ਬਾਕੀ ਸਾਰੇ ਦਿਨ ਹਰ ਰੋਜ ਸ਼ਾਮ 7 ਵਜੇ ਆਰੰਭਤਾ, 8 ਵਜੇ ਵਾਹਿਗੁਰੂ ਸਿਮਰਨ ਦੀ ਸਮਾਪਤੀ ਹੋਵੇਗੀ।

ਵੱਧ ਤੋਂ ਵੱਧ ਸ਼ੇਅਰ ਜ਼ਰੂਰੀ ਕਰਨਾ ਜੀ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




ਸੰਤ ਚਰਨਜੀਤ ਸਿੰਘ ਜੱਸੋਵਾਲ ਵੱਲੋਂ ਸੰਸਾਰ ਦੀਆਂ ਸੰਗਤਾਂ ਨੂੰ ਬੇਨਤੀ ਹੈ ਕਿ ਆਪਣੇ ਸਾਰੇ ਵਹੀਕਲਾਂ ਤੇ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਦੋ ਜੂਨ ਰੋਡੇ ਪੁੱਜਣ ਵਾਲੇ ਸਟਿੱਕਰ ਲਾ ਕੇ ਸੰਤਾਂ ਦੀਆਂ ਖੁਸ਼ੀਆਂ ਲਵੋ।



--✶ ਗੁਰੂ ਗ੍ਰੰਥ ਪੰਥ ਦੇ ਦਾਸ ✶--

**ਜਥੇਬੰਦੀ ਦਮਦਮੀ ਟਕਸਾਲ ਭਿੰਡਰਾਂਵਾਲੇ**




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਜੂਨ 1984 ਦੇ ਘੱਲੂਘਾਰੇ ਸਮੇਂ ਦੀ ਤਸਵੀਰ
ਆਵਾਜ਼ਿ ਕੌਮ AWAZE QAUM International Newspaper & WEB TV
"ਬੇਅੰਤ ਸ਼ਕਤੀਆਂ ਦੇ ਮਾਲਕ ਸਤਿਗੁਰੂ,
ਗਰੀਬ ਬੇਅੰਤ ਨੂੰ ਬਖਸ਼ੋ ਮੌਤ ਮਸਤੀ
ਤਖ਼ਤ ਅਕਾਲ ਦਾ ਜਿਸ ਨੇ ਤੋੜਿਆ ਹੈ
ਖਤਮ ਕਰ ਦੇਵਾਂ ਦੁਨੀਆ ਦੀ ਕੂੜ ਸ਼ਕਤੀ
ਸਿੱਖ ਹਿਰਦਿਆਂ ਨੂੰ ਜਿਸ ਨੇ ਵਿਰੁੰਨਿਆ ਹੈ
ਚੀਰ ਦਿਆਂਗੇ ਉਸ ਦੀ ਦੇਹ ਸਾਰੀ
ਮੈਨੂੰ ਭਰੋਸਾ ਹੈ ਤੇਰੀਆਂ ਰਹਿਮਤਾਂ ਤੇ,
ਇਤਿਹਾਸ ਦੁਹਰਾਇਆ ਹੈ ਸਿੱਖਾਂ ਨੇ ਕਈ ਵਾਰੀ"
ਅਮਰ ਸ਼ਹੀਦ
ਭਾਈ ਬੇਅੰਤ ਸਿੰਘ ਜੀ
ਲੋਕ ਸਭਾ ਹਲਕਾ ਫਰੀਦਕੋਟ ਤੋਂ ਆਜ਼ਾਦ ਉਮੀਦਵਾਰ
ਅਮਰ ਸ਼ਹੀਦ ਭਾਈ ਬੇਅੰਤ ਸਿੰਘ ਦੇ ਸਪੁੱਤਰ
ਸ. ਸਰਬਜੀਤ ਸਿੰਘ ਮਲੋਆ
ਸ. ਸਰਬਜੀਤ ਸਿੰਘ ਮਲੋਆ
ਆਓ ਸਾਰੇ ਆਪੋ-ਆਪਣਾ ਫਰਜ਼ ਸਮਝਦਿਆਂ ਉਨ੍ਹਾਂ ਨੂੰ ਆਪਣਾ ਕੀਮਤੀ ਵੋਟ ਪਾ ਕੇ ਕਾਮਯਾਬ ਕਰੀਏ ਤੇ ਹਰ ਤਰ੍ਹਾਂ ਦਾ ਸਹਿਯੋਗ ਦੇਈਏ।
ਸੰਪਰਕ : 95922-30916, 98140-13915


WITH VAHEGURU JI'S ETERNAL BLESSINGS
ਆਵਾਜ਼ਿ ਕੌਮ AWAZE QAUM International Newspaper & WEB TV
CSGB
Sikh Council Sandwell
BIRMINGHAM & SANDWELL
VAISAKHI
NAGAR KIRTAN 2024
SUNDAY 19TH MAY
Nagar Kirtan Arambh 9:30AM
Gurdwara Babe Ke, Hockley, B16
10:20 AM
Guru Nanak Nishkam Sewak Jatha, B21
11:00 AM
Shri Guru Ravidass Bhawan, B21
11:40 AM
Gurdwara Baba Deep Singh Ji Shaheed, B21
13:15 PM
Guru Nanak Gurdwara Smethwick, B66
Gurmat Smagam 14:15 PM
Gurdwara Baba Sang Ji, Smethwick, B66
SCAN THE QR CODE TO REGISTER AS AN OFFICIAL NAGAR KIRTAN SEWADAR FOR 2024. SEWADAR TRAINING IS A REQUIREMENT AND WILL BE PROVIDED FOR THE DAY OF THE NAGAR KIRTAN IN ADVANCE.
SEWADAR FORM
NAGAR KIRTAN WILL CONCLUDE AT GURDWARA BABA SANG JI WITH GURMAT SMAGAM & LANGAR.
ROAD CLOSURES/DIVERSIONS WILL BE IN PLACE FROM 9AM.


ੴ ਸਤਿਗੁਰ ਪ੍ਰਸਾਦਿ॥
ਮੀਰੀ ਪੀਰੀ ਦੇ ਮਾਲਕ ਧੰਨ ਧੰਨ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਮਹਾਰਾਜ ਜੀ ਦੇ
ਆਗਮਨ ਪੁਰਬ ਅਤੇ ਸੰਗ੍ਰਾਂਦ ਮਹੀਨਾ ਜੇਠ ਨੂੰ ਸਮਰਪਿਤ
ਮਹਾਨ ਗੁਰਮਤਿ ਸਮਾਗਮ
ਪਹੁੰਚ ਰਹੇ ਰਾਗੀ ਜਥੇ ਅਤੇ ਕਥਾਵਾਚਕ
14-05-2024 ਦਿਨ ਮੰਗਲਵਾਰ
ਸ਼ਾਮ 7:00 ਵਜੇ ਤੋਂ 9:00 ਵਜੇ ਤੱਕ
ਸਥਾਨ:- ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ, ਕੁਰੂਕਸ਼ੇਤਰ
ਸਮੂੰਹ ਸਾਧ ਸੰਗਤ ਜੀਓ ਆਪ ਜੀ ਨੂੰ ਜਾਣ ਕੇ ਖੁਸ਼ੀ ਹੋਵੇਗੀ ਕਿ ਧੰਨ ਧੰਨ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਮਹਾਰਾਜ ਜੀ ਇਸ ਪਵਿੱਤਰ ਅਸਥਾਨ ਤੇ ਮਈ ਮਹੀਨੇ ਵਿੱਚ ਆਏ ਸਨ। ਉਹਨਾਂ ਦੇ ਆਗਮਨ ਪੁਰਬ ਨੂੰ ਮੁੱਖ ਰੱਖਦਿਆਂ ਇੱਕ ਮਹਾਨ ਗੁਰਮਤਿ ਸਮਾਗਮ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਕੁਰੂਕਸ਼ੇਤਰ ਵਿਖੇ ਕਰਵਾਇਆ ਜਾ ਰਿਹਾ ਹੈ। ਆਪ ਸਭ ਸੰਗਤਾਂ ਮਿਤੀ 14 ਮਈ 2024 ਦੀ ਸ਼ਾਮ 07 ਵਜੇ ਤੇ 09 ਵਜੇ ਤੀਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀ ਪੁੱਜ ਕੇ ਕੀਰਤਨ ਸਰਵਣ ਕਰੋ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।
ਭਾਈ ਜੋਗਿੰਦਰ ਸਿੰਘ ਰਿਆੜ
ਭਾਈ ਸੂਬਾ ਸਿੰਘ ਪਿਹੋਵਾ ਵਾਲੇ
ਭਾਈ ਗੁਰਦਾਸ ਸਿੰਘ ਕਥਾਵਾਚਕ
ਜਥੇਦਾਰ ਭੁਪਿੰਦਰ ਸਿੰਘ ਜੀ ਅਸੰਧ
ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਬੀਬੀ ਰਵਿੰਦਰ ਕੌਰ ਅਜਰਾਣਾ
ਜੂਨੀਅਰ ਮੀਤ ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਸ੍ਰ ਕਵਲਜੀਤ ਸਿੰਘ ਜੀ ਅਜਰਾਣਾ
ਮੁੱਖ ਬੁਲਾਰਾ
ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
ਚੇਅਰਮੈਨ
ਧਰਮ ਪ੍ਰਚਾਰ ਕਮੇਟੀ
ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਵਲੋਂ:-
ਮੈਨੇਜਰ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ, ਕੁਰੂਕਸ਼ੇਤਰ
ਸਕੱਤਰ ਧਰਮ ਪ੍ਰਚਾਰ ਕਮੇਟੀ, ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ



ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਪੀਵਹੁ ਪਾਹੁਲ ਖੰਡੇ ਧਾਰ ਹੋਵੇ ਜਨਮ ਸੁਹੇਲਾ।
ਵਾਹੁ ਵਾਹੁ ਗੋਬਿੰਦ ਸਿੰਘ ਆਪੇ ਗੁਰ ਚੇਲਾ॥
ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਅਤੇ ਮਾਤਾ ਗੁਜਰੀ ਜੀ ਦਾ ਪੇਕਾ ਘਰ
ਗੁਰਦੁਆਰਾ ਸ਼੍ਰੀ ਲਖਨੌਰ ਸਾਹਿਬ ਪਾਤਸ਼ਾਹੀ ਦਸਵੀਂ ਵਿਖੇ ਮਾਤਾ ਗੁਜਰ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ
ਗੁਰਮਤਿ ਸਮਾਗਮ
14 ਮਈ 2024 ਦਿਨ ਮੰਗਲਵਾਰ ਸੰਗਰਾਂਦ ਦੇ ਦਿਹਾੜੇ ਤੇ ਸਮਾਂ 10 ਤੋਂ 3 ਵਜੇ ਤੱਕ
13 ਮਈ 2024 ਦਿਨ ਸੋਮਵਾਰ ਨੂੰ ਸ਼੍ਰੀ ਮਾਨ ਸੰਤ ਬਾਬਾ ਹਰਨੇਕ ਸਿੰਘ ਜੀ ਰਾੜਾ ਸਾਹਿਬ ਦੇ ਜੱਥੇ ਵਲੋਂ ਬਾਬਾ ਹਰਬੰਸ ਸਿੰਘ ਜੀ ਰਾਤ ਨੂੰ 08 ਤੋਂ 10:00 ਵਜੇ ਤੱਕ ਕੀਰਤਨ ਕਰਨਗੇ।
ਅੰਮ੍ਰਿਤ ਸੰਚਾਰ
ਮਿਤਿ 14 ਮਈ 2024 ਨੂੰ ਸਵੇਰੇ 10 ਵਜੇ ਗੁ: ਸ੍ਰੀ ਲਖਨੌਰ ਸਾਹਿਬ ਪਾ: ਦਸਵੀਂ ਅੰਬਾਲਾ ਵਿਖੇ ਕਰਵਾਇਆ ਜਾ ਰਿਹਾ ਹੈ। ਕਕਾਰ ਫਰੀ ਦਿੱਤੇ ਜਾਣਗੇ।
ਨੋਟ:- ਭਾਈ ਮਲਕੀਤ ਸਿੰਘ ਹੈਡ ਗ੍ਰੰਥੀ ਸਾਹਿਬ ਕੋਲ ਆਪਣੇ ਨਾਮ ਦਰਜ ਕਰਵਾਉਣ ਦੀ ਕਿਰਪਾਲਤਾ ਕਰਨੀ ਜੀ।
ਸਥਾਨ:- ਗੁਰਦੁਆਰਾ ਸ਼੍ਰੀ ਲਖਨੌਰ ਸਾਹਿਬ ਪਾਤਸ਼ਾਹੀ ਦਸਵੀਂ
ਪੁਜ ਰਹੇ ਰਾਗੀ, ਢਾਡੀ ਅਤੇ ਪ੍ਰਚਾਰਕ
ਗਿਆਨੀ ਸ਼ੇਰ ਸਿੰਘ ਜੀ (ਕਥਾ ਵਾਚਕ)
ਭਾਈ ਗੁਰਪ੍ਰਤਾਪ ਸਿੰਘ ਜੀ ਪਦਮ (ਢਾਡੀ ਜੱਥਾ)
ਭਾਈ ਭਗਤ ਸਿੰਘ ਜੀ (ਕਵੀਸ਼ਰੀ ਜੱਥਾ)
ਭਾਈ ਅਮ੍ਰਿਤ ਸਿੰਘ ਜੀ ਹਜ਼ੂਰੀ ਰਾਗੀ ਗੁ. ਲਖਨੌਰ ਸਾਹਿਬ
ਭਾਈ ਗੁਰਮੇਲ ਸਿੰਘ ਜੀ ਕਲੇਰ ਢਾਡੀ ਜੱਥਾ
ਭਾਈ ਗੁਰਜੋਤ ਸਿੰਘ ਨਲਵੀ (ਪ੍ਰਚਾਰਕ ਹਰਿਆਣਾ ਸਿੱਖ ਗੁਰਦਵਾਰਾ ਕਮੇਟੀ)
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਲੰਗਰ ਦੀ ਸੇਵਾ:- ਪਿੰਡ ਧਰਮਗੜ, ਲਾਲੜੂ ਦੀ ਸੰਗਤ ਵਲੋਂ ਕੀਤੀ ਜਾਵੇਗੀ
ਛਬੀਲ ਦੀ ਸੇਵਾ:- ਪਿੰਡ ਕੇਸਰੀ ਦੀ ਸੰਗਤ ਵਲੋਂ ਮਾਤਾ ਗੁਜਰ ਕੌਰ ਜੀ ਦੇ ਇਤਿਹਾਸਿਕ ਖੂਹ ਤੇ ਠੰਡੇ ਪਾਣੀ ਦੀ ਛਬੀਲ ਲਾਈ ਜਾਵੇਗੀ
ਲੰਗਰ ਵਰਤਾਉਣ ਅਤੇ ਜੌੜਾ ਘਰ ਦੀ ਸੇਵਾ ਗੁ: ਭਗਤ ਧੰਨਾ ਜੀ ਦੀ ਸੰਗਤ ਵਲੋਂ ਕੀਤੀ ਜਾਵੇਗੀ
ਪ੍ਰਧਾਨ ਅਤੇ ਸਮੂਹ ਮੈਂਬਰ ਸਾਹਿਬਾਨ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੇਂਟ ਕਮੇਟੀ
ਵਲੋਂ: ਮੈਨੇਜਰ ਗੁ: ਸ੍ਰੀ ਲਖਨੌਰ ਸਾਹਿਬ ਪਾ. ਦਸਵੀਂ, ਅੰਬਾਲਾ, ਫੋਨ: 9729031513
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ: ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੇਂਟ ਕਮੇਟੀ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ, ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ




ਦਮਦਮੀ ਟਕਸਾਲ
ਗੁਰੂ ਹਰਿਰਾਇ
ਦਮਦਮੀ ਟਕਸਾਲ ਵੱਲੋਂ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁਧ ਪਾਠ ਬੋਧ ਸਮਾਗਮ
ਅਰੰਭ 20 July 2024 ਤੋ 18 August 2024 ਤੱਕ
ਭਾਗ ਲੈਣ ਵਾਲੇ ਗੁਰਸਿੱਖਾਂ ਨੂੰ ਬੇਨਤੀ ਹੈ ਕੇ ਚਿੱਟੇ ਹਜੂਰੀਏ ਲਿਓਣ ਦੀ ਕਿਰਪਾਲਤਾ ਕਰਨ । ਸੋਮਵਾਰ ਤੋ ਸ਼ੁਕਰਵਾਰ ਸਮਾ 6pm ਤੋ 9pm । ਸ਼ਨੀਵਾਰ ਤੇ ਐਤਵਾਰ ਸਮਾ 2pm ਤੋ 3.30pm ਅਤੇ 4pm ਤੋ 6pm । ਦਮਦਮੀ ਟਕਸਾਲ ਦੇ facebook page, youtube channel ਅਤੇ sangat tv ਤੇ ਸਿਧਾ ਪ੍ਰਸਾਰਨ ਕੀਤਾ ਜਾਵੇਗਾ । ਵਧੇਰੇ ਜਾਣਕਾਰੀ ਲਈ ਹੇਠ ਲਿਖੇ ਨੰਬਰਾਂ ਤੇ ਸੰਪਰਕ ਕਰੋ ।
GURDWARA SRI GUR HAR RAI SAHIB JI
128 HIGH STREET, WEST BROMWICH (IN UNIT), UK
07454 023 665
07940 368926
07478 804 044
ਆਵਾਜ਼ਿ ਕੌਮ AWAZE QAUM International Newspaper & WEB TV




ਵਾਹਿਗੁਰੂ ਜੀ ਕਾ ਖਾਲਸਾ ।
ਵਾਹਿਗੁਰੂ ਜੀ ਕੀ ਫ਼ਤਹਿ ॥





## ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿਚ ਪਿੰਡ ਸਲੇਮਪੁਰ ਮਸੰਦਾਂ ਦੀ ਸਮੂੰਹ ਸਾਧ ਸੰਗਤ ਵਲੋਂ ਗੁਰੂ ਨਾਨਕ ਗੁਰਦੁਆਰਾ ਵਾਲਸਾਲ ਰੋਡ ਵਿਲਨਹਾਲ ਵਿਖੇ

# ਧਾਰਮਿਕ ਸਮਾਗਮ 30 ਜੂਨ 2024, ਦਿਨ ਐਤਵਾਰ

ਗੁਰੂ ਪਿਆਰੀ ਸਾਧ ਸੰਗਤ ਜੀਓ, ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿੱਚ ਪਿੰਡ ਸਲੇਮਪੁਰ ਮਸੰਦਾਂ ਦੀ ਸਾਧ ਸੰਗਤ ਦੇ ਸਹਿਯੋਗ ਨਾਲ 30 ਜੂਨ 2024 ਦਿਨ ਐਤਵਾਰ ਨੂੰ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਸੋ ਸਮੂੰਹ ਸਾਧ ਸੰਗਤ ਅਤੇ ਪਿੰਡ ਸਲੇਮਪੁਰ ਮਸੰਦਾਂ ਦੇ ਨਗਰ ਨਿਵਾਸੀਆਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਸਮਾਗਮ ਦੀ ਰੌਣਕ ਵਧਾਉਣ ਲਈ ਪਰਿਵਾਰਾਂ ਸਮੇਤ ਸ਼ਾਮਲ ਹੋ ਕੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

### --✶ ਪ੍ਰੋਗਰਾਮ ✶--

☛ ਆਰੰਭ ਸ੍ਰੀ ਆਖੰਡਪਾਠ ਸਾਹਿਬ ਦਿਨ ਸ਼ੁਕਰਵਾਰ
28 ਜੂਨ 2024 ਸਵੇਰੇ 9:00 ਵਜੇ

☛ ਭੋਗ ਸ੍ਰੀ ਆਖੰਡਪਾਠ ਸਾਹਿਬ
ਦਿਨ ਐਤਵਾਰ 30 ਜੂਨ 2024 ਸਵੇਰੇ 10 ਵਜੇ

☛ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਗੁਰਬਾਣੀ ਕੀਰਤਨ (11.00 ਵਜੇ ਸਵੇਰੇ) ਅਤੇ ਕਥਾ ਦੁਆਰਾ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ

☛ ਤਿੰਨੋਂ ਦਿਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ

"WAHEGURU JI HA HHALSA
WAHEGURU JI HI FATEH"
On the special occasion of
DHAN DHAN BABA DASSA JI'S
70TH ANNUAL MELA
AKHAND PATH SAHIB
at
Guru Nanak Sikh Gurudwara Sahib
65-67 Walsall Rd, Willenhall
WV13 2RD,
United Kingdom

*Your presence is requested to attend as per programme*
*DATES: 28th June 2024 to 30th June 2024*
*28th June*
*Arambh Sri Akhand Path Sahib:9:00am*
*30th June*
*Bhog Sri Akhand Path Sahib: 10:00am*
*Kirtan: 11:00am*
*Langar: After kirtan*
*FROM:*
*ALL SANGAT OF SALEMPUR MASSANDAN*

ਗੁਰਦੁਆਰਾ ਸਾਹਿਬ ਦਾ ਪਤਾ : **Guru Nanak Gurdawara, 65-67 Walsall Road, Willenhall, WV 13 2RD**

30 ਜੂਨ, ਦਿਨ ਐਤਵਾਰ ਨੂੰ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਦੁਨੀਆਂ ਭਰ ਵਿੱਚ ਆਵਾਜ਼ਿ ਕੌਮ ਵੈੱਬ ਟੀ. ਵੀ. 'ਤੇ ਦੇਖਿਆ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM WEB TV

**ਬੇਨਤੀ ਕਰਤਾ : ਇੰਗਲੈਂਡ ਨਿਵਾਸੀ ਸਾਧ ਸੰਗਤ, ਪਿੰਡ ਸਲੇਮਪੁਰ ਮਸੰਦਾਂ ਜ਼ਿਲ੍ਹਾ ਜਲੰਧਰ (ਪੰਜਾਬ)**

# ਦਮਦਮੀ ਟਕਸਾਲ ਦੇ ਪਹਿਲੇ ਮੁਖੀ ਜਰਨੈਲ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ

ਦਮਦਮੀ ਟਕਸਾਲ ਦੇ ਪਹਿਲੇ ਮੁਖੀ ਜਰਨੈਲ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ, ਜੋ ਮਾਝੇ ਦੇ ਪਿੰਡ ਪਹੂਵਿੰਡ (ਜ਼ਿਲ੍ਹਾ ਸ੍ਰੀ ਅੰਮ੍ਰਿਤਸਰ, ਹੁਣ ਤਰਨ ਤਾਰਨ) ਦੇ ਰਹਿਣ ਵਾਲ਼ੇ ਸਨ। ਉਹਨਾਂ ਦਾ ਜਨਮ 26 ਜਨਵਰੀ 1682 ਨੂੰ ਬੀਬੀ ਜਿਊਣੀ ਜੀ ਦੀ ਕੁੱਖੋਂ, ਪਿਤਾ ਭਾਈ ਭਗਤਾ ਜੀ ਦੇ ਗ੍ਰਹਿ ਵਿਖੇ ਹੋਇਆ। ਬਾਬਾ ਜੀ ਨੇ ਚੜ੍ਹਦੀ ਜਵਾਨੀ 'ਚ ਸ੍ਰੀ ਗੁਰੂ ਗੋਬਿੰਦ ਜੀ ਪਾਸੋਂ ਖੰਡੇ-ਬਾਟੇ ਦਾ ਅੰਮ੍ਰਿਤ ਛਕਿਆ ਤੇ ਸ੍ਰੀ ਅਨੰਦਪੁਰ ਸਾਹਿਬ ਰਹਿ ਕੇ ਗੁਰਬਾਣੀ, ਕੀਰਤਨ, ਘੋੜ ਸਵਾਰੀ ਤੇ ਸ਼ਸਤਰ ਵਿੱਦਿਆ ਦੀ ਦਾਤ ਪ੍ਰਾਪਤ ਕੀਤੀ ਤੇ ਫਿਰ ਗੁਰੂ ਸਾਹਿਬ ਦੀ ਆਗਿਆ ਅਨੁਸਾਰ ਆਪ ਆਪਣੇ ਪਿੰਡ ਰਹਿ ਕੇ ਧਰਮ ਦਾ ਪ੍ਰਚਾਰ ਕਰਦੇ ਰਹੇ।

ਸ੍ਰੀ ਦਮਦਮਾ ਸਾਹਿਬ ਵਿਖੇ ਆਪ ਨੇ ਗੁਰੂ ਸਾਹਿਬ ਤੋਂ 48 ਸਿੰਘਾਂ ਸਮੇਤ ਗੁਰਬਾਣੀ ਦੇ ਅਰਥ ਪੜ੍ਹੇ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਤਿਆਰ ਕਰਨ ਸਮੇਂ ਆਪ ਨੇ ਕਲਮਾਂ ਘੜਨ ਤੇ ਕਾਗਜ਼-ਸਿਆਹੀ ਤਿਆਰ ਕਰਨ ਦੀ ਸੇਵਾ ਨਿਭਾਈ। ਜਿਸ ਸਮੇਂ ਸ੍ਰੀ ਹਜ਼ੂਰ ਸਾਹਿਬ ਵਿਖੇ ਸ੍ਰੀ ਗੋਬਿੰਦ ਸਿੰਘ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗੁਰਤਾ ਗੱਦੀ ਬਖ਼ਿਸ਼ਸ਼ ਕੀਤੀ ਤਾਂ ਉਸ ਸਮੇਂ ਪੰਜ ਪਿਆਰਿਆਂ 'ਚ ਅਰਦਾਸਾ ਸੋਧਣ ਵਾਲ਼ੇ ਬਾਬਾ ਦੀਪ ਸਿੰਘ ਜੀ ਵੀ ਸਨ ਤੇ ਭਾਈ ਮਨੀ ਸਿੰਘ ਜੀ ਗੁਰੂ ਸਾਹਿਬ ਦੀ ਤਾਬਿਆ ਚੌਰ ਕਰ ਰਹੇ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਫਿਰ ਦਮਦਮਾ ਸਾਹਿਬ ਵਿਖੇ ਰਹਿ ਕੇ ਆਪ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਾਰ ਸਰੂਪ ਹੱਥੀਂ ਲਿਖ ਕੇ ਚਾਰ ਤਖ਼ਤਾਂ 'ਤੇ ਭੇਜੇ ਤੇ ਇੱਕ ਪਾਵਨ ਸਰੂਪ ਅਰਬੀ ਭਾਸ਼ਾ 'ਚ ਲਿਖ ਕੇ ਅਰਬ ਦੇਸ਼ ਦੀਆਂ ਸੰਗਤਾਂ ਲਈ ਭੇਜਿਆ। ਆਪ ਅਰਬੀ ਅਤੇ ਫ਼ਾਰਸੀ ਦੇ ਵੀ ਵਿਦਵਾਨ ਸਨ। ਬਾਬਾ ਜੀ ਨੇ ਸ੍ਰੀ ਦਸਮ ਗ੍ਰੰਥ ਸਾਹਿਬ ਦੇ ਇੱਕ ਸਰੂਪ ਦਾ ਵੀ ਉਤਾਰਾ ਕੀਤਾ ਜੋ ਹੁਣ ਤਖ਼ਤ ਸ੍ਰੀ ਹਰਿਮੰਦਰ ਪਟਨਾ ਸਾਹਿਬ ਵਿਖੇ ਸੁਭਾਇਮਾਨ ਹੈ। ਬਾਬਾ ਜੀ ਨੇ ਗੁਰਮਤਿ ਦਾ ਭਾਰੀ ਪ੍ਰਚਾਰ ਕੀਤਾ, ਅਨੇਕਾਂ ਪ੍ਰਾਣੀਆਂ ਨੂੰ ਖੰਡੇ-ਬਾਟੇ ਦੀ ਅੰਮ੍ਰਿਤ ਦਾਤ ਅਤੇ ਗੁਰਮਤਿ ਤੇ ਸ਼ਸਤਰ ਵਿੱਦਿਆ ਦਿੱਤੀ।

ਆਪ ਜੀ ਨੇ ਬਾਬਾ ਬੰਦਾ ਸਿੰਘ ਬਹਾਦਰ ਨਾਲ਼ ਮਿਲ਼ ਕੇ ਜੰਗਾਂ ਵਿੱਚ ਭਾਗ ਲਿਆ ਤੇ ਦੁਸ਼ਟਾਂ ਦਾ ਨਾਸ ਕੀਤਾ। ਜਿਸ ਸਮੇਂ ਬਾਬਾ ਬੰਦਾ ਸਿੰਘ ਬਹਾਦਰ ਸ੍ਰੀ ਅਨੰਦਪੁਰ ਸਾਹਿਬ ਆਏ ਤਾਂ ਆਪ ਤਿੰਨ ਮਹੀਨੇ ਉਹਨਾਂ ਨਾਲ਼ ਰਹੇ ਤੇ ਬਾਬਾ ਬੰਦਾ ਸਿੰਘ ਜੀ ਨੂੰ ਰੂਹਾਨੀ ਤੇ ਜੋਸ਼ੀਲੇ ਪ੍ਰਵਚਨ ਸੁਣਾਉਂਦੇ ਰਹੇ। ਬਾਬਾ ਦੀਪ ਸਿੰਘ ਦੇ ਉੱਚੇ-ਸੁੱਚੇ ਜੀਵਨ ਤੋਂ ਬਾਬਾ ਬੰਦਾ ਸਿੰਘ ਜੀ ਬਹੁਤ ਪ੍ਰਭਾਵਿਤ ਹੋਏ। ਫਿਰ ਬਾਬਾ ਬੰਦਾ ਸਿੰਘ ਬਹਾਦਰ ਨੇ ਸਮੁੱਚੇ ਖ਼ਾਲਸਾ ਪੰਥ ਵੱਲੋਂ ਬਾਬਾ ਦੀਪ ਸਿੰਘ ਜੀ ਨੂੰ 'ਸ਼ਹੀਦ' ਦਾ ਖ਼ਿਤਾਬ ਬਖ਼ਿਸ਼ਆ।

ਤੱਤ ਖ਼ਾਲਸਾ ਅਤੇ ਬੰਦਈ ਖ਼ਾਲਸਾ ਦਾ ਫ਼ੈਸਲਾ ਵੀ ਬਾਬਾ ਦੀਪ ਸਿੰਘ ਅਤੇ ਭਾਈ ਮਨੀ ਸਿੰਘ ਨੇ ਕਰਵਾਇਆ ਸੀ। ਜਿਸ ਕਰਕੇ ਸੰਗਤਾਂ ਵਿੱਚ ਬਾਬਾ ਜੀ ਦਾ ਸਤਿਕਾਰ ਹੋਰ ਵੀ ਵੱਧ ਗਿਆ। ਬਾਬਾ ਜੀ ਨਾਮ-ਬਾਣੀ ਤੇ ਸੇਵਾ-ਸਿਮਰਨ ਵਿੱਚ ਭਿੱਜੀ ਰੂਹ ਸਨ। ਉਹ ਖ਼ਾਲਸਾ ਪੰਥ ਦੇ ਨਿਧੜਕ ਜਰਨੈਲ ਤੇ ਸੰਤ-ਸਿਪਾਹੀ ਸਨ।

ਜਦੋਂ ਜ਼ਕਰੀਆਂ ਖ਼ਾਂ ਨੇ ਭਾਈ ਸੁਬੇਗ ਸਿੰਘ ਰਾਹੀਂ ਖ਼ਾਲਸੇ ਨੂੰ ਨਵਾਬੀ ਦੀ ਖ਼ਿਲਤ ਭੇਜੀ ਤਾਂ ਸਿੱਖ ਕੌਮ ਦੇ ਮਹਾਨ ਸੇਵਾਦਾਰ ਸਰਦਾਰ ਕਪੂਰ ਸਿੰਘ ਨੇ ਨਵਾਬੀ ਲੈਣ ਤੋਂ ਪਹਿਲਾਂ ਜਿਨ੍ਹਾਂ ਪੰਜ ਪਿਆਰਿਆਂ ਦੇ ਚਰਨਾਂ ਨਾਲ਼ ਨਵਾਬੀ ਨੂੰ ਛੁਹਾਇਆ ਉਹਨਾਂ ਵਿੱਚ ਬਾਬਾ ਦੀਪ ਸਿੰਘ ਜੀ ਵੀ ਸ਼ਾਮਲ ਸਨ। ਸਰਬੱਤ ਖ਼ਾਲਸਾ ਸਮਾਗਮਾਂ ਵਿੱਚ ਬਾਬਾ ਦੀਪ ਸਿੰਘ ਜੀ ਅਹਿਮ ਭੂਮਿਕਾ ਨਿਭਾਉਂਦੇ ਸਨ ਤੇ ਖ਼ਾਲਸਾ ਪੰਥ ਦੇ ਸੁਨਹਿਰੇ ਭਵਿੱਖ ਲਈ ਸ਼ਾਨਦਾਰ ਫ਼ੈਸਲੇ ਲੈਂਦੇ ਸਨ।

ਜਦੋਂ ਦੀਵਾਨ ਦਰਬਾਰਾ ਸਿੰਘ ਦੇ ਸੱਚਖੰਡ ਜਾਣ ਤੋਂ ਬਾਅਦ ਤਰਨਾ ਦਲ ਅਤੇ ਬੁੱਢਾ ਦਲ ਦੇ ਰੂਪ 'ਚ ਜਥੇ ਬਣਾਏ ਗਏ ਤਾਂ ਤਰਨ ਦਲ ਦੇ ਪੰਜ ਜੱਥਿਆਂ ਵਿੱਚੋਂ ਇੱਕ ਜਥੇ ਦੇ ਮੁਖੀ ਬਾਬਾ ਦੀਪ ਸਿੰਘ ਜੀ ਸ਼ਹੀਦ ਨੂੰ ਬਣਾਇਆ ਗਿਆ। ਬਾਬਾ ਦੀਪ ਸਿੰਘ ਜੀ ਦੀ 'ਮਿਸਲ ਸ਼ਹੀਦਾਂ' ਦਾ ਵੱਖਰਾ ਹੀ ਪ੍ਰਭਾਵ ਸੀ। ਇਹ ਸੂਰਮੇ 'ਧਰਮ ਹੇਤ ਸੀਸ ਵਾਰਨ' ਲਈ ਤਿਆਰ-ਬਰ-ਤਿਆਰ ਰਹਿੰਦੇ ਸਨ।

ਜਦ ਮੱਸੇ ਰੰਘੜ ਨੇ ਸ੍ਰੀ ਦਰਬਾਰ ਸਾਹਿਬ ਦੀ ਬੇਅਦਬੀ ਕੀਤੀ ਤਾਂ ਬਾਬਾ ਦੀਪ ਸਿੰਘ ਦੇ ਜਥੇ ਦੇ ਹੀ ਜਥੇਦਾਰ ਬਾਬਾ ਬੁੱਢਾ ਸਿੰਘ ਜੀ ਦੇ ਭੇਜੇ ਹੋਏ ਦੋ ਸਿੰਘਾਂ ਭਾਈ ਮਹਿਤਾਬ ਸਿੰਘ ਅਤੇ ਭਾਈ ਸੁੱਖਾ ਸਿੰਘ ਨੇ ਮੱਸੇ ਰੰਘੜ ਦਾ ਸਿਰ ਵੱਢ ਕੇ ਲਿਆਂਦਾ ਸੀ। ਬਾਬਾ ਦੀਪ ਸਿੰਘ ਜੀ ਨੇ ਬੜੇ ਬਿਖ਼ਮ ਭਰੇ ਸਮੇਂ 'ਚ ਸਿੱਖ ਕੌਮ ਦੀ ਯੋਗ ਅਗਵਾਈ ਕੀਤੀ।

ਅਖ਼ੀਰ ਸਮੇਂ ਜਦੋਂ ਬਾਬਾ ਜੀ ਨੂੰ ਪਤਾ ਲੱਗਾ ਕਿ ਅਹਿਮਦ ਸ਼ਾਹ ਅਬਦਾਲੀ ਦੀਆਂ ਫ਼ੌਜਾਂ ਸ੍ਰੀ ਦਰਬਾਰ ਸਾਹਿਬ ਦੀ ਬੇਅਦਬੀ ਕਰ ਰਹੀਆਂ ਹਨ, ਪਵਿੱਤਰ ਸਰੋਵਰ ਨੂੰ ਪੂਰ ਦਿੱਤਾ ਗਿਆ ਹੈ, ਕਿਸੇ ਨੂੰ ਸ੍ਰੀ ਅੰਮ੍ਰਿਤਸਰ ਨਹੀਂ ਜਾਣ ਦਿੱਤਾ ਜਾ ਰਿਹਾ, ਮੁਗਲ ਹਾਕਮਾਂ ਨੇ ਪੂਰੀ ਅੱਤ ਚੁੱਕ ਲਈ ਹੈ। ਤਾਂ ਬਾਬਾ ਜੀ ਨੇ ਸ੍ਰੀ ਦਮਦਮਾ ਸਾਹਿਬ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਜਥੇ ਸਮੇਤ ਚਾਲੇ ਪਾ ਦਿੱਤੇ।



ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਸਾਹਿਬ ਪੁੱਜ ਕੇ ਬਾਬਾ ਜੀ ਨੇ ਇਸ਼ਨਾਨ ਕੀਤਾ ਤੇ ਅਰਦਾਸਾ ਸੋਧਿਆ। ਅਰਦਾਸ 'ਚ ਬਾਬਾ ਜੀ ਨੇ ਕਿਹਾ ਕਿ "ਜ਼ਾਲਮਾਂ ਤੋਂ ਸ੍ਰੀ ਦਰਬਾਰ ਸਾਹਿਬ ਅਜ਼ਾਦ ਕਰਵਾ ਕੇ ਹੀ ਮੈਂ ਸ਼ਹੀਦੀ ਪਾਵਾਂਗਾ।" ਥੋੜ੍ਹਾ ਅੱਗੇ ਆ ਕੇ ਆਪ ਨੇ ਧਰਤੀ ਉੱਤੇ ਖੰਡੇ ਨਾਲ਼ ਲਕੀਰ ਖਿੱਚੀ ਤੇ ਕਿਹਾ "ਜਿਸ ਨੂੰ ਧਰਮ ਪਿਆਰਾ ਹੈ ਉਹ ਲਕੀਰ ਟੱਪ ਜਾਵੇ, ਜਿਸ ਨੂੰ ਜਾਨ ਪਿਆਰੀ ਹੈ ਉਹ ਪਿੱਛੇ ਹਟ ਜਾਵੇ।" ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ ਦੇ ਜੈਕਾਰੇ ਅਤੇ ਨਗਾਰਿਆਂ 'ਤੇ ਚੋਟਾਂ ਲਾ ਕੇ ਸਾਰੇ ਸਿੰਘ ਲਕੀਰ ਟੱਪ ਗਏ।



ਗੋਹਲਵੜ ਤੋਂ ਚੱਬੇ ਦੇ ਮੈਦਾਨ ਵਿੱਚ ਖ਼ਾਲਸਈ ਫ਼ੌਜ ਤੇ ਮੁਗ਼ਲ ਫ਼ੌਜ ਦਾ ਜਬਰਦਸਤ ਟਾਕਰਾ ਹੋਇਆ। ਸਿੰਘਾਂ ਨੇ ਦੁਸ਼ਮਣ ਫ਼ੌਜਾਂ ਨੂੰ ਅਜਿਹੇ ਖ਼ਾਲਸਈ ਹੱਥ ਵਿਖਾਏ ਕਿ ਮੁਗ਼ਲ ਫ਼ੌਜ ਵੇਖ ਕੇ ਹੱਕੀ-ਬੱਕੀ ਰਹਿ ਗਈ। ਇਸੇ ਸਮੇਂ ਹੀ ਬਾਬਾ ਜੀ ਅਤੇ ਯਕੂਬ ਖ਼ਾਨ ਦੀ ਗਹਿਗੱਚ ਲੜਾਈ ਹੋਈ, ਦੋਹਾਂ ਦੇ ਘੋੜੇ ਜ਼ਖ਼ਮੀ ਹੋ ਕੇ ਡਿੱਗ ਪਏ, ਫਿਰ ਦੋਨੋਂ ਗੁੱਥਮ-ਗੁੱਥਾ ਹੋ ਗਏ ਤੇ ਫਿਰ ਬਾਬਾ ਦੀਪ ਸਿੰਘ ਨੇ ਯਕੂਬ ਖ਼ਾਨ ਦੇ ਸਿਰ ਵਿੱਚ ਐਨੇ ਜ਼ੋਰ ਨਾਲ਼ ਗੁਰਜ਼ ਮਾਰਿਆ ਕਿ ਉਹ ਥਾਂ 'ਤੇ ਢੇਰੀ ਹੋ ਗਿਆ।

ਯਕੂਬ ਖ਼ਾਨ ਨੂੰ ਮਰਿਆ ਵੇਖ ਕੇ ਜਰਨੈਲ ਜਮਾਲ ਖ਼ਾਂ ਹੁਣ ਸਿੱਖਾਂ ਦੇ ਜਰਨੈਲ ਬਾਬਾ ਦੀਪ ਸਿੰਘ ਜੀ ਦੇ ਸਾਹਮਣੇ ਆਇਆ ਤੇ ਦੋਵਾਂ ਦੀ ਜ਼ੋਰਦਾਰ ਲੜਾਈ ਹੋਈ ਤੇ ਸਾਂਝੇ ਵਾਰ 'ਚ ਦੋਵਾਂ ਦੇ ਸਿਰ ਲੱਥ ਗਏ। ਜਹਾਨ ਖ਼ਾਂ ਦੇ ਸਿਰ ਨੂੰ ਘੋੜੇ ਨੇ ਮਸਲ ਦਿੱਤਾ ਤੇ ਬਾਬਾ ਦੀਪ ਸਿੰਘ ਜੀ ਦੇ ਸੀਸ ਅੱਗੇ ਖੜ੍ਹ ਕੇ ਬਾਬਾ ਸੁੱਖਾ ਸਿੰਘ ਨੇ ਕਿਹਾ ਕਿ "ਬਾਬਾ ਜੀ ਤੁਸੀਂ ਤਾਂ ਕਿਹਾ ਸੀ ਕਿ ਸ੍ਰੀ ਗੁਰੂ ਰਾਮ ਦਾਸ ਜੀ ਦੇ ਦਰ 'ਤੇ ਜਾ ਕੇ ਸ਼ਹੀਦੀ ਪਾਵਾਂਗਾ, ਸ੍ਰੀ ਦਰਬਾਰ ਸਾਹਿਬ ਅਜ਼ਾਦ ਕਰਾਵਾਂਗਾ, ਸਾਰੇ ਦੁਸ਼ਮਣ ਮਾਰ ਮੁਕਾਵਾਂਗਾ, ਪਰ ਬਾਬਾ ਜੀ ਇੱਥੇ ਹੀ ਭਾਣਾ ਵਰਤ ਗਿਆ।"

ਇਹ ਸੁਣ ਕੇ ਬਾਬਾ ਜੀ ਦਾ ਧੜ ਉੱਠ ਖੜ੍ਹ ਹੋਇਆ, ਬਾਬਾ ਜੀ ਨੇ ਖੱਬੇ ਹੱਥ ਆਪਣਾ ਸੀਸ ਅਤੇ ਸੱਜੇ ਹੱਥ ਨਾਲ 18 ਸੇਰ ਦਾ ਖੰਡਾ ਫੜ ਕੇ ਬਹੁਤ ਜੋਸ਼ ਨਾਲ਼ ਜ਼ਾਲਮਾਂ ਦਾ ਨਾਸ ਕਰਨਾ ਸ਼ੁਰੂ ਕਰ ਦਿੱਤਾ, ਦੁਸ਼ਮਣ ਫ਼ੌਜ ਐਨੀ ਡਰ ਗਈ ਕਿ ਉਹਨਾਂ ਦੇ ਹੱਥਾਂ 'ਚੋਂ ਤਲਵਾਰਾਂ ਛੁੱਟ ਗਈਆਂ, ਹੌਸਲੇ ਪਸਤ ਹੋ ਗਏ, ਪਸੀਨੇ ਛੁੱਟ ਗਏ ਕਿ ਲੱਥੇ ਸੀਸ ਤੋਂ ਵੀ ਸਿੰਘ ਲੜੀ ਜਾ ਰਹੇ ਹਨ।

ਨਗਾਰੇ, ਰਣ ਸਿੰਗੇ ਵਜਾਉਂਦਿਆਂ ਤੇ ਖ਼ਾਲਸਈ ਜੈਕਾਰੇ ਗਜਾਉਂਦਿਆਂ, ਪੂਰਾ ਦਮਦਾਰ ਯੁੱਧ ਲੜਦਿਆਂ, ਮੁਗ਼ਲ ਫ਼ੌਜਾਂ ਨੂੰ ਭਜਾ ਕੇ ਸਿੰਘ-ਸੂਰਮੇ ਬਾਬਾ ਦੀਪ ਸਿੰਘ ਦੀ ਅਗਵਾਈ 'ਚ ਸ੍ਰੀ ਦਰਬਾਰ ਸਾਹਿਬ ਪਹੁੰਚ ਗਏ ਤੇ ਇੱਥੇ ਪ੍ਰਕਰਮਾ 'ਚ ਬਾਬਾ ਜੀ ਨੇ ਸੀਸ ਭੇਟ ਕਰ ਕੇ 13 ਨਵੰਬਰ 1757 ਨੂੰ ਸ਼ਹੀਦੀ ਪ੍ਰਾਪਤ ਕੀਤੀ ਅਤੇ ਸੱਚਖੰਡ ਨੂੰ ਚਾਲੇ ਪਾਏ ਤੇ ਸਿੱਖਾਂ ਨੂੰ ਗੁਰਧਾਮਾਂ ਦੀ ਰਾਖੀ ਲਈ ਜੂਝਣ ਦੀ ਜਾਚ ਸਿਖਾਈ ਤੇ ਜੋਸ਼-ਜਜ਼ਬਾ ਪ੍ਰਚੰਡ ਕੀਤਾ।

ਇਸ ਤਰ੍ਹਾਂ ਦਮਦਮੀ ਟਕਸਾਲ ਅਤੇ ਤਰਨਾ ਦਲ ਮਿਸਲ ਸ਼ਹੀਦਾਂ ਦੇ ਮੁਖੀ ਜਥੇਦਾਰ ਬਾਬਾ ਦੀਪ ਸਿੰਘ ਜੀ ਨੇ ਸ੍ਰੀ ਦਰਬਾਰ ਸਾਹਿਬ ਦੀ ਪਵਿੱਤਰਤਾ ਅਤੇ ਮਰਯਾਦਾ ਬਹਾਲ ਕਰਵਾਈ ਤੇ ਧਰਮ ਲਈ ਆਪਣਾ ਸੀਸ ਵਾਰਿਆ। ਸ੍ਰੀ ਦਰਬਾਰ ਸਾਹਿਬ ਦੀ ਪ੍ਰਕਰਮਾ 'ਚ ਬਾਬਾ ਜੀ ਦੀ ਯਾਦ 'ਚ ਗੁਰਦੁਆਰਾ ਸਾਹਿਬ ਸੁਸ਼ੋਬਿਤ ਹੈ ਜਿਸ ਨੂੰ 'ਸ਼ਹੀਦ ਬੁੰਗਾ' ਵੀ ਕਿਹਾ ਜਾਂਦਾ ਹੈ। ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਸ਼ਸਤਰਾਂ ਦੇ ਹਰ ਰੋਜ਼ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਸ਼ਾਮ ਨੂੰ ਦਰਸ਼ਨ ਕਰਵਾਏ ਜਾਂਦੇ ਹਨ। ਬਾਬਾ ਜੀ ਦਾ ਜਿੱਥੇ ਸਸਕਾਰ ਹੋਇਆ ਉਥੇ ਹੁਣ ਗੁਰਦੁਆਰਾ ਸ਼ਹੀਦ ਗੰਜ ਸੁਸ਼ੋਭਿਤ ਹੈ ਜਿੱਥੇ ਹਜ਼ਾਰਾਂ ਸੰਗਤਾਂ ਰੋਜ਼ ਨਤਮਸਤਕ ਹੁੰਦੀਆਂ ਹਨ।



**- ਰਣਜੀਤ ਸਿੰਘ**
**ਦਮਦਮੀ ਟਕਸਾਲ**
**(ਪ੍ਰਧਾਨ ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ)**
**ਮੋ : 88722-93883.**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਮਰ ਸ਼ਹੀਦ ਭਾਈ ਸੁਰਿੰਦਰ ਸਿੰਘ ਸੋਢੀ ਦੀ

# 40ਵੇਂ ਸ਼ਹੀਦੀ ਦਿਹਾੜੇ ਤੇ ਦੇਸ਼ ਵਿਦੇਸ਼ਾਂ ਤੋਂ ਪਹੁੰਚੀਆਂ ਸੰਗਤਾਂ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ

## ☛ ਸ਼ਹੀਦ ਪਰਿਵਾਰਾਂ ਦਾ ਸਨਮਾਨ, ਖਾਲਿਸਤਾਨ ਦੀ ਅਜ਼ਾਦੀ ਤੱਕ ਸੰਘਰਸ ਜਾਰੀ ਰੱਖਣ ਦਾ ਐਲਾਨ ☛ ਜਲਾਵਤਨ ਪ੍ਰਧਾਨ ਮੰਤਰੀ ਸਮੇਤ ਮੁਠੱਡਾ, ਬੈਂਸ, ਚਹੇੜੂ, ਡੱਲੇਵਾਲ, ਗਿੱਲ, ਢਿੱਲੋਂ, ਵਾਲਸਾਲ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ


















**ਸਮੈਦਿਕ, 13 ਮਈ (ਆਵਾਜ਼ਿ ਕੌਮ ਬਿਊਰੋ)**-ਗੁਰੂ ਨਾਨਕ ਗੁਰਦਵਾਰਾ ਸਮੈਦਿਕ ਵਿੱਚ ਅਮਰ ਸ਼ਹੀਦ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਵਾਲਿਆਂ ਦੇ ਨਜਦੀਕੀ ਸਾਥੀ ਸ਼ਹੀਦ ਭਾਈ ਸੁਰਿੰਦਰ ਸਿੰਘ ਸੋਢੀ ਦੀ 40ਵੇਂ ਸ਼ਹੀਦੀ ਦਿਹਾੜੇ ਤੇ ਦੇਸ਼ ਵਿਦੇਸ਼ਾਂ ਤੋਂ ਹਜ਼ਾਰਾਂ ਸਿੱਖ ਸੰਗਤਾਂ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਗੁਰਦਵਾਰਾ ਪ੍ਰਬੰਧਕਾਂ ਦੇ ਸਹਿਯੋਗ ਨਾਲ ਖਾਲਿਸਤਾਨ ਦੀ ਅਜ਼ਾਦੀ ਲਈ ਜੂਝਦੇ ਸ਼ਹੀਦ ਹੋਏ ਸਿੱਖ ਪਰਿਵਾਰਾਂ ਨੂੰ ਵਿਸ਼ੇਸ਼ ਤੇਰ ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਿੱਖਸ ਫਾਰ ਜਸਟਿਸ ਦੇ ਭਾਈ ਦਪਿੰਦਰਜੀਤ ਸਿੰਘ ਨੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਸੰਨ 47 ਤੋਂ ਲੈ ਕੇ ਇਕ ਮਿਲੀਅਨ ਤੋਂ ਵੱਧ ਕੌਮ ਕਤਲ ਹੋਈ ਹੈ ਤੇ 1984 ਵਿੱਚ ਭਾਰਤੀ ਹੁਕਮਰਾਨ ਨੇ ਸਿੱਖ ਨਸਲਕੁਸੀ ਕੀਤੀ ਗਈ ਤੇ ਲਗਾਤਾਰ ਅੱਜ ਵੀ ਜਾਰੀ ਹੈ।ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਤੇ ਵਿਦੇਸਾਂ ਵਿੱਚ ਬਣੇ ਸਫਾਰਤਖਾਨਿਆ ਵਿੱਚ ਤੁਹਾਡੇ ਕਤਲ ਦੀਆਂ ਸਾਜਿਸ਼ਾਂ ਘੜੀਆਂ ਜਾਂਦੀਆਂ ਹਨ ਪਰ ਬਹੁਤਾਤ ਪ੍ਰਬੰਧਕ ਕਮੇਟੀਆਂ ਚੁੱਪੀ ਧਾਰ ਜਾਂਦੀਆਂ ਹਨ ਕਿਉ ਕਿ ਉਨ੍ਹਾਂ ਦੇ ਨਿੱਜੀ ਹਿੱਤ ਸਫਾਰਤਖਾਨਿਆ ਨਾਲ ਜੁੜੇ ਹੋਏ ਹਨ। ਉਹ ਖਾਲਿਸਤਾਨ ਝੰਡਿਆਂ ਨੂੰ ਰੋਕਣ ਦੀ ਥਾਂ ਸਿੱਖਾਂ ਦੇ ਕਾਤਲ ਮੋਦੀ, ਜੈ ਸ਼ੰਕਰ ਤੇ ਡਾਵੋਲ ਦੀਆਂ ਤਸਵੀਰਾਂ ਚੁੱਕਣ ਤੋਂ ਘਬਰਾਉਂਦੇ ਹਨ। ਉਨ੍ਹਾਂ ਕਿਹਾ ਕਿ ਕਨੇਡਾ ਵਿੱਚ ਭਾਈ ਹਰਦੀਪ ਸਿੰਘ ਨਿੱਜਰ ਦੇ ਕਤਲ ਬਾਰੇ ਕੈਨੇਡਾ ਨੇ ਪਾਰਲੀਮੈਂਟ ਵਿੱਚ ਖੜ ਕੇ ਸਾਰੀ ਦੁਨੀਆਂ ਨੂੰ ਦੱਸਿਆ ਗਿਆ ਕਿ ਨਿੱਜਰ ਦੇ ਕਤਲ ਪਿੱਛੇ ਭਾਰਤੀ ਏਜੰਟ ਨੇ ਅਮਰੀਕਾ ਕਹਿ ਰਿਹਾ ਕਿ ਭਾਰਤ ਸਰਕਾਰ ਵਿਦੇਸ਼ਾਂ ਵਿੱਚ ਕਤਲੇਆਮ ਕਰਵਾ ਰਹੀ ਹੈ ਅਤੇ ਅੰਬੈਸੀਆਂ ਵਾਲੇ ਸਰਕਾਰ ਦੇ ਕਰਿੰਦੇ ਗੁਰਦੁਆਰਿਆਂ ਵਿੱਚ ਖਾਲਿਸਤਾਨ ਕਾਰਕੁਨਾਂ ਨੂੰ ਰੋਕਣ ਲਈ ਪ੍ਰਬੰਧਕਾਂ ਨੂੰ ਫੋਨ ਕਰ ਕਰਕੇ ਧਮਕਾਉਂਦੇ ਤੇ ਡਰਾਉਂਦੇ ਹਨ ਪਰ ਇਸ ਸਟੇਜ ਤੇ ਹਮੇਸ਼ਾ ਮਨੁੱਖੀ ਹੱਕਾਂ ਨੂੰ ਤਰਜੀਹੀ ਦਿੱਤੀ ਗਈ ਹੈ। ਗੁਰੂ ਨਾਨਕ ਗੁਰਦਵਾਰਾ ਸਮੈਦਿਕ ਦੇ ਮੁੱਖ ਸੇਵਾਦਾਰ ਭਾਈ ਕੁਲਦੀਪ ਸਿੰਘ ਦਿਉਲ ਨੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਦੁਨੀਆਂ ਭਰ ਵਿੱਚ ਗੁਰਦੁਆਰਾ ਸਾਹਿਬ ਦੇ ਬਾਹਰ ਝੂਲਦੇ ਨਿਸ਼ਾਨ ਸਾਹਿਬ ਸਿੱਖ ਕੌਮ ਦੀ ਚੜਦੀ ਕਲਾ ਦਾ ਪ੍ਰਤੀਕ ਹਨ ਤੇ ਪੰਥ ਹਮੇਸ਼ਾ ਚੜ੍ਹਦੀ ਕਲਾ ਵਿੱਚ ਰਹੇਗਾ। ਉਨ੍ਹਾਂ ਕਿਹਾ ਕਿ ਸਮੇਂ ਸਮੇਂ ਦੀਆਂ ਸਰਕਾਰਾਂ ਨੇ ਖਾਲਸੇ ਨੂੰ ਖਤਮ ਕਰਨ ਦੇ ਮਨਸੂਬੇ ਰਚੇ ਜਾਂਦੇ ਰਹੇ ਹਨ ਤੇ ਖਾਲਸਾ ਨੇ ਹਮੇਸ਼ਾ ਚੜ੍ਹਦੀ ਕਲਾ ‘ਚ ਰਹਿ ਕੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਹੈ। ਇਸ ਮੌਕੇ ਸ਼ਹੀਦ ਭਾਈ ਸੁਰਿੰਦਰ ਸਿੰਘ ਸੋਢੀ ਦੇ ਪਰਿਵਾਰ ਵੱਲੋਂ ਸ਼ਹੀਦ ਸੋਢੀ ਦੀ 40ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅਰੰਭ ਕਰਵਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਤੇ ਅਰਦਾਸ ਉਪਰੰਤ ਗਿਆਨੀ ਰਵੇਲ ਸਿੰਘ ਦਰਬਾਰ ਸਾਹਿਬ ਅੰਮ੍ਰਿਤਸਰ , ਸਾਹਿਬ ਸਿੰਘ ਚੋਲਾ ਸਾਹਿਬ, ਕਥਾ, ਵਿਰਾਗ ਮਈ ਕੀਰਤਨ ਤੇ ਚੜ੍ਹਦੀ ਕਲਾ ਲਈ ਢਾਡੀ ਵਾਰਾਂ, ਕਵੀਸ਼ਰੀਆਂ ਗਾਈਆਂ ਗਈਆਂ। ਇਸ ਮੌਕੇ ਸਿੱਖ ਫੈਡਰੇਸਨ ਦੇ ਸੀਨੀਅਰ ਆਗੂ ਭਾਈ ਕੁਲਵੰਤ ਸਿੰਘ ਮੁਠੱਡਾ ਨੇ ਕਿਹਾ ਕਿ ਸਿੱਖ ਰਾਜ ਖਾਲਿਸਤਾਨ ਦੀ ਅਜ਼ਾਦੀ ਤੱਕ ਸੰਘਰਸ ਜਾਰੀ ਰੱਖਣ ਦਾ ਐਲਾਨ ਕੀਤਾ ਗਿਆ। ਐਫ ਐਸ਼ ਓ ਦੇ ਕੋਆਡੀਨੇਟਰ ਭਾਈ ਲਵਸਿੰਦਰ ਸਿੰਘ ਡੱਲੇਵਾਲ ਨੇ ਲੱਚਰ ਗਾਇਕ ਅਮਰ ਚਮਕੀਲਾ ਦੇ ਵਿਰੋਧ ਤੇ ਸੋਧਾਂ ਲਾਉਣ ਵਾਲਿਆਂ ਦੇ ਹੱਕ ਵਿੱਚ ਹੱਥ ਖੜੇ ਕਰਕੇ ਮਤਾ ਪਾਸ ਕੀਤਾ ਗਿਆ। ਭਾਈ ਰਘਵੀਰ ਸਿੰਘ ਵਾਲਸਾਲ ਇੰਟਰਨੈਸ਼ਨਲ ਪੰਥਕ ਦਲ ਨੇ ਪੰਜਾਬ ਵਿੱਚ ਲੋਕ ਸਭਾ ਚੋਣਾਂ ਵਿੱਚ ਖਡੂਰ ਸਾਹਿਬ ਤੋਂ ਪੰਥਕ ਉਮੀਦਵਾਰ ਭਾਈ ਅੰਮ੍ਰਿਤਪਾਲ ਸਿੰਘ, ਫਰੀਦਕੋਟ ਤੋ ਭਾਈ ਸਰਬਜੀਤ ਸਿੰਘ ਮਲੋਆ ਤੇ ਸੰਗਰੂਰ ਤੋਂ ਭਾਈ ਸਿਮਰਨਜੀਤ ਸਿੰਘ ਮਾਨ ਦੇ ਹੱਕ ਵਿੱਚ ਵੋਟਾਂ ਪਾਉਣ ਤੇ ਪੂਰਨ ਸਹਿਯੋਗ ਦੀ ਅਪੀਲ ਕੀਤੀ ਗਈ। ਇਸ ਮੌਕੇ ਸ਼ਹੀਦ ਭਾਈ ਸੁਰਿੰਦਰ ਸਿੰਘ ਸੋਢੀ ਦੇ ਭੈਣ ਬੀਬੀ ਗੁਰਵਿੰਦਰ ਕੋਰ ਨੇ ਖਾਲਿਸਤਾਨ ਕਮਾਂਡੋ ਫੋਰਸ ਦੇ ਪਹਿਲੇ ਜਰਨੈਲ ਸ਼ਹੀਦ ਭਾਈ ਮਨਵੀਰ ਸਿੰਘ ਦੀ ਧਰਮ ਪਤਨੀ ਬੀਬੀ ਰਣਜੀਤ ਕੌਰ, ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਦੀ ਭੈਣਾਂ ਬੀਬੀ ਬਲਜੀਤ ਕੋਰ, ਭਾਈ ਅਮਰਜੀਤ ਸਿੰਘ ਸ਼ਿਹਜ਼ਾਦਾ ਬੱਬਰ ਦੀ ਭੈਣ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਖਾਲਿਸਤਾਨ ਜਲਾਵਤਨ ਸਰਕਾਰ ਦੇ ਪ੍ਰਧਾਨ ਮੰਤਰੀ ਸ ਗੁਰਮੇਜ ਸਿੰਘ ਗਿੱਲ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸ ਜਸਪਾਲ ਸਿੰਘ ਬੈਂਸ, ਸ ਸਰਬਜੀਤ ਸਿੰਘ, ਵਰਲਡ ਸਿੱਖ ਪਾਰਲੀਮੈਂਟ ਮਨਪ੍ਰੀਤ ਸਿੰਘ ਡਰਬੀ, ਭਾਈ ਕੁਲਦੀਪ ਸਿੰਘ ਚਹੇੜੂ, ਭਾਈ ਜੋਗਾ ਸਿੰਘ, ਸ ਜੱਸ ਸਿੰਘ ਡਰਬੀ, ਸਿੱਖਸ ਫਾਰ ਜਸਟਿਸ ਦੇ ਸ ਗੁਰਪ੍ਰੀਤ ਸਿੰਘ ਸਾਊਥਾਲ, ਬਲਵਿੰਦਰ ਸਿੰਘ ਢਿੱਲੋ ਨੇ ਸ਼ਹੀਦੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ••


### ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ

# ਬਿਰਧ ਆਸ਼ਰਮ ਵਿਖੇ ਮਨਾਇਆ ਮਾਤਾ ਦਿਵਸ

ਫ਼ਿਰੋਜ਼ਪੁਰ, 13 ਮਈ (ਮਨੋਹਰ ਲਾਲ) :— ਸਮਾਜ ਸੇਵੀ ਕਾਰਜ ਕਰਦੀ ਆ ਰਹੀ ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਫ਼ਿਰੋਜ਼ਪੁਰ ਦੁਆਰਾ ਡਾ: ਦੀਵਾਨ ਚੰਦ ਸੁਖੀਜਾ ਚੇਅਰਮੈਨ ਦੀ ਅਗਵਾਈ ਹੇਠ ਰਾਮ ਬਾਗ ਬਿਰਧ ਆਸ਼ਰਮ ਵਿਖੇ ਮਨਾਇਆ ਮਦਰਜ਼ ਡੇ ਇਸ ਮੌਕੇ ਡਾ: ਸੁਖੀਜਾ ਨੇ ਮਾਤਾ ਦੇ ਚਰਿੱਤਰ ਤੇ ਵਿਚਾਰਾਂ ਕਰਦਿਆਂ ਕਿਹਾ ਕਿ ਮਨੁੱਖ ਆਪਣੀ ਮਾਂ ਦੀਆਂ ਦਿੱਤੀਆਂ ਕੁਰਬਾਨੀਆਂ ਦਾ ਦੇਣ ਨਹੀਂ ਦੇ ਸਕਦਾ। ਮਾਂ ਵੱਲੋਂ ਬੱਚੇ ਦੇ ਜਨਮ ਤੋਂ ਲੈ ਕੇ ਉਸ ਦੇ ਪਾਲਣ—ਪੋਸ਼ਣ ਉਪਰੰਤ ਕੁਝ ਬਨਣ ਤੱਕ ਪਾਏ ਜਾਂਦੇ ਯੋਗਦਾਨ ਤੇ ਵਿਚਾਰਾਂ ਕਰਕੇ ਡਾ: ਸੁਖੀਜਾ ਨੇ ਕਿਹਾ ਕਿ ਮਾਂ ਹਮੇਸ਼ਾ ਆਪਣੇ ਬੱਚੇ ਦੀ ਤਰੱਕੀ ਉਨਤੀ ਲਈ ਕੋਸ਼ਿਸ਼ਾਂ ਕਰਦੀ ਰਹਿੰਦੀ ਹੈ। ਇਸ ਮੌਕੇ ਸਰੋਜ਼ ਸਹਿਗਲ ਸੇਵਾਮੁਕਤ ਪ੍ਰਿੰਸੀਪਲ ਹਿੰਦੂ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਫ਼ਿਰੋਜ਼ਪੁਰ ਸ਼ਹਿਰ ਨੇ ਸੰਦੇਸ਼ ਭੇਜਦਿਆਂ ਮਾਂ ਸ਼ਬਦ ਦੀ ਪਰਿਭਾਸ਼ਾ ਦਾ ਜ਼ਿਕਰ ਕੀਤਾ। ਇਸ ਮੌਕੇ ਪਰਵੀਨ ਧਵਨ ਜਨਰਲ ਸਕੱਤਰ ਮਨੁੱਖ ਦੇ ਜੀਵਨ ਵਿਚ ਮਾਂ ਦੁਆਰਾ ਪਾਏ ਯੋਗਦਾਨ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਸੁਸਾਇਟੀ ਆਗੂਆਂ ਵੱਲੋਂ ਬਿਰਧ ਆਸ਼ਰਮ ਦੇ ਵਸਨੀਕਾਂ ਨੂੰ ਸਨਮਾਨਿਤ ਕੀਤਾ ਅਤੇ ਉਨ੍ਹਾਂ ਦੀ ਲੰਮੀ ਉਮਰ ਦੀ ਕਾਮਨਾ ਕੀਤੀ। ਇਸ ਮੌਕੇ ਹਰੀਸ਼ ਗੋਇਲ, ਯਸ਼ਪਾਲ ਸ਼ਰਮਾ, ਜਤਿੰਦਰ ਨਰੂਲਾ, ਕੇ.ਐਲ ਗੁਲਾਟੀ, ਅਮਰਨਾਥ ਗੁਪਤਾ ਆਦਿ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

### ਚੋਣਾਂ ਸਬੰਧੀ ਫੈਡਰੇਸ਼ਨ ਮਹਿਤਾ ਦੀ ਹੋਈ ਅਹਿਮ ਮੀਟਿੰਗ

# ਸ਼੍ਰੋਮਣੀ ਅਕਾਲੀ ਦਲ ਨੂੰ ਖਡੂਰ ਸਾਹਿਬ ਸੀਟ ਲਈ ਮੁੜ ਤੋਂ ਵਿਚਾਰ ਕਰਨ ਦੀ ਅਪੀਲ—ਭਾਈ ਜ਼ਸਪਾਲ ਸਿੰਘ



**ਸਭ ਧਰਮਾਂ ਦਾ ਬਰਾਬਰ ਸਤਿਕਾਰ ਕਰਨ ਵਾਲੇ ਆਗੂਆਂ ਨੂੰ ਹੀ ਜਿਤਾਇਆ ਜਾਵੇ—ਆਗੂ**

ਫ਼ਿਰੋਜ਼ਪੁਰ, 13 ਮਈ (ਮਨੋਹਰ ਲਾਲ) :— ਪੰਜਾਬ ਵਿਚ ਇਕ ਜੂਨ ਨੂੰ ਹੋ ਰਹੀਆਂ ਲੋਕ ਸਭਾ ਦੀਆਂ ਚੋਣਾਂ ਨੂੰ ਲੈ ਕੇ ਮੈਦਾਨ ਕਾਫੀ ਭਖ ਚੁੱਕਾ ਹੈ ਅਤੇ ਹਰੇਕ ਪਾਰਟੀ ਅਤੇ ਉਸਦੇ ਵਰਕਰ ਆਪਣੇ ਪਸੰਦ ਦੇ ਉਮੀਦਵਾਰ ਨੂੰ ਜਿਤਾਉਣ ਲਈ ਹਰ ਤਰ੍ਹਾਂ ਦੇ ਉਪਰਾਲੇ ਕਰ ਰਹੇ ਹਨ। ਇਸੇ ਹੀ ਕੜੀ ਤਹਿਤ ਧਾਰਮਿਕ ਅਤੇ ਸਮਾਜ ਸੇਵਾ ਦੇ ਖੇਤਰ ਵਿਚ ਆਪਣੀ ਨਿਵੇਕਲੀ ਪਹਿਚਾਣ ਬਣਾਈ ਬੈਠੀ ਸੰਸਥਾ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਜਿਸ ਦਾ ਇਲਾਕੇ ਵਿਚ ਕਾਫੀ ਪ੍ਰਭਾਵ ਸਮਝਿਆ ਜਾਂਦਾ ਹੈ, ਵੱਲੋਂ ਵੀ ਅੱਜ ਚੋਣਾਂ ਸਬੰਧੀ ਇਕ ਮੀਟਿੰਗ ਕਰਕੇ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਉਪਰੰਤ ਗੱਲਬਾਤ ਕਰਦਿਆਂ ਫੈਡਰੇਸ਼ਨ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜ਼ਸਪਾਲ ਸਿੰਘ, ਕੌਮੀ ਮੀਤ ਪ੍ਰਧਾਨ ਭਾਈ ਸੁਖਦੇਵ ਸਿੰਘ ਲਾਡਾ ਤੇ ਸਾਥੀਆਂ ਨੇ ਪੰਜਾਬ ਦੀ ਮੌਜੂਦਾ ਸਥਿਤੀ ਬਾਰੇ ਕਿਹਾ ਕਿ ਅੱਜ ਪੰਜਾਬ ਰਾਜ ਦੀ ਸਥਿਤੀ ਡਾਵਾਂਡੋਲ ਹੋ ਚੁੱਕੀ ਹੈ ਅਤੇ ਕੋਈ ਵੀ ਵਿਅਕਤੀ ਆਪਣੇ—ਆਪ ਨੂੰ ਸੁਰੱਖਿਅਤ ਨਹੀਂ ਸਮਝ ਰਿਹਾ, ਇਸ ਲਈ ਇਨ੍ਹਾਂ ਚੋਣਾਂ ਵਿਚ ਬੇਦਾਗ ਅਤੇ ਸਭ ਵਰਗਾਂ ਨੂੰ ਬਰਾਬਰ ਦਾ ਸਤਿਕਾਰ ਦੇਣ ਵਾਲੇ ਉਮੀਦਵਾਰਾਂ ਨੂੰ ਜਿਤਾਉਣ ਦੀ ਲੋੜ ਹੈ। ਆਗੂਆਂ ਨੇ ਸ਼੍ਰੋਮਣੀ ਅਕਾਲੀ ਦਲ ਅਤੇ ਹੋਰ ਪੰਥਕ ਵਿਚਾਰਧਾਰਾ ਰੱਖਣ ਵਾਲੀਆਂ ਪਾਰਟੀਆਂ ਨੂੰ ਕੀਤੀ ਕਿ ਉਹ ਖਡੂਰ ਸਾਹਿਬ ਹਲਕੇ ਦੀ ਸੀਟ ਬਾਰੇ ਮੁੜ ਤੋਂ ਵਿਚਾਰ ਕਰਕੇ ਸੰਗਤਾਂ ਦੀਆਂ ਭਾਵਨਾਵਾਂ ਨੂੰ ਸਮਝਦੇ ਹੋਏ ਭਾਈ ਅੰਮ੍ਰਿਤਪਾਲ ਸਿੰਘ ਦੀ ਖੁੱਲੀ ਹਮਾਇਤ ਦਾ ਐਲਾਨ ਕਰਨ। ਉਕਤ ਆਗੂਆਂ ਨੇ ਕਿਹਾ ਕਿ ਸਬੰਧਤ ਸਰਕਾਰਾਂ ਨੇ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਸਦੇ ਸਾਥੀਆਂ ਨਾਲ ਘੋਰ ਬੇਇਨਸਾਫੀ ਕਰਕੇ ਉਸ ਉਪਰ ਐਨ.ਐਸ.ਏ ਲਗਾ ਕੇ ਉਨ੍ਹਾਂ ਨੂੰ ਆਸਾਮ ਦੀ ਡਿਬਰੂਗੜ੍ਹ ਜੇਲ੍ਹ ਵਿਚ ਜ਼ੋ ਭੇਜਿਆ ਹੈ, ਉਨ੍ਹਾਂ ਨਾਲ ਘੋਰ ਅਨਿਆ ਹੈ, ਇਸ ਲਈ ਇਨ੍ਹਾਂ ਜ਼ੁਰਮਾਂ ਵਿਰੁੱਧ ਆਵਾਜ਼ ਉਠਾਉਣ ਵਾਲੇ ਹੀ ਉਮੀਦਵਾਰ ਵੋਟ ਦੇ ਸਹੀ ਹੱਕਦਾਰ ਹਨ। ਇਸ ਸਮੇਂ ਭਾਈ ਜ਼ਸਪਾਲ ਸਿੰਘ, ਸੁਖਦੇਵ ਸਿੰਘ ਲਾਡਾ, ਜਰਨੈਲ ਸਿੰਘ ਗਾਬੜੀਆ, ਡਾ: ਗੁਰਮੀਤ ਸਿੰਘ, ਜ਼ਸਬੀਰ ਸਿੰਘ ਤੇਗਾ ਸਿੰਘ ਵਾਲਾ, ਗੁਰਦਰਸ਼ਨ ਸਿੰਘ ਬੱਬੀ, ਕੁਲਦੀਪ ਸਿੰਘ ਲੋਕੋ, ਪਰਮਬੀਰ ਸਿੰਘ ਸੋਢੀ, ਕੁਲਦੀਪ ਸਿੰਘ ਨੰਢਾ, ਜ਼ਸਬੀਰ ਸਿੰਘ ਜੱਸ, ਮਿਹਰ ਸਿੰਘ ਜ਼ੋਸਨ, ਅਵਤਾਰ ਸਿੰਘ ਜ਼ੋਸਨ, ਨਿਰਮਲ ਸਿੰਘ ਸਮੇਤ ਹੋਰ ਦਰਜਨਾਂ ਵਰਕਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਆਲ ਇੰਡੀਆ ਅਗਰਵਾਲ ਮਹਿਲਾ ਸੰਮੇਲਨ ਨੇ

# ਸਕੂਲੀ ਬੱਚਿਆਂ ਨੂੰ ਵੰਡੀ ਸਟੇਸ਼ਨਰੀ






ਫ਼ਿਰੋਜ਼ਪੁਰ, 13 ਮਈ (ਮਨੋਹਰ ਲਾਲ) :— ਡੀ.ਏ.ਵੀ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਫ਼ਿਰੋਜ਼ਪੁਰ ਛਾਉਣੀ ਵਿਖੇ ਆਲ ਇੰਡੀਆ ਅਗਰਵਾਲ ਮਹਿਲਾ ਸੰਮੇਲਨ ਫ਼ਿਰੋਜ਼ਪੁਰ ਛਾਉਣੀ ਨੇ ਪੜਣ ਵਾਲੇ ਵਿਦਿਆਰਥੀਆਂ ਨੂੰ ਵੰਡੀ ਸਟੇਸ਼ਨਰੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੱਤਰ ਗੀਤਿਕਾ ਗੋਇਲ ਨੇ ਦੱਸਿਆ ਕਿ ਪ੍ਰੋਗਰਾਮ ਦੇ ਮੁੱਖ ਮਹਿਮਾਨ ਸੀ.ਏ ਵਰਿੰਦਰ ਮੋਹਨ ਸਿੰਘਲ ਦੀ ਧਰਮ ਪਤਨੀ ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਦੇ ਚੇਅਰਮੈਨ ਸ਼੍ਰੀਮਤੀ ਮੀਨਾਕਸ਼ੀ ਸਿੰਘਲ ਸਨ। ਇਸ ਮੌਕੇ ਸੰਸਥਾ ਵੱਲੋਂ 400 ਦੇ ਕਰੀਬ ਬੱਚਿਆਂ ਨੂੰ ਕਾਪੀਆਂ, ਪੈਨਸਿਲਾਂ, ਇਰੇਜ਼ਰ ਅਤੇ ਸਟੇਸ਼ਨਰੀ ਵੰਡੇ ਗਏ। ਇਸ ਮੌਕੇ ਮੁੱਖ ਮਹਿਮਾਨ ਦਾ ਅਗਰਵਾਲ ਮਹਿਲਾ ਮੰਡਲ ਦੀ ਮੁਖੀ ਅਨੂ ਗਰਗ ਅਤੇ ਉਨ੍ਹਾਂ ਦੇ ਮੈਂਬਰਾਂ ਵੱਲੋਂ ਗੁਲਦਸਤਾ ਦੇ ਕੇ ਸਵਾਗਤ ਕੀਤਾ ਗਿਆ। ਇਸ ਮੌਕੇ ਆਲ ਇੰਡੀਆ ਅਗਰਵਾਲ ਮਹਿਲਾ ਸੰਮੇਲਨ ਫ਼ਿਰੋਜ਼ਪੁਰ ਛਾਉਣੀ ਦੇ ਮੈਂਬਰਾਂ ਨੇ ਮੁੱਖ ਮਹਿਮਾਨ ਦੇ ਹੱਥੋਂ ਬੱਚਿਆਂ ਨੂੰ ਸਨਮਾਨ ਚਿੰਨ੍ਹ ਤਕਸੀਮ ਕੀਤੇ ਅਤੇ ਭਵਿੱਖ ਵਿੱਚ ਵੀ ਸਹਿਯੋਗ ਦੇਣ ਦਾ ਵਾਅਦਾ ਕੀਤਾ। ਇਸ ਮੌਕੇ ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਦੇ ਚੇਅਰਮੈਨ ਸ਼੍ਰੀਮਤੀ ਮੀਨਾਕਸ਼ੀ ਸਿੰਘਲ ਨੇ ਕਿਹਾ ਕਿ ਦੁਨੀਆ ਦੇ ਸਾਰੇ ਧਰਮ ਗ੍ਰੰਥਾਂ ਵਿੱਚ ਇਹ ਸਿੱਖਿਆ ਦਿੱਤੀ ਗਈ ਹੈ ਕਿ ਮਨੁੱਖ ਨੂੰ ਹਮੇਸ਼ਾ ਸਮਾਜ ਦੀ ਸੇਵਾ ਕਰਦੇ ਰਹਿਣਾ ਚਾਹੀਦਾ ਹੈ, ਜੇਕਰ ਕਿਸੇ ਵਿਅਕਤੀ ਕੋਲ ਜਿਉਣ ਲਈ ਲੋੜ ਤੋਂ ਵੱਧ ਪੈਸਾ ਅਤੇ ਸਾਧਨ ਹਨ, ਤਾਂ ਉਸ ਨੂੰ ਜ਼ਰੂਰ ਦੂਜਿਆਂ ਦੀ ਮਦਦ ਕਰਨੀ ਚਾਹੀਦੀ ਹੈ। ਇਸ ਪ੍ਰੋਗਰਾਮ ਵਿੱਚ ਸਕੂਲ ਪ੍ਰਿੰਸੀਪਲ ਸ੍ਰੀਮਤੀ ਨੀਰੂ ਗੁਪਤਾ ਦਾ ਵਿਸ਼ੇਸ਼ ਯੋਗਦਾਨ ਰਿਹਾ ਅਤੇ ਮਹਿਲਾ ਮੰਡਲ ਨੇ ਉਨ੍ਹਾਂ ਨੂੰ ਆਪਣਾ ਮੈਂਬਰ ਬਣਾਇਆ। ਇਸ ਮੌਕੇ ਸਰਪ੍ਰਸਤ ਸਵਿਤਾ ਗੋਇਲ, ਕੈਸ਼ੀਅਰ ਉਰਮਿਲਾ ਗੋਇਲ, ਉਪ ਪ੍ਰਧਾਨ ਕੋਮਲ ਕਾਂਸਲ, ਅੰਸ਼ਿਕਾ ਗੋਇਲ, ਦੀਪਾ ਗੋਇਲ, ਪ੍ਰੋਮਿਲਾ ਗੋਇਲ, ਨੀਲਮ ਗੁਪਤਾ, ਸ਼ਿਖਾ ਗੁਪਤਾ, ਕੁਮੁਦ ਗੁਪਤਾ ਅਤੇ ਕਾਨਫਰੰਸ ਪ੍ਰਧਾਨ ਅਸ਼ੋਕ ਗੁਪਤਾ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਕਿਸਾਨ ਯੂਨੀਅਨ ਏਕਤਾ ਡਕੌਂਦਾ ਨੇ ਸਰਕਾਰਾਂ ਦਾ ਫੂਕਿਆ ਪੂਤਲਾ



ਫ਼ਿਰੋਜ਼ਪੁਰ, 13 ਮਈ (ਮਨੋਹਰ ਲਾਲ) :— ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਬਲਾਕ ਮਮਦੋਟ ਜ਼ਿਲ੍ਹਾ ਫ਼ਿਰੋਜ਼ਪੁਰ ਦੀ ਹੰਗਾਮੀ ਮੀਟਿੰਗ ਹੋਈ। ਇਸ ਮੀਟਿੰਗ ਦੀ ਅਗਵਾਈ ਜ਼ਿਲਾ ਪ੍ਰਧਾਨ ਜਗੀਰ ਸਿੰਘ ਖਹਿਰਾ ਅਤੇ ਜ਼ਿਲਾ ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ ਕੜਮਾ ਦੀ ਅਗਵਾਈ ਹੇਠ ਭਾਜਪਾ ਸਰਕਾਰ ਅਤੇ ਪੰਜਾਬ ਸਰਕਾਰ ਦਾ ਪੁਤਲਾ ਅਨਾਜ ਮੰਡੀ ਮਮਦੋਟ ਵਿਖੇ ਫੂਕਿਆ ਗਿਆ। ਇਸ ਮੌਕੇ ਬੋਲਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੂਰੀ ਤਰ੍ਹਾਂ ਭਾਜਪਾ ਦੀ ਪਿੱਠ ਉਪਰ ਖੜੀ ਹੈ, ਥਾਂ—ਥਾਂ ਤੇ ਕਿਸਾਨਾਂ ਨੂੰ ਭਾਜਪਾ ਦਾ ਵਿਰੋਧ ਕਰਨ ਤੋਂ ਰੋਕਿਆ ਜਾ ਰਿਹਾ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੂੰ ਵੀ ਇਸ ਲਈ ਗ੍ਰਿਫਤਾਰ ਕੀਤਾ ਗਿਆ ਹੈ ਤਾਂ ਕਿ ਕਿਸਾਨਾਂ ਵੱਲੋਂ ਕੀਤੇ ਜਾ ਰਹੇ ਭਾਜਪਾ ਦੇ ਵਿਰੋਧ ਨੂੰ ਰੋਕਿਆ ਜਾ ਸਕੇ, ਜਿਸ ਦੀ ਜਥੇਬੰਦੀ ਵੱਲੋਂ ਇਸ ਸਾਰੀ ਕਾਰਵਾਈ ਦੀ ਸਖਤ ਸ਼ਬਦਾਂ ਵਿਚ ਨਿੰਦਾ ਕੀਤੀ ਗਈ ਅਤੇ ਜਥੇਬੰਦੀ ਵੱਲੋਂ ਇਹ ਮੰਗ ਕੀਤੀ ਗਈ ਹੈ ਕਿ ਸਾਡੇ ਆਗੂ ਨੂੰ ਬਿਨਾ ਕਿਸੇ ਸ਼ਰਤ ਤੋਂ ਰਿਹਾਅ ਕੀਤਾ ਜਾਏ ਨਹੀਂ ਤਾ ਪੂਰੇ ਪੰਜਾਬ ਵਿੱਚ ਤਿੱਖਾ ਸੰਘਰਸ਼ ਕੀਤਾ ਜਾਵੇਗਾ, ਇਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਪੁਲਸ ਪ੍ਰਸ਼ਾਸ਼ਨ ਦੀ ਹੋਏਗੀ। ਇਸ ਮੌਕੇ ਜ਼ਿਲਾ ਪ੍ਰੈਸ ਸਕੱਤਰ ਲਖਵੀਰ ਸਿੰਘ ਡੋਡ, ਬਲਾਕ ਪ੍ਰਧਾਨ ਮਮਦੋਟ ਬਲਕਾਰ ਸਿੰਘ ਜੋਧਪੁਰ, ਹਰਬੰਸ ਸਿੰਘ ਜੋਧਪੁਰ, ਜੁਗਰਾਜ ਸਿੰਘ ਗੱਟੀ, ਜਸਪਾਲ ਸਿੰਘ, ਸੋਨੂੰ ਉਪਲ, ਮੇਜਰ ਸਿੰਘ ਚੰਦੀ, ਗੁਰਪ੍ਰੀਤ ਸਿੰਘ ਗੱਟੀ, ਸਰਦੂਲ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ ਸਾਹਿਬ ਸ੍ਰੀ ਗੁਰੂ ਅੰਗਦ ਦੇਵ ਮਹਾਰਾਜ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਗਿਆ



ਫ਼ਿਰੋਜ਼ਪੁਰ, 13 ਮਈ (ਮਨੋਹਰ ਲਾਲ) :— ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ ਸਾਹਿਬ ਸ੍ਰੀ ਗੁਰੂ ਅੰਗਦ ਦੇਵ ਮਹਾਰਾਜ ਦਾ ਪ੍ਰਕਾਸ਼ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਸ਼ਬਦ ਕੀਰਤਨ ਕਵਿਤਾਵਾਂ ਕਵੀਸ਼ਰੀ ਅਤੇ ਧਾਰਮਿਕ ਗੀਤ ਪੇਸ਼ ਕੀਤੇ ਗਏ। ਇਸ ਮੌਕੇ ਮਾਸਟਰ ਬਲਰਾਜ ਸਿੰਘ ਨੇ ਸਾਹਿਬ ਸ੍ਰੀ ਗੁਰੂ ਅੰਗਦ ਦੇਵ ਮਹਾਰਾਜ ਦੇ ਜੀਵਨ ਬਾਰੇ ਸੰਖੇਪ ਵਿਦਿਆਰਥੀਆਂ ਨੂੰ ਜਾਣੂ ਕਰਾਇਆ ਗਿਆ। ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਨੇ ਸਮੁੱਚੇ ਸਟਾਫ ਅਤੇ ਸਾਰੇ ਵਿਦਿਆਰਥੀਆਂ ਨੂੰ ਮੁਬਾਰਕਾਂ ਦਿੱਤੀਆਂ। ਇਸ ਮੌਕੇ ਮੈਡਮ ਰਜਨੀ ਬਾਲਾ, ਮੈਡਮ ਮੰਜੂ, ਮਾਸਟਰ ਬਲਰਾਜ ਸਿੰਘ ਅਤੇ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

## ਵਿਸ਼ਵ ਮਾਤਾ ਦਿਵਸ ਤੇ ਸਕੂਲ ਵਿਚ ਕਰਵਾਇਆ ਸਮਾਗਮ

ਫ਼ਿਰੋਜ਼ਪੁਰ, 13 ਮਈ (ਮਨੋਹਰ ਲਾਲ) :— ਅੱਜ ਸਕੂਲ ਵਿਚ ਬੱਚਿਆਂ, ਮਾਪਿਆਂ ਤੇ ਅਧਿਆਪਕਾਂ ਦੇ ਸਹਿਯੋਗ ਨਾਲ ਮਾਤਾ ਦਿਵਸ ਮਨਾਇਆ ਗਿਆ, ਜਿਸ ਵਿਚ ਸ੍ਰੀ ਪੀ.ਸੀ ਕੁਮਾਰ ਉੱਘੇ ਸਮਾਜ ਸੇਵਕ ਸੀਨੀਅਰ ਸਿਟੀਜਨ ਸੇਵਾ ਮੁਕਤ ਮਾਸ ਮੀਡੀਆ ਅਫਸਰ, ਸਿਹਤ ਵਿਭਾਗ ਜ਼ਿਲ੍ਹਾ ਫ਼ਿਰੋਜ਼ਪੁਰ, ਐਨ.ਜੀ.ਓ ਕੋਆਰਡੀਨੇਸ਼ਨ ਕਮੇਟੀ ਸਮਾਜ ਸੇਵਾ ਸੰਸਥਾ ਦੇ ਮੁੱਖ ਕਾਰਜਕਰਤਾ ਪਹਿਲਾਂ ਦੀ ਤਰ੍ਹਾਂ ਸਕੂਲ ਵਿਚ ਪਹੁੰਚੇ, ਜਿਨ੍ਹਾਂ ਨੇ ਬੱਚਿਆਂ ਨੂੰ ਜਿਥੇ ਨੈਤਿਕਤਾ ਦਾ ਪਾਠ ਪੜ੍ਹਾਇਆ, ਉਥੇ ਮੌਸਮੀ ਬਿਮਾਰੀਆਂ ਮਲੇਰੀਆ, ਡੇਂਗੂ, ਟਾਈਫਾਈਡ, ਚਮੜੀ ਆਦਿ ਦੀਆਂ ਸਰੀਰਕ ਬਿਮਾਰੀਆਂ, ਮਾਨਸਿਕ ਪ੍ਰੇਸ਼ਾਨੀਆਂ, ਸਮਾਜਿਕ ਕੁਰੀਤੀਆਂ, ਜਿਨ੍ਹਾਂ ਸਦਕਾ ਅੱਜ ਪਰਿਵਾਰ, ਸਮਾਜ, ਦੇਸ਼ ਪਤਨ ਵੱਲ ਜਾ ਰਿਹਾ ਹੈ, ਉਸ ਬਾਰੇ ਜਾਗਰੂਕ ਕਰਦੇ ਹੋਏ ਵਿਸ਼ਵ ਮਾਤਰੀ ਦਿਵਸ ਬਾਰੇ ਬੱਚਿਆਂ ਨੂੰ ਸਵੇਰੇ ਉਠਣਾ, ਰੱਬ ਦਾ ਨਾਮ ਲੈਣਾ, ਮਾਤਾ—ਪਿਤਾ ਤੇ ਵੱਡਿਆਂ ਨੂੰ ਪ੍ਰਣਾਮ ਕਰਨਾ, ਰੋਜ਼ ਸਕੂਲ ਆਉਣਾ, ਸਮੇਂ ਤੇ ਆਉਣਾ ਅਤੇ ਅਧਿਆਪਕਾਂ ਨੂੰ ਪ੍ਰਣਾਮ ਕਰਨਾ, ਜ਼ੋ ਬੱਚੇ ਘਰ ਵਿਚ ਵਧੀਆ, ਸਕੂਲ ਵਿਚ ਹੋਣਹਾਰ ਵਿਦਿਆਰਥੀ ਅਤੇ ਸਮਾਜ ਵਿਚ ਚੰਗਾ ਸ਼ਹਿਰੀ ਬਨਣ ਵਿਚ ਇਹ ਸਾਰੇ ਗੁਣ ਅਸੀਂ ਮਾਂ—ਪਿਓ, ਅਧਿਆਪਕਾਂ ਤੋਂ ਗ੍ਰਹਿਣ ਕਰਕੇ ਅਸੀਂ ਸਹੀ ਮਾਇਨੇਆਂ ਵਿਚ ਮਾਤਾ ਦੇ ਭਗਤ ਬਣ ਕੇ ਚੰਗੇ ਸਮਾਜ ਦੀ ਸਿਰਜਣਾ ਕਰ ਸਕਦੇ ਹਾਂ। ਅਖੀਰ ਵਿਚ ਮੁੱਖ ਅਧਿਆਪਕਾ ਸ੍ਰੀਮਤੀ ਸੀਤਾ ਰਾਣੀ ਨੇ ਸਕੂਲ ਕੈਂਪਸ ਵਿਚ ਆਏ ਮੁੱਖ ਮਹਿਮਾਨ ਦਾ ਧੰਨਵਾਦ ਕੀਤਾ ਅਤੇ ਬੱਚਿਆਂ ਨੂੰ ਮਾਪਿਆਂ ਦੇ ਆਗਿਆਕਾਰੀ ਬਨਣ ਦੀ ਅਪੀਲ ਕੀਤੀ ਤਾਂ ਜ਼ੋ ਉਹ ਜਿੰਦਗੀ ਵਿਚ ਖੁਸ਼ੀਆਂ ਪ੍ਰਾਪਤ ਕਰਨ ਦੇ ਹੱਕਦਾਰ ਬਣ ਸਕਣ।



ਆਵਾਜ਼ਿ ਕੌਮ AWAZE QAUM International Newspaper & WEB TV

### ਸੰਗਰੂਰ ਤੋਂ ਬੀਜੇਪੀ ਦੇ ਉਮੀਦਵਾਰ ਸ਼੍ਰੀ ਅਰਵਿੰਦ ਖੰਨਾ ਦੇ ਕਾਗਜ ਦਾਖਲ ਕਰਵਾਉਣ

# ਪੰਜਾਬ ਪ੍ਰਧਾਨ ਸੁਨੀਲ ਜਾਖੜ ਵਿਸ਼ੇਸ਼ ਤੌਰ 'ਤੇ ਪਹੁੰਚੇ







ਸੰਗਰੂਰ ( ਰਣਜੀਤ ਸਿੰਘ ਪੇਧਨੀ ) ਭਾਰਤੀ ਜਨਤਾ ਪਾਰਟੀ ਦੇ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ, ਲੋਕ ਸਭਾ ਹਲਕਾ ਸੰਗਰੂਰ ਤੋਂ ਉਮੀਦਵਾਰ ਸ੍ਰੀ ਅਰਵਿੰਦ ਖੰਨਾ ਨੇ ਆਪਣੇ ਹਲਕੇ ਸੰਗਰੂਰ ਤੋਂ ਕਾਂਗਰਸ ਦਾਖਲ ਕਰ ਦਿੱਤੇ ਹਨ। ਇਸ ਮੌਕੇ ਉਹਨਾਂ ਦੇ ਨਾਲ ਕਾਗਜ਼ ਦਾਖਲ ਕਰਵਾਉਣ ਦੇ ਲਈ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਪ੍ਰਧਾਨ ਸੁਨੀਲ ਕੁਮਾਰ ਜਾਖੜ, ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਪਰਮਿੰਦਰ ਸਿੰਘ ਬਰਾੜ, ਬੀਜੇਪੀ ਦੀ ਸੀਨੀਅਰ ਆਗੂ ਦਮਨ ਬਾਜਵਾ ਸੁਨਾਮ, ਬੀਜੇਪੀ ਦੇ ਸੀਨੀਅਰ ਆਗੂ ਹਰਚੰਦ ਕੌਰ ਘਨੌਰੀ, ਯੂਥ ਆਗੂ ਗੋਬਿੰਦਰ ਖੰਗੂੜਾ,ਅਤੇ ਸ੍ਰੀ ਅਰਵਿੰਦ ਖੰਨਾ ਦੀ ਧਰਮ ਪਤਨੀ ਸਗੁਨ ਖੰਨਾ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ । ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਕਿ ਪੰਜਾਬ ਦੇ ਲੋਕ ਭਾਰਤੀ ਜਨਤਾ ਪਾਰਟੀ ਦੇ ਹੱਕ ਵਿੱਚ 1 ਜੂਨ ਨੂੰ ਫਤਵਾ ਦੇ ਕੇ ਪੰਜਾਬ ਦੀਆਂ 13 ਦੀਆਂ 13 ਸੀਟਾਂ ਤੇ ਭਾਰਤੀ ਜਨਤਾ ਪਾਰਟੀ ਦੇ ਕਮਲ ਦੇ ਨਿਸ਼ਾਨ ਤੇ ਮੋਹਰਾਂ ਲਾ ਕੇ ਕਾਮਯਾਬ ਬਣਾਉਣਗੇ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਪਰਮਿੰਦਰ ਸਿੰਘ ਬਰਾੜ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਦਾ ਆਮ ਆਦਮੀ ਪਾਰਟੀ, ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਤੋਂ ਮੋਹ ਭੰਗ ਹੋ ਚੁੱਕਿਆ ਹੈ। ਪੰਜਾਬ ਦੇ ਲੋਕ ਇਸ ਵਾਰ ਬੀਜੇਪੀ ਦੇ ਉਮੀਦਵਾਰਾਂ ਨੂੰ ਵੱਡੇ ਮਾਰਜਾਨਾ ਜਿਤਾ ਕੇ ਇਤਿਹਾਸ ਬਣਾਉਣਗੇ।

# ਸੰਸਾਰ ਦੀ ਹਰ ਪੀੜਾ ਦਾ ਹਰਣ ਕਰ ਲੈਂਦੀ ਹੈ ਸ਼੍ਰੀ ਰਾਮ ਕਥਾ



ਫ਼ਿਰੋਜ਼ਪੁਰ, 13 ਮਈ (ਮਨੋਹਰ ਲਾਲ) :— ਸ਼੍ਰੀ ਸਨਾਤਨ ਧਰਮ ਪ੍ਰਚਾਰ ਅਤੇ ਵੈਲਫੇਅਰ ਸੁਸਾਇਟੀ ਵੱਲੋਂ ਐਸ.ਡੀ. ਸਕੂਲ ਗਰਾਊਂਡ ਵਿਚ ਕਰਵਾਈ ਜਾ ਰਹੀ ਸ਼੍ਰੀ ਰਾਮ ਕਥਾ ਵਿਚ ਐਤਵਾਰ ਨੂੰ ਹਜ਼ਾਰਾਂ ਲੋਕ ਕਥਾ ਸੁਣਨ ਪਹੁੰਚੇ। ਕਥਾਵਾਚਕ ਰਾਸ਼ਟਰੀ ਸੰਤ ਆਚਾਰੀਆ ਰਾਮ ਜੀ ਮਹਾਰਾਜ ਨੇ ਸ਼੍ਰੀ ਰਾਮ ਕਥਾ ਦੇ ਪਹਿਲੇ ਅਧਿਆਏ ਸ਼ਿਵ ਵਿਆਹ ਦਾ ਵਰਨਣ ਆਪਣੇ ਮੁਖੋਂ ਸੁਣਾਇਆ। ਇਸ ਦੇ ਨਾਲ ਹੀ ਉਨ੍ਹਾਂ ਸ਼੍ਰੀ ਰਾਮ ਕਥਾ ਦੀ ਮਹਿਮਾ ਦਾ ਬਖਾਨ ਕਰਦੇ ਹੋਏ ਕਿਹਾ ਕਿ ਸੰਸਾਰ ਦੀ ਹਰ ਪੀੜਾ ਦਾ ਸ਼੍ਰੀ ਰਾਮ ਕਥਾ ਹਰਣ ਕਰ ਲੈਂਦੀ ਹੈ ਅਤੇ ਮਨੁੱਖ ਦੇ ਲੋਕ ਅਤੇ ਪਰਲੋਕ ਦੋਹਾਂ ਨੂੰ ਪਵਿੱਤਰ ਅਤੇ ਸੁਖੀ ਬਣਾ ਦਿੰਦੀ ਹੈ। ਉਨ੍ਹਾਂ ਕਿਹਾ ਕਿ ਹਰ ਸਨਾਤਨੀ ਨੂੰ ਰੋਜ਼ਾਨਾ ਸ਼੍ਰੀ ਹਨੂੰਮਾਨ ਚਾਲੀਸਾ ਪਾਠ ਜ਼ਰੂਰ ਕਰਨਾ ਚਾਹੀਦਾ ਹੈ, ਕਿਉਂਕਿ ਇਹ ਪਾਠ ਸੰਸਾਰ ਦੀ ਹਰ ਸਿੱਧੀ ਦੀ ਪ੍ਰਾਪਤੀ ਕਰਵਾ ਸਕਦਾ ਹੈ। ਆਯੋਜਕ ਸੁਸਾਇਟੀ ਦੇ ਸੰਜੈ ਗੁਪਤਾ, ਹਰੀ ਰਾਮ ਖਿੰਦੜੀ, ਰਾਮ ਅਵਤਾਰ, ਸੁਰਿੰਦਰ ਸ਼ਾਸਤਰੀ, ਪ੍ਰੇਮ ਸ਼ਰਮਾ, ਰਜੇਸ਼ ਸਚਦੇਵਾ, ਮਨੀਸ਼ ਸ਼ਰਮਾ, ਸੰਜੀਵ ਨਰੂਲਾ ਨੇ ਦੱਸਿਆ ਕਿ 10 ਮਈ ਤੋਂ ਆਰੰਭ ਹੋਈ ਇਹ ਕਥਾ 16 ਮਈ ਤੱਕ ਨਿਰੰਤਰ ਚੱਲੇਗੀ, ਜਿਸ ਵਿਚ ਰੋਜ਼ਾਨਾ ਸਵੇਰ ਦੇ ਸਮੇਂ ਯੱਜਮਾਨਾਂ ਵੱਲੋਂ ਵਿਧੀ ਵਿਧਾਣ ਦੇ ਨਾਲ ਹਵਨ ਯੱਗ ਕਰਵਾਇਆ ਜਾਂਦਾ ਹੈ, ਜਿਸ ਵਿਚ ਸਾਰੇ ਵਿਸ਼ਵ ਵਿਚ ਸ਼ਾਂਤੀ ਅਤੇ ਰਾਮ ਰਾਜ ਦੀ ਸਥਾਪਨਾ ਲਈ ਅਰਦਾਸ ਕੀਤੀ ਜਾਂਦੀ ਹੈ। ਸ਼ਾਮ ਵਾਲੇ ਕਥਾ ਵਿਚ ਹਜ਼ਾਰਾਂ ਲੋਕ ਪਹੁੰਚ ਕੇ ਪ੍ਰਭੂ ਚਰਨਾਂ ਦੇ ਨਾਲ ਜੁੜ ਰਹੇ ਹਨ, ਸ਼ਰਧਾਲੂਆਂ ਦੀ ਸੇਵਾ ਦੇ ਲਈ ਕਥਾ ਤੋਂ ਬਾਅਦ ਭੰਡਾਰਾ ਲੱਗਦਾ ਹੈ। ਅੱਜ ਦੇ ਯੱਜਮਾਨਾ ਵਿਚ ਗੌਤਮ ਮੋਂਗਾ, ਸਚਿਨ ਨਾਰੰਗ, ਨਵੀਨ ਸ਼ਰਮਾ, ਰਜੀਵ ਸ਼ਰਮਾ, ਅਜੈ ਤੁੱਲੀ ਆਦਿ ਸ਼ਾਮਲ ਹੋਏ, ਜਦਕਿ ਅਨਿਲ ਬਾਗੀ ਹਸਪਤਾਲ ਦੇ ਮੈਨੇਜਿੰਗ ਡਾਇਰੈਕਟਰ ਡਾ: ਕਮਲ ਬਾਗੀ ਕਥਾ ਵਿਚ ਮੁੱਖ ਮਹਿਮਾਨ ਬਣ ਕੇ ਪਹੁੰਚੇ।

### ਸੰਗਰੂਰ ਤੋਂ ਅਕਾਲੀ ਉਮੀਦਵਾਰ ਇਕਬਾਲ ਸਿੰਘ ਝੂੰਦਾਂ

# ਵੱਡੇ ਮਾਰਜਨ ਨਾਲ ਜਿੱਤ ਪ੍ਰਾਪਤ ਕਰਨਗੇ : ਭੁਪਿੰਦਰ ਸਿੰਘ ਭਲਵਾਨ



ਧੂਰੀ ( ਰਣਜੀਤ ਸਿੰਘ ਪੇਧਨੀ )ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਹਲਕਾ ਸੰਗਰੂਰ ਤੋਂ ਉਮੀਦਵਾਰ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਜ਼ਿਲਾ ਸੰਗਰੂਰ ਦੇ ਪ੍ਰਧਾਨ ਸ.ਇਕਬਾਲ ਸਿੰਘ ਝੂੰਦਾਂ ਨੂੰ ਐਲਾਨੇ ਜਾਣ ਤੋਂ ਬਾਅਦ ਹਲਕਾ ਸੰਗਰੂਰ ਦੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਆਗੂਆਂ ਵਿੱਚ ਭਾਰੀ ਖੁਸ਼ੀ ਪਾਈ ਜਾ ਰਹੀ ਹੈ ਅਤੇ ਹਲਕਾ ਸੰਗਰੂਰ ਦੇ ਆਗੂਆਂ ਵੱਲੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸ, ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕੀਤਾ ਹੈ। ਸੰਗਰੂਰ ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਉਮੀਦਵਾਰ ਸ.ਇਕਬਾਲ ਸਿੰਘ ਝੂੰਦਾਂ ਭਾਰੀ ਵੋਟਾਂ ਦੇ ਮਾਰਜਨ ਨਾਲ ਜਿੱਤ ਪ੍ਰਾਪਤ ਕਰਕੇ ਸ, ਸੁਖਵੀਰ ਸਿੰਘ ਬਾਦਲ ਦੀ ਝੋਲੀ ਵਿੱਚ ਪਾਉਣਗੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ ਭੁਲਿੰਦਰ ਸਿੰਘ ਭਲਵਾਨ ਮੈਂਬਰ ਸ਼੍ਰੋਮਣੀ ਕਮੇਟੀ ਨੇ ਕੀਤਾ। ਉਹਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕਾ ਧੂਰੀ ਵਿੱਚ ਕਈ ਮੁਲਾਜ਼ਮ ਆਪਣੀਆਂ ਮੰਗਾਂ ਮਨਵਾਉਣ ਲਈ ਟੈਂਕੀ ਤੇ ਚੜ੍ਹੇ ਹੋਏ ਹਨ ਨਾ ਮੁਲਾਜ਼ਮਾਂ ਨੂੰ ਪੱਕਾ ਕੀਤਾ ਗਿਆ ਹੈ। ਇਸ ਲਈ ਪੰਜਾਬ ਸਰਕਾਰ ਹਰ ਫਰੰਟ ਤੇ ਫੇਲ ਸਾਬਤ ਹੋਈ ਹੈ। ਇਸ ਲਈ ਪੰਜਾਬ ਦੇ ਵੋਟਰ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਕਰਾਰਾ ਜਵਾਬ ਦੇਣਗੇ। ਇਸ ਮੌਕੇ ਉਨ੍ਹਾਂ ਦੇ ਨਾਲ ਗੁਰਵਿੰਦਰ ਸਿੰਘ ਜਵੰਧਾ ਭਸੌੜ ਜਰਨਲ ਸਕੱਤਰ ਯੂਥ ਵਿੰਗ ਪੰਜਾਬ, ਸਰਕਲ ਪ੍ਰਧਾਨ ਰਣਜੀਤ ਸਿੰਘ ਰੰਧਾਵਾ, ਸਰਕਲ ਪ੍ਰਧਾਨ ਹਾਕਮ ਸਿੰਘ ਢਢੋਗਲ, ਸਰਕਲ ਪ੍ਰਧਾਨ ਧਰਮਿੰਦਰ ਸਿੰਘ ਕੌਲਸੇੜੀ, ਅਜਮੇਰ ਸਿੰਘ ਘਨੌਰੀ, ਇੰਦਰਜੀਤ ਸਿੰਘ ਘਨੌਰੀ, ਮਨਵਿੰਦਰ ਸਿੰਘ ਬਿੰਨਰ ਧੂਰੀ, ਸਵਰਨਜੀਤ ਸਿੰਘ ਹਰਚੰਦਪੁਰ , ਗੁਰਮੀਤ ਸਿੰਘ ਬਰੜਵਾਲ, ਅੰਮ੍ਰਿਤਪਾਲ ਸਿੰਘ ਚਹਿਲ ਹਾਜਰ ਸਨ।

# ਗੁਰੂ ਰਾਮਦਾਸ ਪਬਲਿਕ ਸਕੂਲ ਦਾ ਦਸਵੀਂ ਕਲਾਸ ਦਾ ਨਤੀਜਾ ਰਿਹਾ ਸ਼ਾਨਦਾਰ




ਫ਼ਿਰੋਜ਼ਪੁਰ, 13 ਮਈ (ਮਨੋਹਰ ਲਾਲ) :— ਸਿੱਖਿਆ ਦੇ ਖੇਤਰ ਵਿਚ ਮੱਲਾਂ ਮਾਰਨ ਵਾਲੇ ਗੁਰੂ ਰਾਮਦਾਸ ਪਬਲਿਕ ਸਕੂਲ ਸ਼ਾਹਦੀਨ ਵਾਲਾ ਦਾ ਦਸਵੀਂ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼ਾਨਦਾਰ ਰਿਹਾ। ਸੀ.ਬੀ.ਐਸ.ਈ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਕਲਾਸ ਦੇ ਨਤੀਜੇ ਵਿਚ ਸਮੂਹ ਬੱਚੇ ਸ਼ਾਨਦਾਰ ਅੰਕ ਲੈ ਕੇ ਪਾਸ ਹੋਏ, ਜਿਨ੍ਹਾਂ ਨੂੰ ਗੁਰਦੁਆਰਾ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਦੇ ਮੁੱਖ ਸੇਵਾਦਾਰ ਅਤੇ ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਭਗਤ ਮਿਲਖਾ ਸਿੰਘ ਨੇ ਵਧਾਈ ਦਿੰਦੇ ਹੋਏ ਇਸ ਦਾ ਸਿਹਰਾ ਸਕੂਲ ਦੇ ਮਿਹਨਤੀ ਸਟਾਫ, ਪ੍ਰਬੰਧਕ ਕਮੇਟੀ, ਹੋਣਹਾਰ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਦਿੱਤਾ ਅਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਵਾਹਿਗੁਰੂ ਅੱਗੇ ਅਰਦਾਸ ਕੀਤੀ। ਸਕੂਲ ਦੇ ਮੈਨੇਜਰ ਇੰਦਰਪਾਲ ਸਿੰਘ ਨੇ ਦੱਸਿਆ ਕਿ ਸਕੂਲ ਦੇ ਦਸਵੀਂ ਕਲਾਸ ਦੇ 122 ਬੱਚਿਆਂ ਵਿਚੋਂ ਸਾਰੇ ਬੱਚਿਆਂ ਨੇ ਵਧੀਆ ਨੰਬਰ ਹਾਸਲ ਕੀਤੇ। ਉਨ੍ਹਾਂ ਕਿਹਾ ਕਿ ਸਿਮਰਨ ਕੌਰ 98.8 ਪ੍ਰਤੀਸ਼ਤ, ਗੁਰਕੀਰਤ ਸਿੰਘ 96.2 ਪ੍ਰਤੀਸ਼ਤ, ਹਰਮਨਪ੍ਰੀਤ ਕੌਰ 96 ਪ੍ਰਤੀਸ਼ਤ, ਗੁਰਲੀਨ ਕੌਰ 95.6 ਪ੍ਰਤੀਸ਼ਤ, ਜਸ਼ਨਦੀਪ ਕੌਰ 95 ਪ੍ਰਤੀਸ਼ਤ, ਐਸ਼ਪ੍ਰੀਤ ਕੌਰ 94 ਪ੍ਰਤੀਸ਼ਤ, ਜ਼ਸ਼ਨਦੀਪ ਕੌਰ 92.4 ਪ੍ਰਤੀਸ਼ਤ, ਪਵਨਪ੍ਰੀਤ ਕੌਰ 91.4 ਪ੍ਰਤੀਸ਼ਤ, ਹਰਮਨਦੀਪ ਕੌਰ 91 ਪ੍ਰਤੀਸ਼ਤ, ਕੋਮਲਪ੍ਰੀਤ ਕੌਰ 90.4 ਪ੍ਰਤੀਸ਼ਤ, ਨਵਜੋਤ ਸਿੰਘ 90 ਪ੍ਰਤੀਸ਼ਤ, ਸਨਵਰ ਸਿੱਧੂ 89.8 ਪ੍ਰਤੀਸ਼ਤ, ਖੁਸ਼ਪ੍ਰੀਤ ਕੌਰ 89 ਪ੍ਰਤੀਸ਼ਤ, ਅਨਮੋਲਪ੍ਰੀਤ ਕੌਰ 87.6 ਪ੍ਰਤੀਸ਼ਤ, ਪ੍ਰੀਸ਼ਾ 87.6 ਪ੍ਰਤੀਸ਼ਤ, ਜ਼ਸਮੀਨ ਕੌਰ 87.4 ਪ੍ਰਤੀਸ਼ਤ, ਹਰਮਨਦੀਪ ਕੌਰ 87.2 ਪ੍ਰਤੀਸ਼ਤ, ਗਗਨਜੀਤ ਸਿੰਘ 86.4 ਪ੍ਰਤੀਸ਼ਤ, ਅਰਸ਼ਦੀਪ ਕੌਰ 86.2 ਪ੍ਰਤੀਸ਼ਤ, ਹਰਮਨਪ੍ਰੀਤ ਕੌਰ 86 ਪ੍ਰਤੀਸ਼ਤ, ਸਾਹਿਬਇੰਦਰ ਸਿੰਘ 86 ਪ੍ਰਤੀਸ਼ਤ, ਸਿਮਰਨ ਕੌਰ 85.8 ਪ੍ਰਤੀਸ਼ਤ, ਅੰਮ੍ਰਿਤਪਾਲ ਸਿੰਘ 85.2 ਪ੍ਰਤੀਸ਼ਤ ਅਤੇ ਜ਼ੋਬਨਪ੍ਰੀਤ ਸਿੰਘ ਨੇ 85 ਪ੍ਰਤੀਸ਼ਤ ਅੰਕ ਹਾਸਲ ਕੀਤੇ। ਇਸੇ ਤਰ੍ਹਾਂ ਸਿਮਰਨ ਕੌਰ, ਗੁਰਕੀਰਤ ਸਿੰਘ, ਹਰਮਨਪ੍ਰੀਤ ਕੌਰ, ਐਸ਼.ਪ੍ਰੀਤ ਕੌਰ, ਜ਼ਸ਼ਨਦੀਪ ਕੌਰ, ਹਰਮਨਦੀਪ ਕੌਰ, ਕੋਮਲਪ੍ਰੀਤ ਕੌਰ, ਜ਼ਸਮੀਨ ਕੌਰ, ਅਮਿੰਤਪਾਲ ਸਿੰਘ, ਸਿਮਰਨਜੀਤ ਕੌਰ ਨੇ ਪੰਜਾਬੀ ਵਿਚੋਂ ਵਿਚੋਂ 100 ਫੀਸਦੀ, ਸਿਮਰਨ ਕੌਰ, ਗੁਰਕੀਰਤ ਸਿੰਘ ਨੇ ਵੀ ਗਣਿਤ ਵਿਸ਼ੇ ਵਿਚੋਂ 100 ਫੀਸਦੀ ਅੰਕ ਹਾਸਲ ਕੀਤੇ। ਇਸ ਮੌਕੇ ਤੇ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਰਣਜੀਤ ਸਿੰਘ, ਪ੍ਰਿੰਸੀਪਲ ਖੁਸ਼ਵੰਤ ਸਿੰਘ, ਵਾਈਸ ਪ੍ਰਿੰਸੀਪਲ ਮੈਡਮ ਊਸ਼ਾ ਸ਼ਰਮਾ, ਮੈਡਮ ਕੋਮਲ ਤੇ ਸਮੂਹ ਸਟਾਫ ਨੇ ਬੱਚਿਆਂ ਤੇ ਉਨ੍ਹਾਂ ਦੇ ਮਾਤਾ—ਪਿਤਾ ਨੂੰ ਵਧਾਈ ਦਿੱਤੀ।

# ਗੁਰੂ ਰਾਮਦਾਸ ਪਬਲਿਕ ਸਕੂਲ ਦਾ ਬਾਰਵੀਂ ਕਲਾਸ ਦਾ ਨਤੀਜਾ ਰਿਹਾ ਸ਼ਾਨਦਾਰ







ਫ਼ਿਰੋਜ਼ਪੁਰ, 13 ਮਈ (ਮਨੋਹਰ ਲਾਲ) :— ਸਿੱਖਿਆ ਦੇ ਖੇਤਰ ਵਿਚ ਮੱਲਾਂ ਮਾਰਨ ਵਾਲੇ ਗੁਰੂ ਰਾਮਦਾਸ ਪਬਲਿਕ ਸਕੂਲ ਸ਼ਾਹਦੀਨ ਵਾਲਾ ਦਾ ਬਾਰ੍ਹਵੀਂ ਦਾ




ਨਤੀਜਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼ਾਨਦਾਰ ਰਿਹਾ। ਸੀ.ਬੀ.ਐਸ.ਈ ਬੋਰਡ ਵੱਲੋਂ ਐਲਾਨੇ ਗਏ ਬਾਰ੍ਹਵੀਂ ਕਲਾਸ ਦੇ ਨਤੀਜੇ ਵਿਚ ਸਮੂਹ ਬੱਚੇ ਸ਼ਾਨਦਾਰ ਅੰਕ ਲੈ ਕੇ ਪਾਸ ਹੋਏ, ਜਿਨ੍ਹਾਂ ਨੂੰ ਗੁਰਦੁਆਰਾ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਦੇ ਮੁੱਖ ਸੇਵਾਦਾਰ ਅਤੇ ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਭਗਤ ਮਿਲਖਾ ਸਿੰਘ ਨੇ ਵਧਾਈ ਦਿੰਦੇ ਹੋਏ ਇਸ ਦਾ ਸਿਹਰਾ ਸਕੂਲ ਦੇ ਮਿਹਨਤੀ ਸਟਾਫ, ਪ੍ਰਬੰਧਕ ਕਮੇਟੀ, ਹੋਣਹਾਰ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਦਿੱਤਾ ਅਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਵਾਹਿਗੁਰੂ ਅੱਗੇ ਅਰਦਾਸ ਕੀਤੀ। ਸਕੂਲ ਦੇ ਮੈਨੇਜਰ ਇੰਦਰਪਾਲ ਸਿੰਘ ਨੇ ਦੱਸਿਆ ਕਿ ਸਕੂਲ ਦੇ ਬਾਰ੍ਹਵੀਂ ਕਲਾਸ ਦੇ 134 ਬੱਚਿਆਂ ਵਿਚੋਂ ਸਾਰੇ ਬੱਚਿਆਂ ਨੇ ਵਧੀਆ ਨੰਬਰ ਹਾਸਲ ਕੀਤੇ, ਜਿਨ੍ਹਾਂ ਵਿਚ ਅਰਸ਼ਨੂਰ ਕੌਰ 92.2 ਪ੍ਰਤੀਸ਼ਤ, ਰਾਜਪ੍ਰੀਤ ਸਿੰਘ 92 ਪ੍ਰਤੀਸ਼ਤ, ਪ੍ਰਭਜੀਤ ਕੌਰ 90 ਪ੍ਰਤੀਸ਼ਤ, ਪ੍ਰਭਜੀਤ ਸਿੰਘ 87.4 ਪ੍ਰਤੀਸ਼ਤ, ਰੋਹਿਤਦੀਪ ਸਿੰਘ 87.2 ਪ੍ਰਤੀਸ਼ਤ, ਅਰਸ਼ਦੀਪ ਕੌਰ 84.8 ਪ੍ਰਤੀਸ਼ਤ, ਖੁਸ਼ਪ੍ਰੀਤ ਕੌਰ 84.8 ਪ੍ਰਤੀਸ਼ਤ, ਗੁਰਭੇਜ਼ ਸਿੰਘ 83.2 ਪ੍ਰਤੀਸ਼ਤ, ਕਮਲਜੀਤ ਕੌਰ 82.8 ਫੀਸਦੀ, ਹਰਮਦੀਪ ਕੌਰ 82.6 ਫੀਸਦੀ, ਸੁਖਪਾਲ ਸਿੰਘ 80.2 ਫੀਸਦੀ, ਨਵਦੀਪ ਕੌਰ ਨੇ 80 ਪ੍ਰਤੀਸ਼ਤ ਅੰਕ ਹਾਸਲ ਕੀਤੇ। ਇਸ ਮੌਕੇ ਤੇ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਰਣਜੀਤ ਸਿੰਘ, ਪ੍ਰਿੰਸੀਪਲ ਖੁਸ਼ਵੰਤ ਸਿੰਘ, ਵਾਈਸ ਪ੍ਰਿੰਸੀਪਲ ਮੈਡਮ ਊਸ਼ਾ ਸ਼ਰਮਾ, ਮੈਡਮ ਕੋਮਲ ਤੇ ਸਮੂਹ ਸਟਾਫ ਨੇ ਬੱਚਿਆਂ ਤੇ ਉਨ੍ਹਾਂ ਦੇ ਮਾਤਾ—ਪਿਤਾ ਨੂੰ ਵਧਾਈ ਦਿੱਤੀ।

## ✵ ਫੋਟੋ ਗੈਲਰੀ ✵




ਸੀ.ਬੀ.ਐਸ.ਈ ਵੱਲੋਂ ਐਲਾਨੇ ਦਸਵੀਂ ਕਲਾਸ ਵਿਚੋਂ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀ।ਫੋਟੋ : ਮਨੋਹਰ ਲਾਲ ਪੱਤਰਕਾਰ

# ਇੱਕ ਨਜ਼ਰ



## ਬਹਿਮਣ ਜੱਸਾ ਸਿੰਘ ਵਿਖੇ ਸਵੀਪ ਟੀਮ ਵੱਲੋਂ ਜਾਗਰੂਕਤਾ ਕੈਂਪ ਆਯੋਜਿਤ

ਤਲਵੰਡੀ ਸਾਬੋ, 13 ਮਈ (ਗੁਰਜੰਟ ਸਿੰਘ ਨਥੇਹਾ)- ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ. ਜਸਪ੍ਰੀਤ ਸਿੰਘ ਦੇ ਦਿਸਾ-ਨਿਰਦੇਸ਼ਾ ਅਤੇ ਉਪ ਮੰਡਲ ਮੈਜਿਸਟ੍ਰਟ ਤਲਵੰਡੀ ਸਾਬੋ ਸ. ਹਰਜਿੰਦਰ ਸਿੰਘ ਜੱਸਲ ਦੀ ਅਗਵਾਈ ਹੇਠ ਵੋਟਰ ਜਾਗਰੂਕਤਾ ਮੁਹਿੰਮ ਤਹਿਤ ਵਿਧਾਨ ਸਭਾ ਹਲਕਾ 94 ਤਲਵੰਡੀ ਸਾਬੋ ਦੇ ਪਿੰਡ ਬਹਿਮਣ ਜੱਸਾ ਸਿੰਘ ਵਿਖੇ ਸਵੀਪ ਟੀਮ ਵਲੋਂ ਸਵੀਪ ਗਤੀਵਿਧੀਆਂ ਸਬੰਧੀ ਸਪੈਸਲ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਸਵੀਪ ਟੀਮ ਮੈਂਬਰਾਂ ਵੱਲੋਂ ਬੂਥ ਲੈਵਲ ਅਫ਼ਸਰਾਂ ਅਤੇ ਮਹਿਲਾ ਪ੍ਰੇਰਿਕਾ ਦੀ ਮੱਦਦ ਨਾਲ ਲੋਕਾਂ ਨੂੰ ਬਿਨਾਂ ਕਿਸੇ ਡਰ, ਲਾਲਚ ਅਤੇ ਦਬਾਅ ਤੋਂ ਲਗਾਤਾਰ ਵੱਧ ਤੋਂ ਵੱਧ ਵੋਟਾਂ ਪਾਉਣ ਤੇ ਪਵਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸਵੀਪ ਟੀਮ ਮੈਂਬਰਾਂ ਵੱਲੋਂ ਪਿੰਡ ਦੀ ਸੱਥ, ਚੌਰਾਹਿਆਂ ਤੇ ਹੋਰ ਸਾਂਝੀਆਂ ਥਾਵਾਂ ਤੇ ਆਮ ਪਬਲਿਕ ਨੂੰ ਵੱਧ ਚੜ੍ਹ ਕੇ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਪੂਰੀ ਸਮਝ ਨਾਲ ਈ.ਵੀ.ਐਮ ਅਤੇ ਵੀਵੀਪੈਟ, ਨੋਟਾ ਆਦਿ ਤੋਂ ਇਲਾਵਾ ਚੋਣ ਕਮਿਸ਼ਨ ਦੁਆਰਾ ਲਾਂਚ ਕੀਤੀਆਂ ਗਈਆਂ ਵੋਟਿੰਗ, ਸਕਸ਼ਮ ਐਪ, ਵੋਟਰ ਹੈਲਪ ਲਾਈਨ, ਸੀ-ਵੀਜ਼ਲ, ਈਡੀਐਸ ਅਤੇ ਕੇ.ਵਾਈ.ਸੀ ਐਪਸ ਬਾਰੇ ਜਾਗਰੂਕ ਕੀਤਾ ਗਿਆ। ਇਸ ਜਾਗਰੂਕਤਾ ਕੈਂਪ ਦੌਰਾਨ ਹਾਜ਼ਰੀਨ ਨੂੰ ਵੋਟ ਦੀ ਮਹੱਤਤਾ ਬਾਰੇ ਦਸਦਿਆਂ ਕਿਹਾ ਕਿ ਇੱਕ-ਇੱਕ ਵੋਟ ਲੋਕਤੰਤਰ ਨੂੰ ਮਜ਼ਬੂਤ ਬਣਾ ਸਕਦੀ ਹੈ। ਇਸ ਜਾਗਰੂਕਤਾ ਕੈਂਪ ਦੌਰਾਨ ਸਵੀਪ ਟੀਮ ਮੈਂਬਰ ਤੋਂ ਇਲਾਵਾ ਪਿੰਡ ਵਾਸੀ ਆਦਿ ਹਾਜ਼ਰ ਸਨ।

## ਆਂਗਣਵਾੜੀ ਮੁਲਾਜ਼ਮ ਯੂਨੀਅਨ ਨੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਨੂੰ ਤੰਗ ਪ੍ਰੇਸ਼ਾਨ ਕਰਨ ਦੀ ਕੀਤੀ ਸਖ਼ਤ ਨਿਖੇਧੀ

### 16 ਮਈ ਨੂੰ ਪੰਜਾਬ ਭਰ ਵਿੱਚ ਪੰਜਾਬ ਸਰਕਾਰ ਦੇ ਫੂਕੇ ਜਾਣਗੇ ਪੁਤਲੇ

ਤਲਵੰਡੀ ਸਾਬੋ, 13 ਮਈ (ਗੁਰਜੰਟ ਸਿੰਘ ਨਥੇਹਾ)- ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਨੇ ਪੰਜਾਬ ਸਰਕਾਰ ਵੱਲੋਂ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਨੂੰ ਜਾਣ ਬੁੱਝ ਕੇ ਬਿਨਾ ਕਿਸੇ ਗੱਲੋ ਤੰਗ ਪ੍ਰੇਸ਼ਾਨ ਕਰਨ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ ਅਤੇ ਕਿਹਾ ਹੈ ਕਿ ਜਥੇਬੰਦੀ ਪੰਜਾਬ ਸਰਕਾਰ ਅਤੇ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਨੂੰ ਕਰਾਰਾ ਅਤੇ ਮੂੰਹ ਤੋੜਵਾਂ ਜਵਾਬ ਦੇਵੇਗੀ। ਯੂਨੀਅਨ ਦੀ ਬਲਾਕ ਪ੍ਰਧਾਨ ਸਤਵੰਤ ਕੌਰ ਤਲਵੰਡੀ ਸਾਬੋ ਨੇ ਕਿਹਾ ਹੈ ਕਿ ਹਰਗੋਬਿੰਦ ਕੌਰ ਪਿਛਲੇਂ 31 ਸਾਲਾਂ ਤੋਂ ਸਾਡੀ ਅਗਵਾਈ ਕਰ ਰਹੀ ਹੈ ਤੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੇ ਹੱਕਾਂ ਲਈ ਸਰਕਾਰਾਂ ਨਾਲ ਤਕੜੇ ਸੰਘਰਸ਼ ਲੜੇ ਹਨ ਅਤੇ ਜੇਲਾਂ ਕੱਟੀਆਂ ਹਨ। ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਮਾਣ ਸਨਮਾਨ ਦੀ ਜ਼ਿੰਦਗੀ ਦਿਵਾਉਣ ਵਾਸਤੇ ਉਹਨਾਂ ਨੇ ਆਪਣੀ ਜ਼ਿੰਦਗੀ ਦਾਅ ਤੇ ਲਗਾਈ। ਸਮੇਂ ਦੀਆਂ ਸਰਕਾਰਾਂ ਕੋਲੋਂ ਬਹੁਤ ਸਾਰੀਆਂ ਮੰਗਾਂ ਪੂਰੀਆਂ ਕਰਵਾਈਆਂ ਪਰ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਤਾਨਾਸ਼ਾਹੀ ਰਵਈਆ ਅਪਣਾਉਂਦੇ ਹੋਏ ਬਦਲੇ ਦੀ ਭਾਵਨਾ ਨਾਲ ਕੰਮ ਕਰ ਰਹੀ ਹੈ ਕਿਉਂਕਿ ਸਰਕਾਰ ਵੱਲੋਂ ਵਰਕਰਾਂ ਤੇ ਹੈਲਪਰਾਂ ਨੂੰ ਲੰਮਾ ਸਮਾਂ ਮਾਣ ਭੱਤਾ ਨਹੀਂ ਦਿੱਤਾ ਜਾਂਦਾ। ਉਹਨਾਂ ਕਿਹਾ ਕਿ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਪੰਜਾਬ ਸਰਕਾਰ ਦੀਆਂ ਗਿੱਦੜ ਧਮਕੀਆਂ ਤੋਂ ਡਰਨ ਵਾਲੀਆਂ ਨਹੀਂ ਹਨ। ਉਹਨਾਂ ਕਿਹਾ ਕਿ 16 ਮਈ ਦਿਨ ਵੀਰਵਾਰ ਨੂੰ ਪੰਜਾਬ ਭਰ ਵਿੱਚ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਜਾਣਗੇ ਅਤੇ ਲੋਕ ਸਭਾ ਦੀਆਂ ਚੋਣਾਂ ਦੌਰਾਨ ਸਰਕਾਰ ਨੂੰ ਸਬਕ ਸਿਖਾਇਆ ਜਾਵੇਗਾ।



## ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਸਕੂਲ, ਚੂੰਘ ਦਾ ਦਸਵੀਂ ਅਤੇ ਬਾਹਰਵੀਂ ਦਾ ਸੀ ਬੀ ਐੱਸ ਈ ਦਾ ਨਤੀਜਾ ਰਿਹਾ ਸ਼ਾਨਦਾਰ




ਚੌਂਕ ਮਹਿਤਾ, 13 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)- ਸੀ ਬੀ ਐੱਸ ਈ ਦੀ ਸੰਸਥਾ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਸਕੂਲ, ਚੂੰਘ ਦਾ ਦਸਵੀਂ ਅਤੇ ਬਾਹਰਵੀਂ ਦਾ ਸੀ ਬੀ ਐੱਸ ਈ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਦਸਵੀ ਕਲਾਸ ਦੀ ਸਿਮਰਨ ਕੌਰ ਨੇ 91% ਨੰਬਰ ਲੈ ਕੇ ਸਾਰੇ ਪੰਜਾਬ ਵਿਚ ਆਪਣਾ ਨਾ ਚਮਕਾਇਆ ਜਦੋ ਕਿ ਗੁਰਲੀਨ ਕੌਰ ਨੇ 78% ਅਤੇ ਹਰਲੀਨ ਕੌਰ ਨੇ 76% ਨੰਬਰ ਪ੍ਰਾਪਤ ਕੀਤੇ। ਇਹਨਾਂ ਤੋਂ ਇਲਾਵਾ ਬਾਹਰਵੀ ਵਿੱਚ ਕੋਮਲਪ੍ਰੀਤ ਕੌਰ 86.4%, ਕਰਮਨਪ੍ਰੀਤ ਕੌਰ 77.4%, ਅਰਸ਼ਪ੍ਰੀਤ ਕੌਰ 74.2% ਅਤੇ ਖੁਸ਼ਨੂਰ ਕੌਰ 72.6% ਨੰਬਰ ਪ੍ਰਾਪਤ ਕਿਤੇ। ਬਾਕੀ ਸਾਰੇ ਵਿਦਿਆਰਥੀ ਵੀ ਬਹੁਤ ਵਧੀਆ ਨੰਬਰ ਲੈ ਕੇ ਪਾਸ ਹੋਏ। ਮੈਡਮ ਪ੍ਰਿੰਸੀਪਲ ਮਨਪ੍ਰੀਤ ਕੌਰ ਛੀਨਾ ਨੇ ਬੱਚਿਆਂ ਅਤੇ ਮਾਤਾ ਪਿਤਾ ਨੂੰ ਵਧਾਈ ਦਿੱਤੀ ਅਤੇ ਉਹਨਾਂ ਦਾ ਮੂੰਹ ਮਿੱਠਾ ਕਰਵਾਇਆ। ਚੇਅਰਮੈਨ ਰਘਬੀਰ ਸਿੰਘ ਸੋਹਲ ਨੇ ਬੱਚਿਆਂ ਨੂੰ ਹੋਰ ਮਿਹਨਤ ਕਰਕੇ ਜ਼ਿੰਦਗੀ ਵਿਚ ਹੋਰ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ ਅਤੇ ਇਹਨਾ ਨੂੰ ਸਨਮਾਨਿਤ ਕੀਤਾ। ਇਸ ਮੌਕੇ ਨਵਨੀਤ ਕੌਰ, ਉਪਿੰਦਰ ਕੌਰ, ਰਾਖੀ ਵੋਹਰਾ ਅਤੇ ਹੋਰ ਅਧਿਆਪਕ ਹਾਜ਼ਿਰ ਸਨ।

### ਸੰਧੂ ਸਮੁੰਦਰੀ ਹੀ ਸੰਸਦ ਵਿੱਚ ਅੰਮ੍ਰਿਤਸਰ ਲਈ ਢੁਕਵੀਂ ਨੁਮਾਇੰਦਗੀ ਦੇ ਕਾਬਲ: ਅਵਿਨਾਸ਼ ਰਾਏ ਖੰਨਾ

## ਅੰਮ੍ਰਿਤਸਰ ਦਾ ਵਿਕਾਸ, ਉਦਯੋਗ ਤੇ ਵਪਾਰਕ ਉੱਨਤੀ ਅਤੇ ਨਸ਼ਿਆਂ ਦਾ ਖ਼ਾਤਮਾ ਮੇਰਾ ਲਕਸ਼: ਸੰਧੂ ਸਮੁੰਦਰੀ

**ਅਵਿਨਾਸ਼ ਰਾਏ ਖੰਨਾ ਨੇ ਕਿਹਾ ਕਿ ਸੰਧੂ ਸਮੁੰਦਰੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਪਸੰਦੀਦਾ ਲੋਕਾਂ 'ਚੋ ਹਨ। ਭਾਜਪਾ ਲੀਡਰਸ਼ਿਪ ਸੰਧੂ ਨੂੰ ਬਹੁਤ ਮਹੱਤਵ ਦਿੰਦੇ ਹਨ। ਉਨ੍ਹਾਂ ਕਿਹਾ ਕਿ ਸੰਧੂ ....**





ਅੰਮ੍ਰਿਤਸਰ, 13 ਮਈ (ਆਵਾਜ਼ਿ ਕੌਮ ਬਿਊਰੋ)- ਅੰਮ੍ਰਿਤਸਰ ਨੂੰ ਇਸ ਦੇ ਵਿਕਾਸ ਅਤੇ ਸੁਧਾਰ ਲਈ ਇੱਕ ਸਮਰੱਥ ਅਤੇ ਪ੍ਰਭਾਵਸ਼ਾਲੀ ਸੰਸਦ ਮੈਂਬਰ ਦੀ ਲੋੜ ਹੈ। ਜੋ ਕੇਵਲ ਭਾਜਪਾ ਉਮੀਦਵਾਰ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਹੀ ਸੰਸਦ ਵਿਚ ਅੰਮ੍ਰਿਤਸਰ ਲਈ ਢੁਕਵੀਂ ਨੁਮਾਇੰਦਗੀ ਦੇ ਕਾਬਲ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਰੈੱਡ ਕਰਾਸ ਸੁਸਾਇਟੀ ਦੇ ਵਾਈਸ ਚੇਅਰਮੈਨ ਅਤੇ ਭਾਰਤੀ ਜਨਤਾ ਪਾਰਟੀ ਦੇ ਉਪ ਪ੍ਰਧਾਨ ਸਾਬਕਾ ਸੰਸਦ ਅਵਿਨਾਸ਼ ਰਾਏ ਖੰਨਾ ਨੇ ਕੀਤਾ। ਉਹ ਅੱਜ ਭਾਜਪਾ ਜ਼ਿਲ੍ਹਾ ਦਫ਼ਤਰ ਵਿਖੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਡਾ. ਹਰਵਿੰਦਰ ਸਿੰਘ ਸੰਧੂ ਅਤੇ ਦਿਹਾਤੀ ਪ੍ਰਧਾਨ ਡਾ. ਸੁਸ਼ੀਲ ਦੇਵਗਨ ਦੀ ਅਗਵਾਈ 'ਚ ਆਯੋਜਿਤ ਲੋਕ ਸਭਾ ਚੋਣ ਯੋਜਨਾ ਕਮੇਟੀ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ, ਭਾਜਪਾ ਕਿਸਾਨ ਮੋਰਚਾ ਦੇ ਕੌਮੀ ਮੀਤ ਪ੍ਰਧਾਨ ਸਾਬਕਾ ਸਾਂਸਦ ਸੁਰੇਸ਼ ਚੰਦੇਲ, ਸੰਗਠਨ ਮੰਤਰੀ ਅਰੁਣ ਬਿਨਾਦੀ, ਸਾਬਕਾ ਰਾਜ ਸਭਾ ਮੈਂਬਰ ਸ਼ਵੇਤ ਮਲਿਕ ਤੇ ਰਜਿੰਦਰ ਮੋਹਨ ਸਿੰਘ ਛੀਨਾ ਵੀ ਮੌਜੂਦ ਸਨ ਅਵਿਨਾਸ਼ ਰਾਏ ਖੰਨਾ ਜੋ ਕਿ ਹਿਮਾਚਲ ਪ੍ਰਦੇਸ਼ ਦੇ ਭਾਜਪਾ ਇੰਚਾਰਜ ਵੀ ਹਨ, ਨੇ ਕਿਹਾ ਕਿ ਤਰਨਜੀਤ ਸਿੰਘ ਸੰਧੂ ਵਰਗਾ ਨੁਮਾਇੰਦਾ ਹੀ ਅੰਮ੍ਰਿਤਸਰ ਦੇ ਵਿਕਾਸ ਅਤੇ ਲੋਕਾਂ ਦੀ ਖ਼ੁਸ਼ਹਾਲੀ ਦੇ ਸੰਦਰਭ 'ਚ ਰਾਸ਼ਟਰੀ ਰਾਜਨੀਤੀ ਦੇ ਨਾਲ-ਨਾਲ ਵਿਸ਼ਵ ਵਿੱਚ ਅੰਮ੍ਰਿਤਸਰ ਦੇ ਹਿੱਤਾਂ ਦੀ ਸਭ ਤੋਂ ਵਧੀਆ ਸੇਵਾ ਕਰਨ ਦੇ ਯੋਗ ਹਨ। ਉਨ੍ਹਾਂ ਅੰਮ੍ਰਿਤਸਰ ਦੇ ਲੋਕਾਂ ਅੱਗੇ ਸੰਧੂ ਸਮੁੰਦਰੀ ਨੂੰ ਭਾਰੀ ਬਹੁਮਤ ਨਾਲ ਜਿਤਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਸੰਧੂ ਸਮੁੰਦਰੀ ਦਾ ਵਿਸ਼ਾਲ ਤਜਰਬਾ ਅਤੇ 'ਅਸੀਂ ਕਰ ਸਕਦੇ ਹਾਂ' ਦੀ ਭਾਵਨਾ ਅੰਮ੍ਰਿਤਸਰ ਦੇ ਵਿਕਾਸ ਪ੍ਰਤੀ ਟੀਚੇ ਨੂੰ ਜ਼ਰੂਰ ਸਾਕਾਰ ਕਰੇਗਾ। ਅਵਿਨਾਸ਼ ਰਾਏ ਖੰਨਾ ਨੇ ਕਿਹਾ ਕਿ ਸੰਧੂ ਸਮੁੰਦਰੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਪਸੰਦੀਦਾ ਲੋਕਾਂ 'ਚੋ ਹਨ। ਭਾਜਪਾ ਲੀਡਰਸ਼ਿਪ ਸੰਧੂ ਨੂੰ ਬਹੁਤ ਮਹੱਤਵ ਦਿੰਦੇ ਹਨ। ਉਨ੍ਹਾਂ ਕਿਹਾ ਕਿ ਸੰਧੂ ਦੀ ਯੋਗਤਾ ਅਤੇ ਪ੍ਰਤਿਭਾ ਦਾ ਅੰਮ੍ਰਿਤਸਰ 'ਚ ਖੜੇ ਕੀਤੇ ਗਈ ਹੋਰਨਾਂ ਪਾਰਟੀਆਂ ਦੇ ਉਮੀਦਵਾਰਾਂ ਨਾਲ ਕੋਈ ਮੇਲ ਨਹੀਂ ਹੈ। ਸਾਨੂੰ ਭਰੋਸਾ ਹੈ ਕਿ ਅੰਮ੍ਰਿਤਸਰ ਦੇ ਲੋਕ ਸਾਡੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਦੀ ਪਹੁੰਚ ਤਜਰਬਾ ਅਤੇ ਲਿਆਕਤ ਦਾ ਲਾਭ ਉਠਾਉਣ ਲਈ ਉਨ੍ਹਾਂ ਨੂੰ ਚੁਣ ਕੇ ਦਿੱਲੀ ਦੀ ਸੰਸਦ ਵਿੱਚ ਭੇਜਣਗੇ। ਸੰਧੂ ਸਮੁੰਦਰੀ ਪੰਜਾਬ ਅਤੇ ਅੰਮ੍ਰਿਤਸਰ ਦਾ ਪੱਖ ਸੰਸਦ ਵਿੱਚ ਵਧੀਆ ਤਰੀਕੇ ਨਾਲ ਪੇਸ਼ ਕਰਨਗੇ। ਉਨ੍ਹਾਂ ਕਿਹਾ ਕਿ ਮੈਨੂੰ ਬਹੁਤ ਖ਼ੁਸ਼ੀ ਹੈ ਕਿ ਮੈਂ ਸੰਧੂ ਦਾ ਸਮਰਥਨ ਕਰਨ ਲਈ ਅੰਮ੍ਰਿਤਸਰ ਆਇਆ ਹਾਂ ਅਤੇ ਮੈਨੂੰ ਇਹ ਵੀ ਉਮੀਦ ਹੈ ਕਿ ਤੁਸੀਂ ਸਾਰੇ ਉਨ੍ਹਾਂ ਦਾ ਪੂਰਾ ਸਾਥ ਦਿਓ। ਭਾਜਪਾ ਉਮੀਦਵਾਰ ਸੰਧੂ ਸਮੁੰਦਰੀ ਨੇ ਕਿਹਾ ਕਿ ਉਹ ਅੰਮ੍ਰਿਤਸਰ ਦੇ ਵਿਕਾਸ, ਉਦਯੋਗ ਅਤੇ ਵਪਾਰਕ ਉੱਨਤੀ ਲਈ ਪ੍ਰਬੰਧ ਕਰਨਗੇ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਦੇ ਵਿਕਾਸ ਲਈ ਮੋਦੀ ਸਰਕਾਰ ਵੱਲੋਂ ਵਿਸ਼ੇਸ਼ ਪੈਕੇਜ ਲਿਆਂਦਾ ਜਾਵੇਗਾ। ਸ਼ਹਿਰ ਦੇ ਸੀਵਰੇਜ ਸਿਸਟਮ ਨੂੰ ਸੁਧਾਰਨ ਅਤੇ ਕਿਸਾਨਾਂ ਅਤੇ ਸਮਾਜ ਦੇ ਸਾਰੇ ਵਰਗਾਂ ਦੀ ਆਮਦਨ ਵਧਾਉਣ ਲਈ ਉਪਰਾਲੇ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੇ ਸਿਧਾਂਤ ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ਦੇ ਮਾਡਲ ਅਨੁਸਾਰ ਸ਼ਹਿਰ ਨੂੰ ਇੰਦੌਰ ਵਾਂਗ ਸਾਫ਼ ਸੁਥਰਾ ਬਣਾਇਆ ਜਾਵੇਗਾ ਅਤੇ ਸ਼ਹਿਰ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਜਾਵੇਗਾ। ਉਨ੍ਹਾਂ ਅੰਮ੍ਰਿਤਸਰ ਦੇ ਭਵਿਖ ਲਈ ਇਕ ਜੂਨ ਨੂੰ ਕਮਲ ਦੇ ਫੁੱਲ ਨੂੰ ਵੋਟ ਕਰਨ ਦੀ ਅਪੀਲ ਕੀਤੀ । ਇਸ ਮੌਕੇ ਚੋਣ ਪ੍ਰਬੰਧ ਕਮੇਟੀ ਵੱਲੋਂ ਹੁਣ ਤਕ ਦੇ ਚੋਣ ਪ੍ਰਚਾਰ ਸਰਗਰਮੀਆਂ ਦਾ ਲੇਖਾ ਚੋਖਾ ਕੀਤਾ ਗਿਆ ਅਤੇ ਭਵਿਖ ਦੀਆਂ ਯੋਜਨਾ ਬਾਰੇ ਡੂੰਘੀ ਵਿਚਾਰ ਚਰਚਾ ਕੀਤੀ ਗਈ।

### ਸ਼ਹੀਦ ਭਾਈ ਪੰਜਵੜ੍ਹ ਦੇ ਸ਼ਹੀਦੀ ਸਮਾਗਮ 'ਤੇ ਜਰਮਨੀ 'ਚ ਕਿਤਾਬ ਸ਼ਹੀਦ ਬੀਬੀਆਂ ਦੀ ਗਾਥਾ 'ਕੌਰਨਾਮਾ' ਕੀਤੀ ਗਈ ਜਾਰੀ

## ਸ਼ਹੀਦ ਭਾਈ ਪੰਜਵੜ੍ਹ ਤੇ ਭਾਈ ਨਿੱਝਰ ਦੀ ਤਸਵੀਰ ਸਿੱਖ ਅਜਾਇਬ ਘਰ 'ਚ ਲਾਉਣ ਦਾ ਮਤਾ ਪਾਸ










ਨਵੀਂ ਦਿੱਲੀ, 13 ਮਈ (ਮਨਪ੍ਰੀਤ ਸਿੰਘ ਖਾਲਸਾ):- ਸ਼ਹੀਦ ਭਾਈ ਪਰਮਜੀਤ ਸਿੰਘ ਪੰਜਵੜ੍ਹ ਦੇ ਸ਼ਹੀਦੀ ਸਮਾਗਮਾਂ ਮੌਕੇ ਜਰਮਨੀ ਦੇ ਸ਼ਹਿਰ ਫਰੈਂਕਫੋਰਟ ਵਿਚ ਕਿਤਾਬ "ਕੌਰਨਾਮਾ ਖਾੜਕੂ ਸੰਘਰਸ਼ ਦੀਆਂ ਸ਼ਹੀਦ ਬੀਬੀਆਂ ਦੀ ਗਾਥਾ" ਵਿਦੇਸ਼ਾਂ 'ਚ ਰਹਿ ਰਹੀ ਸਿੱਖ ਸੰਗਤ ਦੇ ਰੂਬਰੂ ਕੀਤੀ ਗਈ। ਇਸ ਮੌਕੇ ਸ਼ਹੀਦ ਭਾਈ ਪੰਜਵੜ੍ਹ ਤੇ ਭਾਈ ਹਰਦੀਪ ਸਿੰਘ ਨਿੱਝਰ ਦੀਆਂ ਤਸਵੀਰਾਂ ਸਿੱਖ ਅਜਾਇਬ ਘਰ ਸ੍ਰੀ ਅੰਮ੍ਰਿਤਸਰ ਵਿਖੇ ਲਾਉਣ ਦਾ ਮਤਾ ਜੈਕਾਰਿਆਂ ਦੀ ਗੂੰਜ 'ਚ ਪਾਸ ਕੀਤਾ ਗਿਆ। ਗੁਰਦੁਆਰਾ ਸਿੱਖ ਸੈਂਟਰ ਫਰੈਂਕਫੋਰਟ ਵਿਚ ਸ਼ਹੀਦ ਭਾਈ ਪੰਜਵੜ੍ਹ ਦੇ ਸ਼ਹੀਦੀ ਸਮਾਗਮ 'ਤੇ ਸੰਗਤਾਂ ਨੂੰ ਸੰਬੋਧਨ ਕਰਦਿਆ ਸਿੱਖ ਫੈਡਰੇਸਨ ਦੇ ਆਗੂ ਅਤੇ ਜਲਾਵਤਨੀ ਭਾਈ ਗੁਰਮੀਤ ਸਿੰਘ ਖਨਿਆਣ ਨੇ ਖਾਲਸਾ ਰਾਜ ਲਈ ਚੱਲੇ ਹਥਿਆਰਬੰਦ ਸੰਘਰਸ਼ ਦੌਰਾਨ ਸ਼ਹੀਦ ਭਾਈ ਪਰਮਜੀਤ ਸਿੰਘ ਪੰਜਵੜ੍ਹ ਦੇ ਪਰਿਵਾਰ, ਹੋਰ ਸ਼ਹੀਦ ਸਿੰਘਾਂ ਤੇ ਉਹਨਾਂ ਦੇ ਪਰਿਵਾਰਾਂ ਦੀਆਂ ਸ਼ਹਾਦਤਾਂ ਦਾ ਜ਼ਿਕਰ ਕਰਦਿਆ ਕਿਹਾ ਕਿ "ਕੌਰਨਾਮਾ" ਕਿਤਾਬ ਦੀ ਬੁਨਿਆਦ ਸ਼ਹੀਦ ਭਾਈ ਪੰਜਵੜ੍ਹ ਦੇ ਯਤਨਾਂ ਨਾਲ ਲਹਿੰਦੇ ਪੰਜਾਬ ਵਿਚ ਉਸ ਵੇਲੇ ਰੱਖੀ ਗਈ ਸੀ, ਜਦੋਂ ਉਹਨਾਂ ਸੰਘਰਸ਼ ਨਾਲ ਸਬੰਧਤ ਸਿੰਘਾਂ ਕੋਲ ਖਾੜਕੂ ਸੰਘਰਸ਼ ਤੇ ਖਾਸ ਕਰਕੇ ਸ਼ਹੀਦ ਬੀਬੀਆਂ ਬਾਰੇ ਕੋਈ ਖੋਜ, ਲਿਖਤ ਨਾ ਹੋਣ 'ਤੇ ਚਿੰਤਾ ਪ੍ਰਗਟ ਕਰਦਿਆ ਇਸ ਕਾਰਜ ਨੂੰ ਸ਼ੁਰੂ ਕਰਨ ਲਈ ਕਿਹਾ ਸੀ। ਉਹਨਾਂ ਦੱਸਿਆ ਕਿ ਇਹ ਕਾਰਜ ਖਾੜਕੂ ਸੰਘਰਸ਼ ਦੇ ਜਰਨੈਲ ਭਾਈ ਦਲਜੀਤ ਸਿੰਘ ਦੀ ਰਹਿਨਮਾਈ ਹੇਠ ਸੀਨੀਅਰ ਪੱਤਰਕਾਰ ਤੇ ਲੇਖਕ ਬਲਜਿੰਦਰ ਸਿੰਘ ਕੋਟਭਾਰਾ ਨੇ ਦਿਨ ਰਾਤ ਇਕ ਕਰਕੇ ਪੂਰਾ ਕੀਤਾ ਤੇ ਸਿੱਖ ਪੰਥ ਦੀ ਝੋਲੀ ਇਕ ਅਣਮੁੱਲਾ ਦਸਤਾਵੇਜ ਪਾਇਆ। ਘੱਟ ਗਿਣਤੀ ਮੁਸਲਮਾਨ ਭਾਈਚਾਰੇ ਦੇ ਆਗੂ ਭਾਈ ਅਜੀਮ ਸਾਹਿਬ ਨੇ ਸ਼ਹੀਦ ਭਾਈ ਪੰਜਵੜ੍ਹ ਦੇ ਪੰਥਕ ਕਿਰਦਾਰ ਦੀ ਗਲ ਕਰਦਿਆ ਕਿਹਾ ਕਿ ਸੰਗਤ ਵਲੋਂ ਭਾਈ ਪੰਜਵੜ੍ਹ ਨੇ ਪੰਥ ਦੇ ਸਰਮਾਏ ਨੂੰ ਨਿੱਜ ਲਈ ਨਹੀਂ ਵਰਤਿਆ ਉਹਨਾਂ ਨੇ ਖਾਲਸਾ ਰਾਜ ਦੇ ਨਿਸਾਨੇ ਨੂੰ ਸੇਧ ਕੇ ਲੜਾਈ ਲੜ੍ਹਨ ਤੇ ਸ਼ਹਾਦਤ ਦੇਣ ਨੂੰ ਪਹਿਲ ਦਿੱਤੀ। ਬੁਲਾਰਿਆਂ ਨੇ ਭਾਈ ਖਨਿਆਣ ਦੀ ਮਾਤਾ ਸਤਵੰਤ ਕੌਰ ਜੀ ਨੂੰ ਸਰਧਾਂਜਲੀਆਂ ਭੇਟ ਕਰਦਿਆ ਖਨਿਆਣ ਪਰਿਵਾਰ ਦੀ ਸਿੱਖ ਸੰਘਰਸ਼ ਲਈ ਕੀਤੀਆਂ ਕੁਰਬਾਨੀਆਂ ਦਾ ਜ਼ਿਕਰ ਕੀਤਾ। ਇਸ ਮੌਕੇ ਸਿੱਖ ਫੈਡਰੇਸ਼ਨ, ਫਰਾਂਸ਼ ਬੈਲਜੀਅਮ, ਸਿੱਖ ਹੈਲਪਿੰਗ ਹੈਂਡ ਜਰਮਨੀ ਤੇ ਫਰਾਂਸ, ਦ ਅਕਾਲੀ ਦਲ ਫਤਿਹ, ਬੀਕੇਆਈ, ਦਲ ਖਾਲਸਾ ਦੇ ਆਗੂਆਂ ਸਰਬ ਭਾਈ ਗੁਰਮੀਤ ਸਿੰਘ ਖਨਿਆਣ, ਗੁਰਦਿਆਲ ਸਿੰਘ ਲਾਲੀ, ਕਸ਼ਮੀਰ ਸਿੰਘ ਗੋਸਲ, ਰਘਬੀਰ ਸਿੰਘ ਕੋਹਾੜ, ਗੁਰਚਰਨ ਸਿੰਘ ਗੁਰਾਇਆ, ਜਗਤਾਰ ਸਿੰਘ ਮਾਹਲ, ਬਲਕਾਰ ਸਿੰਘ, ਗੁਰਦੀਪ ਸਿੰਘ ਪ੍ਰਦੇਸੀ ਅਜੀਮ ਸਾਹਿਬ ਨੇ ਸੰਗਤਾਂ ਨੂੰ ਸੰਬੋਧਨ ਕੀਤਾ। ਪਾਕਿਸਤਾਨ ਤੋਂ ਵਿਸ਼ੇਸ਼ ਤੌਰ ਤੇ ਪਹੁੰਚੇ ਅਜੀਮ ਸਾਹਿਬ, ਰਣਜੀਤ ਸਿੰਘ, ਸ਼ਹੀਦ ਪਰਮਜੀਤ ਸਿੰਘ ਪੰਜਵੜ੍ਹ ਦੇ ਬੇਟੇ ਸ਼ਾਹਬਾਜ਼ ਸਿੰਘ ਅਤੇ ਸ਼ਹੀਦ ਮਾਤਾ ਬਖਸੀਸ ਕੌਰ ਦੇ ਬੇਟੇ ਸਤਪਾਲ ਸਿੰਘ ਪੱਡਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਭਾਓ ਜੀ ਦੇ ਭਤੀਜੇ ਹਰਿੰਦਰ ਸਿੰਘ ਢਿੱਲੋ, ਰਾਜਵਿੰਦਰ ਸਿੰਘ ਰਾਜੂ, ਬੈਲਜੀਅਮ ਤੋਂ ਮਨਜੋਤ ਸਿੰਘ, ਪ੍ਰਿਥੀਪਾਲ ਸਿੰਘ ਪਟਵਾਰੀ, ਜਸਵੰਤ ਸਿੰਘ ਪਾੜਾ, ਮੋਗਾ ਧਾਰੀਵਾਲ ਸਵਿਟਯਰਲੈਂਡ ਤੋਂ ਭਾਈ ਰਣਜੀਤ ਸਿੰਘ, ਸੁਖਦੇਵ ਸਿੰਘ ਹੇਰਾਂ, ਬਲਕਾਰ ਸਿੰਘ ਦਿਓਲ, ਨਿਰਮਲ ਸਿੰਘ ਦਿਓਲ, ਅਮਰਜੀਤ ਸਿੰਘ ਮੰਗੂਪੁਰ, ਦਵਿੰਦਰ ਸਿੰਘ ਘਲੋਟੀ, ਪਰਮਜੀਤ ਸਿੰਘ ਪੰਮਾ, ਸੋਹਣ ਸਿੰਘ ਧਾਰੀਵਾਲ ਨੇ ਵਿਸ਼ੇਸ ਤੌਰ 'ਤੇ ਪੁੱਜੇ ਹੋਏ ਸਨ। ਜਰਮਨ ਤੋਂ ਭਾਈ ਰੇਸਮ ਸਿੰਘ ਬੱਬਰ, ਸੰਸਥਾ ਸ਼ਹੀਦ ਬਾਬਾ ਦੀਪ ਸਿੰਘ ਬਾਬਾ ਕਿਰਪਾਲ ਸਿੰਘ ਵੱਲੋ ਵੀ ਹਾਜ਼ਰੀ ਲਗਾਈ ਗਈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਇੱਕ ਨਜ਼ਰ



## ਜਿਲ੍ਹਾ ਕਾਂਗਰਸ ਪ੍ਰਧਾਨ ਖੁਸ਼ਬਾਜ ਸਿੰਘ ਜਟਾਣਾ ਨੇ ਜੀਤਮਹਿੰਦਰ ਸਿੱਧੂ ਦੇ ਹੱਕ 'ਚ ਕੀਤੀਆਂ ਨੁੱਕੜ ਮੀਟਿੰਗਾਂ

ਤਲਵੰਡੀ ਸਾਬੋ, 13 ਮਈ (ਗੁਰਜੰਟ ਸਿੰਘ ਨਥੇਹਾ)- ਲੋਕ ਸਭਾ ਹਲਕਾ ਬਠਿੰਡਾ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਜੀਤਮਹਿੰਦਰ ਸਿੰਘ ਸਿੱਧੂ ਵੱਲੋਂ ਜਿੱਥੇ ਸਮੁੱਚੇ ਹਲਕਿਆਂ 'ਚ ਚੋਣ ਮੁਹਿੰਮ ਚਲਾਈ ਜਾ ਰਹੀ ਹੈ ਉੱਥੇ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਵਿੱਚ ਉਨਾਂ ਦੀ ਚੋਣ ਮੁਹਿੰਮ ਸੰਭਾਲਿਦਆਂ ਕਾਂਗਰਸ ਹਲਕਾ ਇੰਚਾਰਜ ਖੁਸ਼ਬਾਜ ਸਿੰਘ ਜਟਾਣਾ ਪ੍ਰਧਾਨ ਜਿਲ੍ਹਾ ਕਾਂਗਰਸ ਕਮੇਟੀ ਬਠਿੰਡਾ (ਦਿਹਾਤੀ) ਨੇ ਕਈ ਪਿੰਡਾਂ 'ਚ ਨੁੱਕੜ ਮੀਟਿੰਗਾਂ ਕੀਤੀਆਂ। ਨੁੱਕੜ ਮੀਟਿੰਗਾਂ ਦੌਰਾਨ ਜਟਾਣਾ ਨੇ ਕਿਹਾ ਕਿ ਪੰਜਾਬ ਦੇ ਲੋਕ ਇਹ ਗੱਲ ਭਲੀਭਾਂਤ ਸਮਝ ਚੁੱਕੇ ਹਨ ਕਿ ਸੂਬੇ ਦਾ ਸਰਵਪੱਖੀ ਵਿਕਾਸ ਜਿੱਥੇ ਕਾਂਗਰਸ ਪਾਰਟੀ ਹੀ ਕਰਵਾਉਣ ਦੇ ਸਮਰੱਥ ਹੈ ਉੱਥੇ ਕੇਂਦਰ 'ਚ ਸਰਕਾਰ ਬਣਾ ਕੇ ਕੇਵਲ ਅਤੇ ਕੇਵਲ ਕਾਂਗਰਸ ਪਾਰਟੀ ਹੀ ਧਰਮ ਨਿਰਪੱਖ ਵਾਤਾਵਰਨ ਪੈਦਾ ਕਰ ਸਕਦੀ ਹੈ ਇਸਲਈ ਪੰਜਾਬ ਵਿੱਚ ਹੀ ਨਹੀ ਸਗੋਂ ਪੂਰੇ ਦੇਸ਼ ਵਿੱਚ ਕਾਂਗਰਸ ਦੇ ਹੱਕ ਵਿੱਚ ਹਵਾ ਚੱਲ ਰਹੀ ਹੈ। ਉਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਾਂਗਰਸ ਪਾਰਟੀ ਦੇ ਹੱਕ ਵਿੱਚ ਫਤਵਾ ਦਿੰਦਿਆਂ ਜੀਤਮਹਿੰਦਰ ਸਿੰਘ ਸਿੱਧੂ ਨੂੰ ਵੋਟ ਪਾਉਣ ਤਾਂਕਿ ਕੇਂਦਰ ਵਿੱਚ ਰਾਹੁਲ ਗਾਂਧੀ ਅਤੇ ਮੱਲਿਕਾਅਰਜੁਨ ਖੜਗੇ ਦੇ ਹੱਥ ਮਜ਼ਬੂਤ ਕੀਤੇ ਜਾ ਸਕਣ। ਇਸ ਮੌਕੇ ਉਨਾਂ ਨਾਲ ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਰਣਜੀਤ ਸੰਧੂ, ਲਖਵਿੰਦਰ ਲੱਕੀ ਜਿਲ੍ਹਾ ਪ੍ਰਧਾਨ ਯੂਥ ਕਾਂਗਰਸ, ਕ੍ਰਿਸ਼ਨ ਸਿੰਘ ਭਾਗੀਵਾਂਦਰ ਪ੍ਰਧਾਨ ਬਲਾਕ ਕਾਂਗਰਸ, ਸੁਰਿੰਦਰ ਸਿੰਘ ਨਸੀਬਪੁਰਾ, ਹਰਪ੍ਰੀਤ ਸਿੰਘ ਉਪ ਚੇਅਰਮੈਨ ਬਲਾਕ ਸੰਮਤੀ, ਰਾਜਾ ਸਿੰਘ ਮੈਂਬਰ ਜਿਲ੍ਹਾ ਪ੍ਰੀਸ਼ਦ, ਪੱਪਾ ਸਿੰਘ, ਅੰਗਰੇਜ਼ ਸਿੰਘ, ਪ੍ਰਗਟ ਸਿੰਘ, ਬਿੰਦਰ ਸਿੰਘ ਮੈਂਬਰ ਆਦਿ ਕਾਂਗਰਸੀ ਆਗੂ ਮੌਜੂਦ ਸਨ।

## ਦੋਸਤ ਵੈਲਫੇਅਰ ਸੋਸਾਇਟੀ (ਰਜ਼ਿ) ਬਠਿੰਡਾ ਨੇ ਸ਼੍ਰੀ ਬਾਲਾ ਜੀ ਮੰਦਿਰ ਨੈਸ਼ਨਲ ਕਾਲੋਨੀ ਵਿਖੇ ਲਗਾਇਆ ਮੁਫ਼ਤ ਮੈਡੀਕਲ ਚੈਕਅੱਪ ਕੈਂਪ



ਬਠਿੰਡਾ, ਤਲਵੰਡੀ ਸਾਬੋ, 13 ਮਈ (ਗੁਰਜੰਟ ਸਿੰਘ ਨਥੇਹਾ)- ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਦੋਸਤ ਵੈਲਫੇਅਰ ਸੋਸਾਇਟੀ (ਰਜ਼ਿ) ਬਠਿੰਡਾ ਵੱਲੋਂ ਭਗਵਾਨ ਪਰਸ਼ੂਰਾਮ ਜਯੰਤੀ ਮੌਕੇ ਸ਼੍ਰੀ ਬਾਲਾ ਜੀ ਮੰਦਿਰ ਬੱਲਾ ਰਾਮ ਨਗਰ ਵਿਖੇ ਚੱਲੇ 3 ਰੋਜ਼ਾ ਮੇਲੇ ਵਿੱਚ ਡਾ. ਐਸ.ਕੇ. ਬਾਂਸਲ ਅਤੇ ਸੋਸਾਇਟੀ ਦੇ ਪ੍ਰਧਾਨ ਰਮੇਸ਼ ਗਰਗ ਦੀ ਦੇਖ ਰੇਖ ਹੇਠ ਮੁਫ਼ਤ ਮੈਡੀਕਲ ਚੈਕਅੱਪ ਕੈਂਪ ਲਗਾਇਆ। ਇਸ ਬਾਰੇ ਜਾਣਕਾਰੀ ਦਿੰਦਿਆਂ ਰਮੇਸ਼ ਗਰਗ ਨੇ ਦੱਸਿਆ ਕਿ ਮੇਲੇ ਵਿੱਚ ਪੰਜਾਬ, ਹਰਿਆਣਾ ਅਤੇ ਰਾਜਸਥਾਨ ਤੋਂ ਭਾਰੀ ਗਿਣਤੀ ਵਿੱਚ ਸ਼ਰਧਾਲੂ ਦਰਸ਼ਨ ਕਰਨ ਹਿੱਤ ਆਉਂਦੇ ਹਨ। ਗਰਮੀ ਜ਼ਿਆਦਾ ਹੋਣ ਕਰਕੇ ਸ਼ਰਧਾਲੂਆਂ ਨੂੰ ਕਈ ਤਰ੍ਹਾਂ ਦੀ ਮੈਡੀਕਲ ਸਹਾਇਤਾ ਦੀ ਲੋੜ ਮਹਿਸੂਸ ਹੁੰਦੀ ਹੈ ਜਿਸ ਨੂੰ ਧਿਆਨ ਵਿੱਚ ਰੱਖਦੇ ਹੋਏ ਸੋਸਾਇਟੀ ਵੱਲੋਂ ਮੈਡੀਕਲ ਕੈਂਪ ਆਯੋਜਿਤ ਕੀਤਾ ਗਿਆ। ਜਿਸ ਵਿੱਚ ਸ਼ਰਧਾਲੂਆਂ ਦਾ ਬਲੱਡ ਪ੍ਰੈਸ਼ਰ, ਸ਼ੂਗਰ ਆਦਿ ਵੀ ਚੈੱਕ ਕੀਤਾ ਗਿਆ ਅਤੇ ਮੁੱਢਲੀ ਮੈਡੀਕਲ ਸਹਾਇਤਾ ਤੋਂ ਇਲਾਵਾ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ। ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ ਸੋਸਾਇਟੀ ਦੇ ਵਲੰਟੀਅਰ ਰਮਨੀਕ ਵਾਲੀਆ, ਅਸ਼ੋਕ ਬਾਲਿਆਂਵਾਲੀ, ਲਵਲੀਨ ਸੱਚਦੇਵਾ, ਰਾਕੇਸ਼ ਗੋਇਲ, ਰਜਿੰਦਰ ਸਿੰਗਲਾ, ਅਸ਼ਵਨੀ ਠਾਕੁਰ, ਅਸ਼ੋਕ ਕਾਂਸਲ, ਸੋਮ ਪ੍ਰਕਾਸ਼ ਅਤੇ ਪ੍ਰੇਮ ਗਰਗ ਨੇ ਸ਼ਰਧਾ ਨਾਲ ਸੇਵਾਵਾਂ ਦਿੱਤੀਆਂ। ਮੇਲਾ ਆਯੋਜਕਾਂ ਵੱਲੋਂ ਸੋਸਾਇਟੀ ਦੇ ਪ੍ਰਧਾਨ ਅਤੇ ਵਲੰਟੀਅਰਾਂ ਨੂੰ ਸਨਮਾਨਿਤ ਕੀਤਾ ਗਿਆ।

## ਕਰਨ ਘੁਮਾਣ ਦੀ ਅਗਵਾਈ ਤੋਂ ਬਿਨਾਂ ਦਿੜ੍ਹਬਾ ਦੀ ਅਕਾਲੀ ਸਿਆਸਤ ਦਾ ਜਲਵਾ ਠੰਢਾ

ਦਿੜ੍ਹਬਾ ਮੰਡੀ, ਨਕੋਦਰ, ਮਹਿਤਪੁਰ, 13 ਮਈ (ਹਰਜਿੰਦਰ ਪਾਲ ਛਾਬੜਾ)- ਪੰਜਾਬੀਆਂ ਦੀ ਹਰਮਨ ਪਿਆਰੀ ਖੇਡ ਕਬੱਡੀ ਦੇ ਬਾਦਸ਼ਾਹ ਪ੍ਰਮੋਟਰ ਮਾਲਵੇ ਦੀ ਕਬੱਡੀ ਨੂੰ ਸਿਖਰਾਂ ਤੇ ਲੈਕੇ ਜਾਣ ਵਾਲੇ ਸੁਲਝੇ ਹੋਏ ਖੇਡ ਪ੍ਰਬੰਧਕ ਸ੍ਰ ਕਰਨ ਸਿੰਘ ਘੁਮਾਣ ਕੈਨੇਡਾ ਕੌਮੀ ਜਥੇਬੰਦਕ ਸਕੱਤਰ ਸ੍ਰੋਮਣੀ ਅਕਾਲੀ ਦਲ ਬਾਦਲ ਸਾਬਕਾ ਮੈਂਬਰ ਐ ਨ ਆਰ ਆਈ ਕਮਿਸ਼ਨ ਪੰਜਾਬ ਦੀ ਹਲਕਾ ਦਿੜ੍ਹਬਾ ਦੀ ਸਿਆਸਤ ਵਿੱਚ ਬਹੁਤ ਵੱਡੀ ਪਹਿਚਾਣ ਹੈ। ਇਲਾਕੇ ਦੇ ਲੋਕਾਂ ਵਿੱਚ ਉਹਨਾਂ ਦੀ ਸਮਾਜ ਸੇਵੀ ਛਵੀ ਕਾਰਣ ਚੰਗੀ ਸ਼ਖ਼ਸੀਅਤ ਹੈ। ਖਾਸਕਰ ਕਬੱਡੀ ਨਾਲ ਜੁੜੇ ਨੌਜਵਾਨ ਉਹਨਾਂ ਪ੍ਰਤੀ ਬਹੁਤ ਖਿੱਚੇ ਹੋਏ ਹਨ ।ਅੱਜਕਲ ਦੇਸ਼ ਅੰਦਰ ਚੋਣਾਂ ਦਾ ਮਾਹੌਲ ਗਰਮ ਹੈ। ਕਰਨ ਘੁਮਾਣ ਹੋਰੀਂ ਅਕਾਲੀ ਨੇਤਾ ਹੋਣ ਕਾਰਨ ਹਰ ਚੋਣ ਵਿਚ ਮੋਹਰੀ ਭੂਮਿਕਾ ਨਿਭਾਉਂਦੇ ਹਨ। ਪਿਛਲੇ ਦੋ ਦਹਾਕਿਆਂ ਤੋਂ ਉਹ ਆਪਣੀ ਨਿੱਜੀ ਕਮਾਈ ਤੋਂ ਪੈਸੇ ਖਰਚ ਕੇ ਆਪਣੀ ਪਾਰਟੀ ਦੇ ਉਮੀਦਵਾਰ ਦੀ ਮੱਦਦ ਕਰਦੇ ਹਨ। ਪਰ ਪਿਛਲੇ ਸਮੇਂ ਦੌਰਾਨ ਉਹ ਕੁੱਝ ਪਾਰਟੀ ਨੇਤਾਵਾਂ ਦੀਆਂ ਅਤੇ ਸਥਾਨਕ ਆਗੂਆਂ ਦੀਆਂ ਗਤਵਿਧੀਆਂ ਤੋਂ ਨਿਰਾਸ ਹੋਏ ਹਨ ।ਉਹ ਪਾਰਟੀ ਨੂੰ ਮਜ਼ਬੂਤ ਕਰਨ ਲਈ ਸ੍ਰ ਪ੍ਰਮਿੰਦਰ ਸਿੰਘ ਢੀਂਡਸਾ ਨੂੰ ਟਿਕਟ ਦੇਣ ਦੇ ਹੱਕ ਵਿੱਚ ਸਨ। ਜਿਸ ਦਾ ਪਾਰਟੀ ਨੇ ਯਕੀਨ ਵੀ ਦਵਾਇਆ ਸੀ। ਪਰ ਟਿਕਟ ਕਿਸੇ ਹੋਰ ਨੂੰ ਮਿਲਣ ਤੋਂ ਬਾਅਦ ਅਤੇ ਹਲਕਾ ਇੰਚਾਰਜ ਵੱਲੋ ਲਗਾਤਾਰ ਉਹਨਾਂ ਬਾਰੇ ਟਿੱਪਣੀਆਂ ਕਰਨ ਕਰਕੇ ਉਹ ਚੁੱਪਚਾਪ ਘਰ ਬੈਠ ਕੇ ਇਸ ਸਿਆਸੀ ਮੈਚ ਨੂੰ ਵੇਖ ਰਹੇ ਹਨ ।ਪਰ ਉਹਨਾਂ ਦੀ ਆਮਦ ਤੋਂ ਬਿਨਾ ਹਲਕੇ ਅੰਦਰ ਮੈਦਾਨ ਵਿਚ ਉਹ ਜਲਵਾ ਨਹੀਂ ਜੋ ਪਹਿਲਾ ਦੇਖਣ ਨੂੰ ਮਿਲਦਾ ਸੀ ।ਉਹ ਖੁੱਲ੍ਹੇ ਖਰਚ ਕਰਨ ਵਾਲਾ ਨਿਡਰ ਆਗੂ ਹੈ ।ਅੱਜ ਉਹਨਾਂ ਦੇ ਖੇਮੇ ਦੇ ਸੈਂਕੜੇ ਸਾਥੀ ਘਰ ਵਿੱਚ ਬੈਠੇ ਹਨ ।ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਉਹਨਾਂ ਨਾਲ ਲਗਾਤਾਰ ਸੰਪਰਕ ਕਰ ਰਹੇ ਹਨ। ਪਰ ਉਹਨਾਂ ਦੀ ਚੁੱਪ ਦੇ ਬਹੁਤ ਵੱਡੇ ਸਿਆਸੀ ਮਾਇਨੇ ਹਨ।



### ਪ੍ਰਧਾਨ ਮੰਤਰੀ ਨੇ ਦੇਸ਼ ਦੀ ਤਰੱਕੀ ਅਤੇ ਵਿਕਾਸ ਦੀ ਕਾਮਨਾ ਨਾਲ

## ਤਖ਼ਤ ਪਟਨਾ ਸਾਹਿਬ ਵਿਖੇ ਮੱਥਾ ਟੇਕਿਆ, ਅਰਦਾਸ 'ਚ ਸ਼ਮੂਲੀਅਤ ਕੀਤੀ





ਨਵੀਂ ਦਿੱਲੀ 13 ਮਈ (ਮਨਪ੍ਰੀਤ ਸਿੰਘ ਖਾਲਸਾ):-ਦੇਸ਼ ਦੀ ਤਰੱਕੀ ਅਤੇ ਵਿਕਾਸ ਦੀ ਕਾਮਨਾ ਨਾਲ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸੋਮਵਾਰ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਜਨਮ ਅਸਥਾਨ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਤਖ਼ਤ ਸਾਹਿਬ ਦੀ ਮਰਿਆਦਾ ਦਾ ਪਾਲਣ ਕਰਦੇ ਹੋਏ ਦਰਬਾਰ ਸਾਹਿਬ ਅੰਦਰ ਨਤਮਸਤਕ ਹੋਏ। ਗੁਰੂ ਮਹਾਰਾਜ ਅੱਗੇ ਮੱਥਾ ਟੇਕਣ ਉਪਰੰਤ ਕੜਾਹ ਪ੍ਰਸ਼ਾਦ ਛਕਿਆ। ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਬਲਦੇਵ ਸਿੰਘ ਨੇ ਉਨ੍ਹਾਂ ਨੂੰ ਸਿਰੋਪਾਓ ਅਤੇ ਸਨਮਾਨ ਪੱਤਰ ਨਾਲ ਸਨਮਾਨਿਤ ਕੀਤਾ । ਪੀ ਐਮ ਮੋਦੀ ਨੇ ਗੁਰੂ ਮਹਾਰਾਜ ਸਾਹਿਬ ਦੇ ਪਵਿੱਤਰ ਸ਼ਸਤਰ ਅਤੇ ਪਵਿੱਤਰ ਵਸਤੂਆਂ ਦੇ ਦਰਸ਼ਨ ਕੀਤੇ ਤਖ਼ਤ ਸਾਹਿਬ ਦੀ ਮਰਿਆਦਾ ਅਨੁਸਾਰ ਕਮੇਟੀ ਪ੍ਰਧਾਨ ਜਗਜੋਤ ਸਿੰਘ ਸੋਹੀ, ਜਨਰਲ ਸਕੱਤਰ ਇੰਦਰਜੀਤ ਸਿੰਘ, ਜੂਨੀਅਰ ਮੀਤ ਪ੍ਰਧਾਨ ਗੁਰਵਿੰਦਰ ਸਿੰਘ ਅਤੇ ਮੈਂਬਰਾਂ ਵੱਲੋਂ ਪ੍ਰਧਾਨ ਮੰਤਰੀ ਦਾ ਤਖ਼ਤ ਸਾਹਿਬ ਵਿਖੇ ਸਵਾਗਤ ਕੀਤਾ ਗਿਆ। ਇਸ ਤੋਂ ਬਾਅਦ ਪ੍ਰਧਾਨ ਮੰਤਰੀ ਪ੍ਰਬੰਧਕ ਕਮੇਟੀ ਵੱਲੋਂ ਦੇਸ਼ ਦੀ ਤਰੱਕੀ ਅਤੇ ਵਿਕਾਸ ਲਈ ਕਰਵਾਏ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਵਿੱਚ ਸ਼ਮੂਲੀਅਤ ਕੀਤੀ ਗਈ ।ਮੰਗਲਵਾਰ ਨੂੰ ਅਖੰਡ ਪਾਠ ਦੀ ਸਮਾਪਤੀ ਹੋਵੇਗੀ। ਸਖ਼ਤ ਸੁਰੱਖਿਆ ਪ੍ਰਬੰਧਾਂ ਵਿਚਕਾਰ ਤਖ਼ਤ ਸਾਹਿਬ ਸੰਗਤਾਂ ਵੱਲੋਂ ਸਤਿ ਸ੍ਰੀ ਅਕਾਲ ਦੇ ਜੈਕਾਰਿਆਂ ਨਾਲ ਗੂੰਜ ਰਿਹਾ ਸੀ। ਹਰ ਕੋਈ ਪ੍ਰਧਾਨ ਮੰਤਰੀ ਦੀ ਇੱਕ ਝਲਕ ਪਾਉਣ ਲਈ ਬੇਤਾਬ ਨਜ਼ਰ ਆ ਰਿਹਾ ਸੀ। ਪ੍ਰਧਾਨ ਮੰਤਰੀ ਲੰਗਰ ਹਾਲ ਪਹੁੰਚੇ। ਜਿੱਥੇ ਲੰਗਰ ਇੰਚਾਰਜ ਤੇਜੇਂਦਰ ਸਿੰਘ ਨੇ ਬੰਟੀ ਨਾਲ ਸੇਵਾ ਬਾਰੇ ਗੱਲ ਕੀਤੀ ਅਤੇ ਸੰਗਤਾਂ ਲਈ ਪ੍ਰਸ਼ਾਦੇ ਤਿਆਰ ਕੀਤੇ ।ਇਸ ਤੋਂ ਬਾਅਦ ਉਨ੍ਹਾਂ ਵੱਲੋਂ ਸੰਗਤਾਂ ਨੂੰ ਖੀਰ ਵਰਤਾਈ ਗਈ ਉਪਰੰਤ ਪ੍ਰਧਾਨ ਮੰਤਰੀ ਲੰਗਰ ਛਕ ਕੇ ਵਾਪਸ ਪਰਤੇ। ਪ੍ਰਧਾਨ ਮੰਤਰੀ ਦੇ ਨਾਲ ਵਿਧਾਨ ਸਭਾ ਦੇ ਸਪੀਕਰ ਨੰਦ ਕਿਸ਼ੋਰ ਯਾਦਵ, ਕੇਂਦਰੀ ਮੰਤਰੀ ਅਤੇ ਸੰਸਦ ਮੈਂਬਰ ਅਸ਼ਵਨੀ ਚੌਬੇ ਸਮੇਤ ਹੋਰ ਪ੍ਰਮੁੱਖ ਲੋਕ ਮੌਜੂਦ ਸਨ।

### ਜ਼ਿਲ੍ਹਾ ਗੁਰਦਾਸਪੁਰ ਦੀਆਂ ਮੰਡੀਆਂ ਵਿੱਚ ਬੀਤੀ ਸ਼ਾਮ ਤੱਕ 630519 ਮੀਟਰਿਕ ਟਨ ਦੀ ਖ਼ਰੀਦ ਹੋਈ

## ਕਿਸਾਨਾਂ ਨੂੰ 1381.33 ਕਰੋੜ ਰੁਪਏ ਦੀ ਰਾਸ਼ੀ ਦਾ ਭੁਗਤਾਨ ਕੀਤਾ



ਗੁਰਦਾਸਪੁਰ, ਸ੍ਰੀ ਹਰਗੋਬਿੰਦਪੁਰ, 13 ਮਈ (ਕੁਲਜੀਤ ਸਿੰਘ ਖੋਖਰ)-ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਦੀਆਂ ਹਦਾਇਤਾਂ ਤਹਿਤ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਖ਼ਰੀਦ ਨਿਰਵਿਘਨ ਜਾਰੀ ਹੈ ਅਤੇ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 630519 ਮੀਟਰਿਕ ਟਨ ਕਣਕ ਦੀ ਖ਼ਰੀਦ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 641320 ਮੀਟਰਿਕ ਟਨ ਕਣਕ ਦੀ ਆਮਦ ਹੋਈ ਹੈ ਜਿਸ ਵਿੱਚੋਂ 630519 ਮੀਟਰਿਕ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ। ਏਜੰਸੀ ਵਾਈਜ਼ ਖ਼ਰੀਦ ਦਾ ਬਿਉਰਾ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਖ਼ਰੀਦ ਏਜੰਸੀ ਪਨਗਰੇਨ ਨੇ 169320 ਮੀਟਰਿਕ ਟਨ, ਮਾਰਕਫੈੱਡ ਨੇ 160448 ਮੀਟਰਿਕ ਟਨ, ਪਨਸਪ ਨੇ 151369 ਮੀਟਰਿਕ ਟਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਨੇ 116941 ਮੀਟਰਿਕ ਟਨ, ਐੱਫ਼.ਸੀ.ਆਈ. ਨੇ 18311 ਮੀਟਰਿਕ ਟਨ ਅਤੇ ਵਪਾਰੀਆਂ ਨੇ 14130 ਮੀਟਰਿਕ ਟਨ ਕਣਕ ਖ਼ਰੀਦੀ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਖ਼ਰੀਦੀ ਗਈ ਕਣਕ ਦੀ ਅਦਾਇਗੀ ਵੀ ਨਾਲ ਦੀ ਨਾਲ ਕੀਤੀ ਜਾ ਰਹੀ ਹੈ ਅਤੇ ਬੀਤੀ ਸ਼ਾਮ ਤੱਕ 100 ਫ਼ੀਸਦੀ ਕਿਸਾਨਾਂ ਨੂੰ 1381.33 ਕਰੋੜ ਰੁਪਏ ਦੀ ਰਾਸ਼ੀ ਦਾ ਭੁਗਤਾਨ ਕੀਤਾ ਜਾ ਚੁੱਕਾ ਹੈ। ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਕਿਹਾ ਕਿ ਖ਼ਰੀਦੀ ਗਈ ਕਣਕ ਦੀ ਫ਼ਸਲ ਦੀ ਮੰਡੀਆਂ ਵਿਚੋਂ 70 ਫ਼ੀਸਦੀ ਤੋਂ ਵੱਧ ਲਿਫ਼ਟਿੰਗ ਕਰ ਲਈ ਗਈ ਹੈ ਜਦਕਿ ਬਕਾਇਆ ਲਿਫ਼ਟਿੰਗ ਨੂੰ ਵੀ ਜਲਦ ਮੁਕੰਮਲ ਕਰ ਲਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਬੀਤੀ ਸ਼ਾਮ ਤੱਕ 444950 ਮੀਟਰਿਕ ਟਨ ਦੀ ਲਿਫ਼ਟਿੰਗ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਰੀਆਂ ਮੰਡੀਆਂ ਵਿੱਚ ਕਣਕ ਦੀ ਫ਼ਸਲ ਦੀ ਖ਼ਰੀਦ ਨਿਰਵਿਘਨ ਜਾਰੀ ਹੈ।

## ਸਾਬਕਾ ਮੰਤਰੀ ਸੰਤੋਸ਼ ਚੌਧਰੀ ਦੇ ਹੱਕ ਵਿੱਚ ਉੱਠਣ ਲੱਗੀ ਆਵਾਜ਼



ਸ੍ਰੀ ਹਰਗੋਬਿੰਦਪੁ, 13 ਮਈ (ਕੁਲਜੀਤ ਸਿੰਘ ਖੋਖਰ) - ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਸਾਬਕਾ ਮੰਤਰੀ ਮੈਡਮ ਸੰਤੋਸ਼ ਚੌਧਰੀ ਦੇ ਟਿਕਟ ਕੱਟੇ ਜਾਣ ਤੋਂ ਬਾਅਦ ਹਲਕਾ ਸ਼੍ਰੀ ਹਰਗੋਬਿੰਦਪੁਰ ਵਿੱਚ ਕੱਟੜ ਕਾਂਗਰਸੀ ਵਰਕਰਾਂ ਵੱਲੋਂ ਮੈਡਮ ਸੰਤੋਸ਼ ਚੌਧਰੀ ਦੇ ਹੱਕ ਵਿੱਚ ਆਵਾਜ਼ ਉਠਾਉਣੀ ਸ਼ੁਰੂ ਕਰ ਦਿੱਤੀ ਹੈ ਪ੍ਰੈਸ ਨਾਲ ਗੱਲਬਾਤ ਕਰਦਿਆਂ ਕੱਟੜ ਕਾਂਗਰਸੀ ਆਗੂ ਹਰਭਜਨ ਸਿੰਘ ਮਾਹਲਾ ਸਰੂਪ ਸਿੰਘ ਅਜੀਤ ਸਿੰਘ ਹਰਚੋਵਾਲ ਬਲਕਾਰ ਸਿੰਘ ਭਾਮੜੀ ਸੁਖਜੀਤ ਸਿੰਘ ਸੋਨੀ ਨੇ ਕਿਹਾ ਮੈਡਮ ਸੰਤੋਸ਼ ਚੌਧਰੀ ਦੀ ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਟਿਕਟ ਕੱਟੀ ਜਾਣੀ ਮੰਦਭਾਗੀ ਗੱਲ ਹੈ ਉਹਨਾਂ ਕਿਹਾ ਕਿ ਮੈਡਮ ਸੰਤੋਸ਼ ਚੌਧਰੀ ਇੱਕ ਬੇਦਾਗ ਨਿਰਧੱਕ ਲੀਡਰ ਹਨ ਜਿਨਾਂ ਦੀ ਕਾਂਗਰਸ ਪਾਰਟੀ ਨਾਲ ਕਈ ਪੀੜੀਆਂ ਤੋਂ ਸਾਂਝ ਰਹੀ ਹੈ ਉਹਨਾਂ ਹਾਈ ਕਮਾਂਡ ਨੂੰ ਅਪੀਲ ਕੀਤੀ ਹੈ ਕਿ ਅਜੇ ਵੀ ਵਕਤ ਹੈ ਕਿ ਮੈਡਮ ਸੰਤੋਸ਼ ਚੌਧਰੀ ਨੂੰ ਲੋਕ ਸਭਾ ਹੁਸ਼ਿਆਰਪੁਰ ਦਾ ਉਮੀਦਵਾਰ ਐਲਾਨਿਆ ਜਾਵੇ ਕਿਉਂਕਿ ਕਾਂਗਰਸੀ ਉਮੀਦਵਾਰ ਜਾਮਨੀ ਗੋਮਰ ਨੂੰ ਲੋਕ ਨਹੀਂ ਜਾਣਦੇ ਅਤੇ ਨਾ ਹੀ ਜਾਮਣੀ ਗੋਮਰ ਅੱਜ ਤੱਕ ਕਿਸੇ ਦੇ ਦੁੱਖ ਸੁੱਖ ਵਿੱਚ ਪਹੁੰਚੀ ਹੈ ਮੈਡਮ ਸੰਤੋਸ਼ ਚੌਧਰੀ ਹਰ ਦੁੱਖ ਸੁੱਖ ਵਿੱਚ ਪਹੁੰਚੀ ਹੈ ਪਿਛਲੇ ਸਾਲ ਆਏ ਹੜ੍ਹਾਂ ਵਿੱਚ ਵੀ ਲੋਕਾਂ ਦਾ ਹਾਲ ਚਾਲ ਪੁੱਛਣ ਆਉਂਦੇ ਰਹੇ ਉਹਨਾਂ ਕਿਹਾ ਕਿ ਅਗਰ ਮੈਡਮ ਸੰਤੋਸ਼ ਚੌਧਰੀ ਨੂੰ ਟਿਕਟ ਨਹੀਂ ਦਿੱਤੀ ਜਾਂਦੀ ਜੇਕਰ ਮੈਡਮ ਸੰਤੋਸ਼ ਚੌਧਰੀ ਆਜ਼ਾਦ ਉਮੀਦਵਾਰ ਵੱਜੋਂ ਲੋਕ ਸਭਾ ਹੁਸ਼ਿਆਰਪੁਰ ਤੋਂ ਇਲੈਕਸ਼ਨ ਲੜਦੇ ਹਨ ਤਾਂ ਕੱਟੜ ਕਾਂਗਰਸੀ ਵਰਕਰ ਤਨ ਮਨ ਧਨ ਨਾਲ ਉਹਨਾਂ ਨਾਲ ਖੜਣਗੇ ਅਤੇ ਵੱਡੀ ਲੀਡ ਨਾਲ ਜਿਤਾਉਣਗੇ ਵੀ।

## ਜਰਖੜ ਵਿਖੇ ਓਲੰਪੀਅਨ ਪ੍ਰਿਥੀਪਾਲ ਸਿੰਘ ਹਾਕੀ ਫੈਸਟੀਵਲ ਦਾ ਚੌਥਾ ਦਿਨ



ਲੁਧਿਆਣਾ, ਨਕੋਦਰ ਮਹਿਤਪੁਰ, 13 ਮਈ (ਹਰਜਿੰਦਰ ਪਾਲ ਛਾਬੜਾ) -ਮਾਤਾ ਸਾਹਿਬ ਕੌਰ ਸਪੋਰਟਸ ਚੈਰੀਟੇਬਲ ਟਰੱਸਟ ਪਿੰਡ ਜਰਖੜ ਵੱਲੋਂ ਕਰਵਾਏ ਜਾ ਰਹੇ 14ਵਾਂ ਓਲੰਪਿਅਨ ਪ੍ਰਿਥੀਪਾਲ ਸਿੰਘ ਹਾਕੀ ਫੈਸਟੀਵਲ ਦੇ ਚੌਥੇ ਦਿਨ ਜਿੱਥੇ ਸੀਨੀਅਰ ਵਰਗ ਵਿੱਚ ਜਰਖੜ ਹਾਕੀ ਅਕੈਡਮੀ ਅਤੇ ਡਾਕਟਰ ਕੁਲਦੀਪ ਸਿੰਘ ਕਲੱਬ ਮੋਗਾ ਨੇ ਆਪਣੇ ਜੇਤੂ ਕਦਮ ਅੱਗੇ ਵਧਾਏ। ਉੱਥੇ ਜੂਨੀਅਰ ਵਰਗ ਵਿੱਚ ਚਚਰਾੜੀ ਅਤੇ ਨਨਕਾਣਾ ਸਾਹਿਬ ਪਬਲਿਕ ਸਕੂਲ ਰਾਮਪੁਰ ਛੰਨਾ ਅਮਰਗੜ੍ਹ ਜੇਤੂ ਰਹੇ ।ਮਾਤਾ ਸਾਹਿਬ ਕੌਰ ਖੇਡ ਕੰਪਲੈਕਸ ਜਰਖੜ ਵਿਖੇ ਨੀਲੇ ਰੰਗ ਦੇ ਐਸਟਰੋਟਰਫ ਉੱਪਰ ਫਲੱਡ ਲਾਈਟਾਂ ਦੀ ਰੋਸ਼ਨੀ ਵਿੱਚ ਖੇਡੇ ਜਾ ਰਹੇ ਹਨ ।ਇਸ ਫੈਸਟੀਵਲ ਦੇ ਚੌਥੇ ਦਿਨ ਅੱਜ ਸੀਨੀਅਰ ਵਰਗ ਵਿੱਚ ਜਿੱਥੇ ਜਰਖੜ ਹਾਕੀ ਅਕੈਡਮੀ ਅਤੇ ਸਪੋਰਟਸ ਸੈਂਟਰ ਕਿਲਾ ਰਾਇਪਰ ਵਿਚਕਾਰ ਗਹਿਗਿੱਚ ਮੁਕਾਬਲਾ ਹੋਇਆ ਜਿਸ ਵਿੱਚ ਜਰਖੜ ਅਕੈਡਮੀ 6-4 ਗੋਲਾਂ ਨਾਲ ਜੇਤੂ ਰਹੀ। ਅੱਧੇ ਸਮੇਂ ਤੱਕ ਕਿਲਾ ਰਾਇਪਰ 3-2 ਨਾਲ ਅੱਗੇ ਚੱਲ ਰਿਹਾ ਸੀ । ਜਰਖੜ ਅਕੈਡਮੀ ਦਾ ਪਵਨਦੀਪ ਸਿੰਘ ਹੀਰੋ ਆਫ ਦਾ ਮੈਚ ਬਣਿਆ । ਅੱਜ ਦੇ ਦੂਸਰੇ ਮੈਚ ਵਿੱਚ ਡਾਕਟਰ ਕੁਲਦੀਪ ਸਿੰਘ ਕਲੱਬ ਮੋਗਾ ਨੇ ਬਹੁਤ ਹੀ ਸੰਘਰਸ਼ ਪੂਰਨ ਮੁਕਾਬਲੇ ਮਗਰੋਂ ਅਮਰਗੜ੍ਹ ਨੂੰ 5-4 ਨਾਲ ਹਰਾ ਕੇ ਟੂਰਨਾਮੈਂਟ ਵਿੱਚ ਆਪਣੀ ਪਹਿਲੀ ਜਿੱਤ ਹਾਸਿਲ ਕੀਤੀ ।ਮੋਗਾ ਦਾ ਹਰਪੰਤ ਪ੍ਰੀਤ ਹੀਰੋ ਆਫ ਦਾ ਮੈਚ ਬਣਿਆ ।ਜਦ ਕਿ ਜੂਨੀਅਰ ਵਰਗ ਵਿੱਚ ਗੁਰੂ ਤੇਗ ਬਹਾਦਰ ਅਕੈਡਮੀ ਚਚਰਾੜੀ ਨੇ ਸਪੋਰਟ ਸੈਂਟਰ ਕਿਲਾ ਰਾਏਪੁਰ ਨੂੰ 3-0 ਨਾਲ਼ ਹਰਾ ਕੇ ਦੂਜੀ ਜਿੱਤ ਹਾਸਿਲ ਕੀਤੀ । ਚਚਰਾੜੀ ਦਾ ਗੁਰਸਿਮਰਨ ਸਿੰਘ ਹੀਰੋ ਆਫ ਦਾ ਮੈਚ ਬਣਿਆ । ਜੂਨੀਅਰ ਵਰਗ ਦੇ ਇੱਕ ਹੋਰ ਮੁਕਾਬਲੇ ਵਿੱਚ ਨਨਕਾਣਾ ਸਾਹਿਬ ਪਬਲਿਕ ਸਕੂਲ ਰਾਮਪੁਰ ਛੰਨਾ ਅਮਰਗੜ੍ਹ ਨੇ ਘਵ ?ਦੀ ਸਕੂਲ ਨੂੰ 2-1 ਨਾਲ ਹਰਾ ਕੇ ਆਪਣੇ ਸੈਮੀ ਫਾਈਨਲ ਵੱਲ ਕਦਮ ਵਧਾਏ ।ਅੱਜ ਦੇ ਮੈਚਾਂ ਦੌਰਾਨ ਲੁਧਿਆਣਾ ਪਲੈਨਿੰਗ ਬੋਰਡ ਦੇ ਚੇਅਰਮੈਨ ਸਰਦਾਰ ਸ਼ਰਨਪਾਲ ਸਿੰਘ ਮੱਕੜ ਨੇ ਮੁੱਖ ਮਹਿਮਾਨ ਵਜੋਂ ਵੱਖ-ਵੱਖ ਟੀਮਾਂ ਦੇ ਨਾਲ ਜਾਣ ਪਹਿਚਾਣ ਕੀਤੀ । ਮੁੱਖ ਪ੍ਰਬੰਧਕ ਜਗਰੂਪ ਸਿੰਘ ਜਰਖੜ ਨੇ ਆਏ ਮਹਿਮਾਨਾਂ ਨੂੰ ਜੀ ਆਇਆ ਆਖਿਆ । ਇਸ ਮੌਕੇ ਰਘਵੀਰ ਸਿੰਘ ਖਾਨਪੁਰ ਯੂਐਸਏ , ਪਰਮਜੀਤ ਸਿੰਘ ਨੀਟੂ , ਤਜਿੰਦਰ ਸਿੰਘ ਜਰਖੜ, ਗੁਰਸਤਿੰਦਰ ਸਿੰਘ ਪ੍ਰਗਟ, ਮਨਦੀਪ ਸਿੰਘ ਜਰਖੜ ,ਸ਼ਿੰਗਾਰਾ ਸਿੰਘ ਜਰਖੜ , ਗੁਰਦੀਪ ਸਿੰਘ ਕਿਲਾ ਰਾਏਪੁਰ ਜ਼ਿਲਾ ਖੇਡ ਅਫਸਰ ਮਲੇਰ ਕੋਟਲਾ , ਕੁਲਦੀਪ ਸਿੰਘ ਘਵੱਦੀ , ਪਰਮ ਗਰੇਵਾਲ ਗਿੱਲ , ਬਾਬਾ ਰੁਲਦਾ ਸਿੰਘ ਸਾਇਆ ਕਲਾ , ਗੁਰਵਿੰਦਰ ਸਿੰਘ ਕਿਲਾ ਰਾਇਪਰ ,ਅਜੀਤ ਪਾਲ ਸਿੰਘ ਨਾਰੰਗਵਾਲ ਆਦਿ ਇਲਾਕੇ ਦੀਆਂ ਹੋਰ ਸ਼ਖਸੀਅਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਜਗਰੂਪ ਸਿੰਘ ਜਰਖੜ ਨੇ ਦੱਸਿਆ ਕਿ ਓਲੰਪੀਅਨ ਪ੍ਰਿੰਸੀਪਲ ਹਾਕੀ ਫੈਸਟੀਵਲ ਦੇ ਅਗਲੇ ਗੇੜ ਦੇ ਮੁਕਾਬਲੇ 18 ਅਤੇ 19 ਮਈ ਨੂੰ ਹੋਣਗੇ ।ਇਸ ਮੌਕੇ 19 ਮਈ ਨੂੰ ਓਲੰਪੀਅਨ ਪ੍ਰਿਥੀਪਾਲ ਸਿੰਘ ਦੀ 41ਵੀਂ ਬਰਸੀ ਸ਼ਰਧਾ ਅਤੇ ਸਤਿਕਾਰ ਦੇ ਨਾਲ ਮਨਾਈ ਜਾਵੇਗੀ ।

## ਇੱਕ ਨਜ਼ਰ



# ਸੜਕਾਂ ਉੱਪਰ ਓਵਰਲੋਡ ਵਾਹਨ ਦੇ ਰਹੇ ਹਨ ਹਾਦਸਿਆਂ ਨੂੰ ਸੱਦਾ, ਪ੍ਰਸ਼ਾਸਨ ਮੌਨ

ਸ੍ਰੀ ਹਰਗੋਬਿੰਦਪੁਰ ਸਾਹਿਬ, 13 ਮਈ (ਕੁਲਜੀਤ ਸਿੰਘ ਖੋਖਰ)- ਆਏ ਦਿਨ ਸੜਕ ਹਾਦਸਿਆਂ ਵਿੱਚ ਵਾਧਾ ਹੁੰਦਾ ਨਜ਼ਰ ਆ ਰਿਹਾ ਹੈ ਜਿਸ ਦਾ ਮੁੱਖ ਕਾਰਨ ਸੜਕਾਂ ਉੱਪਰ ਟਰੈਫਿਕ ਨਿਯਮਾਂ ਦੀਆਂ ਧੱਜੀਆਂ ਉਡਾਉਂਦੇ ਓਵਰਲੋਡ ਵਾਹਨ ਬਣ ਰਹੇ ਹਨ ਜਿਨਾਂ ਵਿੱਚ ਲੋਕਾਂ ਨੇ ਤੂੜੀ ਵਾਲੇ ਵੱਡੇ ਵੱਡੇ ਕੁੱਪ ਟਰੱਕਾਂ ਉੱਪਰ ਬਣਾਏ ਹੋਏ ਹਨ ਇਹਨਾਂ ਤੋਂ ਇਲਾਵਾ ਸੈਲਰਾਂ ਤੋਂ ਫਕ ਭਰ ਕੇ ਵੱਡੇ ਟਰੱਕ ਅਕਸਰ ਹੀ ਲਿੰਕ ਰੋਡਾ ਅਤੇ ਹਾਈਵੇ ਤੇ ਵੇਖੇ ਜਾਂਦੇ ਹਨ ਛੋਟੀਆਂ ਗੱਡੀਆਂ ਵਾਲੇ ਇਹਨਾਂ ਪਿੱਛੇ ਹਾਰਨ ਵਜਾ ਵਜਾ ਕੇ ਥੱਕ ਜਾਂਦੇ ਹਨ ਪਰ ਇਹ ਬੇਖੌਫ ਬੇਚਿਜਕ ਹੋ ਕੇ ਸੜਕਾਂ ਉਪਰ ਚਲਦੇ ਰਹਿੰਦੇ ਹਨ ਇਹਨਾਂ ਓਵਰਲੋਡ ਵਾਹਨਾਂ ਕਰਕੇ ਸੜਕਾਂ ਉੱਪਰ ਵੱਡੇ ਵੱਡੇ ਐਕਸੀਡੈਂਟਾਂ ਵਿੱਚ ਕਈ ਕੀਮਤੀ ਜਾਨਾਂ ਜਾ ਚੁੱਕੀਆਂ ਹਨ ਲੋਕਾਂ ਨੇ ਸਿਵਲ ਪ੍ਰਸ਼ਾਸਨ ਕੋਲੋਂ ਮੰਗ ਕੀਤੀ ਹੈ ਕਿ ਲਿੰਕ ਰੋਡ ਅਤੇ ਜੀਟੀ ਰੋਡ ਉੱਪਰ ਮੌਤ ਨੂੰ ਸੱਦਾ ਦੇ ਰਹੇ ਓਵਰਲੋਡਾਂ ਉੱਪਰ ਕਾਨੂੰਨੀ ਕਾਰਵਾਈ ਕੀਤੀ ਜਾਵੇ।

# ਸੰਤ ਬਾਬਾ ਜਤਿੰਦਰ ਸਿੰਘ ਗੋਬਿੰਦ ਬਾਗ ਵਾਲਿਆਂ ਦਾ ਕਾਰਜਕਾਰੀ ਪੰਜਾਬ ਪ੍ਰਧਾਨ ਬਣਨ 'ਤੇ ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਵੱਲੋਂ ਭਰਵਾਂ ਸਵਾਗਤ



**ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ ਦੀ ਰਿਪੋਰਟ**

ਇੰਟਰਨੈਸ਼ਨਲ ਪੰਥਕ ਦਲ ਤੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਵੱਲੋਂ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਨੂੰ ਕਾਰਜਕਾਰੀ ਪੰਜਾਬ ਪ੍ਰਧਾਨ ਦੀ ਸੇਵਾ ਸੌਂਪੀ ਗਈ ਸੀ ਕਾਰਜਕਾਰੀ ਪੰਜਾਬ ਪ੍ਰਧਾਨ ਬਣਨ ਦੇ ਪਹਿਲੀ ਵਾਰ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਜੱਥੇਦਾਰ ਵਜ਼ੀਰ ਸਿੰਘ ਜੀ ਵਾਂ ਬਾਬਾ ਤਾਰਾ ਸਿੰਘ ਸੀਨੀਅਰ ਮੀਤ ਪ੍ਰਧਾਨ ਤਰਨ ਤਾਰਨ ਅਤੇ ਭਾਈ ਈਸਰ ਸਿੰਘ ਜੀ ਮੀਤ ਪ੍ਰਧਾਨ ਅੰਮ੍ਰਿਤਸਰ ਧਾਰਮਿਕ ਵਿੰਗ ਦੇ ਗ੍ਰਹਿ ਵਿਖੇ ਪਹੁੰਚੇ ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਆਗੂਆਂ ਵੱਲੋਂ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਦਾ ਜੋਸ਼ੋ ਖਰੋਸ ਨਾਲ ਸਵਾਗਤ ਕੀਤਾ ਅਤੇ ਜੀ ਆਇਆਂ ਕਿਹਾ। ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਵੱਲੋਂ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਅਤੇ ਸਾਰੀ



ਜਥੇਬੰਦੀ ਦੇ ਸਮੂਹ ਆਗੂ ਅਤੇ ਵਰਕਰ ਸਾਹਿਬਾਨਾਂ ਦਾ ਧੰਨਵਾਦ ਕੀਤਾ।ਇਸ ਮੌਕੇ ਜੱਥੇਦਾਰ ਵਜ਼ੀਰ ਸਿੰਘ ਜੀ ਵਾਂ ਸੀਨੀਅਰ ਮੀਤ ਪ੍ਰਧਾਨ ਤਰਨ ਤਾਰਨ, ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜਰ ਪੰਜਾਬ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜਿਲਾ ਪ੍ਰਧਾਨ ਤਰਨ ਤਾਰਨ, ਭਾਈ ਰਜਿੰਦਰ ਸਿੰਘ ਜੀ ਰਾਜਾ ਜਿਲਾ ਪ੍ਰਧਾਨ ਗੁਰਦਾਸਪੁਰ ,ਭਾਈ ਈਸ਼ਰ ਸਿੰਘ ਜੀ ਮੀਤ ਪ੍ਰਧਾਨ ਅੰਮ੍ਰਿਤਸਰ ਧਰਮਿਕ ਵਿੰਗ, ਭਾਈ ਸਿਮਰਤ ਪਾਲ ਸਿੰਘ ਜੀ ਬਲਾਕ ਪ੍ਰਧਾਨ ਰਾਜਾ ਸਾਂਸੀ, ਬਾਬਾ ਹਰਦੇਵ ਸਿੰਘ ਜੀ ਇਕਾਈ ਪ੍ਰਧਾਨ ਭੈਣੀ, ਸ੍ਰ ਹਰਦਿਆਲ ਸਿੰਘ, ਸ੍ਰ ਅਜੈਦੀਪ ਸਿੰਘ, ਸ੍ਰ ਜੁਗਰਾਜ ਸਿੰਘ ਹਾਜ਼ਰ ਸਨ।

# ਜੰਡਿਆਲਾ ਹਲਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਅਵਤਾਰ ਸਿੰਘ ਟੱਕਰ ਦੇ ਗ੍ਰਹਿ ਵਿਖੇ ਪਹੁੰਚੇ



ਜੰਡਿਆਲਾ ਗੁਰੂ, 13 ਮਈ ( ਕੁਲਵੰਤ ਸਿੰਘ ਵਿਰਦੀ)- ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਦੇ ਸਾਬਕਾ ਐਮ ਐਲ ਏ ਸ੍ਰ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਦੇ ਨਾਲ ਜਸਵਿੰਦਰ ਸਿੰਘ ਝੰਡ ,ਜਗਤਾਰ ਸਿੰਘ ਜਾਣੀਆ ,ਗੁਰਬਾਜ ਸਿੰਘ ਸੂਬੇਦਾਰ ,ਪਰਮਜੀਤ ਸਿੰਘ ਲਵਲੀ ,ਦਿਲਬਾਗ ਸਿੰਘ ਨੰਗਲ ਗੁਰੂ, ਰੁਪਿੰਦਰ ਸਿੰਘ ਸਾਬਕਾ ਪੰਚ ,ਹੀਰਾ ਸਿੰਘ ,ਮੇਜਰ ਸਿੰਘ ਬਿਟੂ ਜਾਣੀਆ ,ਮੋਹਿਤ ਸਿੰਘ ਬੰਟੀ ਵੱਲੋਂ ਆਟੋ ਯੂਨੀਅਨ ਦੇ ਸਾਬਕਾ ਪ੍ਰਧਾਨ ਸ੍ਰ ਅਵਤਾਰ ਸਿੰਘ ਟੱਕਰ ਜਾਣੀਆਂ ਦੇ ਗ੍ਰਹਿ ਪਿੰਡ ਜਾਣੀਆਂ ਵਿਖੇ ਟੱਕਰ ਦੀ ਭੂਆ ਜੀ ਦੇ ਆਕਾਲ ਚਲਾਣਾ ਕਰ ਜਾਣ ਤੇ ਪ੍ਰੀਵਾਰ ਨਾਲ ਦੁੱਖ ਸਾਂਝਾ ਕਰਨ ਪਹੁੰਚੇ । ਇਸ ਮੌਕੇ ਸ੍ਰ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਕਿਹਾ ਕਿ ਕਾਂਗਰਸ ਪਾਰਟੀ ਦਾ ਹਰੇਕ ਵਰਕਰ ਆਗੂ ਸਾਡੇ ਲਈ ਸਤਿਕਾਰ ਯੋਗ ਹੈ ਅਤੇ ਦਿਨ ਰਾਤ ਅਸੀਂ ਇਨਾਂ ਦੇ ਦੁਖ ਸੁੱਖ ਵਿੱਚ ਹਾਜ਼ਰ ਹਾਂ ਬੀਤੇ ਦਿਨ ਜਦੋਂ ਸਾਨੂੰ ਮਾਤਾ ਸ੍ਰੀ ਮਤੀ ਸੁਮਿੱਤਰਾ ਰਾਣੀ ਜੀ ਦੇ ਬਾਰੇ ਪਤਾ ਚੱਲਿਆ ਤਾਂ ਬਹੁਤ ਦੁੱਖ ਲੱਗਾ ਕਿਉਂਕਿ ਵੱਡਿਆਂ ਦਾ ਹੱਥ ਹਮੇਸ਼ਾ ਸਾਡੇ ਸਿਰ ਤੇ ਹੁੰਦਾ ਹੈ ਜਿਨ੍ਹਾਂ ਦੀ ਅਸੀਸ ਨਾਲ ਅਸੀਂ ਆਪਣੀਆਂ ਮੰਜਲਾਂ ਹਾਸਲ ਕਰਦੇ ਹਾਂ ।ਅਸੀਂ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਕਿ ਆਕਾਲ ਪੁਰਖ ਮਾਤਾ ਜੀ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।ਇਸ ਮੌਕੇ ਹੋਰਨਾ ਤੋ ਇਲਾਵਾ ਕਸਮੀਰ ਸਿੰਘ ਜਾਣੀਆ ਸਾਬਕਾ ਚੈਅਰਮੈਨ ਮਾਰਕੀਟ ਕੇਮਟੀ ਜੰਡਿਆਲਾ ਗੁਰੂ ਹਰਜੀਤ ਸਿੰਘ ਬੰਡਾਲਾ ਚੈਅਰਮੈਨ ਬਲਾਕ ਸੰਮਤੀ ਜੰਡਿਆਲਾ ਗੁਰੂ, ਸਰਪੰਚ ਸਿੰਕਦਰਬੀਰ ਸਿੰਘ ਜਾਣੀਆ , ਜੋਗਾ ਸਿੰਘ ਅਮਰਕੋਟ, ਕੰਵਲਜੀਤ ਸਿੰਘ ਸਾਬਕਾ ਸਰਪੰਚ ਧਾਰੜ ,ਕੇਵਲ ਸਿੰਘ ਵਾਰਿਸ ਸਾਬਕਾ ਬਲਾਕ ਸੰਮਤੀ ਮੈਂਬਰ, ਪੱਤਰਕਾਰ ਪਰਮਿੰਦਰ ਸਿੰਘ ਜੋਸਨ ,ਪੱਤਰਕਾਰ ਰਣਜੀਤ ਸਿੰਘ ਜੋਸਨ, ਪੱਤਰਕਾਰ ਜਸਵੰਤ ਸਿੰਘ ਮਾਂਗਟ ,ਪੱਤਰਕਾਰ ਦੇਲਰ ਸਿੰਘ ਜੋਹਲ , ਅਵਤਾਰ ਸਿੰਘ ਮੋਗਾ ,ਅਸ਼ੋਕ ਕੁਮਾਰ ਮੱਖੂ, ਜਤਿੰਦਰ ਸਿੰਘ ਤਰਨਤਾਰਨ ,ਕਲਵੰਤ ਸਿੰਘ ਗਰੋਵਰ ਜੰਡਿਆਲਾ ਗੁਰੂ, ਰੋਸਨ ਲਾਲ ਜੋਤੀਸਰ ਕਰਨੋਲੀ ਆਦਿ ਹਾਜ਼ਰ ਸਨ।

## ਇੰਟਰਨੈਸ਼ਨਲ ਪੰਥਕ ਦਲ ਮਾਝਾ ਜੋਨ ਦੇ ਸਮੂਹ ਆਗੂਆਂ ਵੱਲੋਂ ਮੀਟਿੰਗ

# 2 ਜੂਨ ਨੂੰ ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਹਾੜੇ ਸਬੰਧੀ ਤਿਆਰੀਆਂ 'ਤੇ ਕੀਤੀ ਚਰਚਾ

**ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਅਤੇ ਸ੍ਰ ਸਤਿੰਦਰਪਾਲ ਸਿੰਘ ਜੀ ਮਿੰਟੂ ਮਾੜੀ ਮੇਘਾ ਵਾਲਿਆਂ ਨੇ ਫੋਨ ਰਾਹੀਂ ਆਨਲਾਈਨ ਆਪਣੇ ਵਿਚਾਰ ਸਾਂਝੇ ਕੀਤੇ....**







ਤਰਨਤਾਰਨ, 13 ਮਈ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)- ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੀ ਸਤਿਕਾਰਯੋਗ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ 20ਵੀ ਸਦੀ ਦੇ ਮਹਾਨ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦਾ ਜਨਮ ਦਿਹਾੜਾ 2 ਜੂਨ ਐਤਵਾਰ ਨੂੰ ਸੰਤ ਭਿੰਡਰਾਂਵਾਲਿਆਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਬਹੁਤ ਉਚ ਪੱਧਰ ਤੇ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਇੰਟਰਨੈਸ਼ਨਲ ਪੰਥਕ ਦਲ ਮਾਝਾ ਜੋਨ ਦੇ ਸਮੂਹ ਆਗੂਆਂ ਵੱਲੋਂ ਜਥੇਦਾਰ ਵਜ਼ੀਰ ਸਿੰਘ ਜੀ ਵਾਂ ਸੀਨੀਅਰ ਮੀਤ ਪ੍ਰਧਾਨ ਤਰਨਤਾਰਨ ਅਤੇ ਭਾਈ ਈਸ਼ਰ ਸਿੰਘ ਜੀ ਮੀਤ ਪ੍ਰਧਾਨ ਅੰਮ੍ਰਿਤਸਰ ਧਾਰਮਿਕ ਵਿੰਗ ਦੇ ਗ੍ਰਹਿ ਵਿਖੇ ਮੀਟਿੰਗ ਕੀਤੀ ਗਈ।2 ਜੂਨ ਨੂੰ ਬੱਸਾਂ ਦੇ ਕਾਫਲੇ ਨਾਲ ਪਿੰਡ ਰੋਡੇ ਵਿਖੇ ਸੰਗਤਾਂ ਦੀ ਸ਼ਮੂਲੀਅਤ ਕਰਨ ਲਈ ਮਾਝਾ ਜੋਨ ਦੇ ਸਮੂਹ ਆਗੂ ਸਾਹਿਬਾਨਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ।ਮੀਟਿੰਗ ਵਿੱਚ ਪਹੁੰਚੇ ਸਾਰੇ ਆਗੂਆਂ ਨੇ ਆਪਣੇ ਵਿਚਾਰ ਦੱਸੇ। ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਅਤੇ ਸ੍ਰ ਸਤਿੰਦਰਪਾਲ ਸਿੰਘ ਜੀ ਮਿੰਟੂ ਮਾੜੀ ਮੇਘਾ ਵਾਲਿਆਂ ਨੇ ਫੋਨ ਰਾਹੀਂ ਆਨਲਾਈਨ ਆਪਣੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਕਾਰਜਕਰੀ ਪੰਜਾਬ ਪ੍ਰਧਾਨ, ਜਥੇਦਾਰ ਵਜ਼ੀਰ ਸਿੰਘ ਜੀ ਵਾਂ ਸੀਨੀਅਰ ਮੀਤ ਪ੍ਰਧਾਨ ਤਰਨ ਤਾਰਨ, ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜਰ ਪੰਜਾਬ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜਿਲਾ ਪ੍ਰਧਾਨ ਤਰਨ ਤਾਰਨ, ਭਾਈ ਰਜਿੰਦਰ ਸਿੰਘ ਜੀ ਰਾਜਾ ਜਿਲਾ ਪ੍ਰਧਾਨ ਗੁਰਦਾਸਪੁਰ ,ਭਾਈ ਈਸ਼ਰ ਸਿੰਘ ਜੀ ਮੀਤ ਪ੍ਰਧਾਨ ਅੰਮ੍ਰਿਤਸਰ ਧਰਮਿਕ ਵਿੰਗ, ਭਾਈ ਸਿਮਰਤ ਪਾਲ ਸਿੰਘ ਜੀ ਬਲਾਕ ਪ੍ਰਧਾਨ ਰਾਜਾ ਸਾਂਸੀ, ਬਾਬਾ ਹਰਦੇਵ ਸਿੰਘ ਜੀ ਇਕਾਈ ਪ੍ਰਧਾਨ ਭੈਣੀ, ਸ੍ਰ ਹਰਦਿਆਲ ਸਿੰਘ, ਸ੍ਰ ਅਜੈਦੀਪ ਸਿੰਘ, ਸ੍ਰ ਜੁਗਰਾਜ ਸਿੰਘ ਹਾਜ਼ਰ ਸਨ ।

## ਹਲਕਾ ਮਜੀਠਾ ਦੇ ਲੋਕ ਨਸ਼ੇ ਦੇ ਸੌਦਾਗਰਾਂ ਤੇ ਗੁਰੂ ਕੇ ਨਿੰਦਕਾਂ ਨੂੰ ਮੂੰਹ ਤੋੜ ਜਵਾਬ ਦੇਣ : ਕੁਲਵੰਤ ਸਿੰਘ ਮਜੀਠਾ

# ਪੰਜਾਬ ਦਾ ਬੱਚਾ-ਬੱਚਾ ਕਾਂਗਰਸ, ਬੀ ਜੇ ਪੀ, ਅਕਾਲੀ ਦਲ ਬਾਦਲ ਅਤੇ ਆਮ ਆਦਮੀ ਪਾਰਟੀ ਦੇ ਕਾਰਨਾਮਿਆਂ ਚੰਗੀ ਤਰਾਂ ਜਾਣੂੰ : ਈਮਾਨ ਸਿੰਘ ਮਾਨ



ਅੰਮ੍ਰਿਤਸਰ 13 ਮਈ ( ਆਵਾਜ਼ਿ ਕੌਮ ਬਿਊਰੋ )– ਬੀਤੀ ਰਾਤ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਲੋਕ ਸਭਾ ਉਮੀਦਵਾਰ ਸ੍ਰ ਈਮਾਨ ਸਿੰਘ ਜੀ ਮਾਨ ਨੇ ਚੋਣ ਪ੍ਰਚਾਰ ਕਰਦਿਆਂ ਚੱਲ ਰਹੇ ਮੀਟਿੰਗਾਂ ਦੇ ਸਿਲਸਿਲੇ ਦੌਰਾਨ ਮਜੀਠਾ ਹਲਕੇ ਦੇ ਪਿੰਡ ਭੁੱਲਰ ਹਾਂਸ ਵਿਖੇ ਭਾਰੀ ਇਕੱਠ ਨੂੰ ਸੰਬੋਧਨ ਕੀਤਾ।ਇਸ ਸਮੇਂ ਸ੍ਰ ਈਮਾਨ ਸਿੰਘ ਜੀ ਮਾਨ ਦੇ ਨਾਲ ਹਲਕਾ ਮਜੀਠਾ ਦੇ ਇੰਚਾਰਜ ਭਾਈ ਕੁਲਵੰਤ ਸਿੰਘ ਜੀ ਮਜੀਠਾ, ਸ੍ਰ ਅਮਰੀਕ ਸਿੰਘ ਜੀ ਨੰਗਲ ਜਥੇਬੰਦਕ ਸਕੱਤਰ ਮਾਝਾ ਜੋਨ, ਸ੍ਰ ਬਲਵਿੰਦਰ ਸਿੰਘ ਜੀ ਕਾਲਾ, ਸ੍ਰ ਕੁਲਵੰਤ ਸਿੰਘ ਮਝੈਲ ਜ਼ਿਲ੍ਹਾ ਪ੍ਰਧਾਨ ਬਟਾਲਾ, ਸ੍ਰ ਬਲਵਿੰਦਰ ਸਿੰਘ ਜੀ ਕਾਲਾ, ਸ੍ਰ ਰਣਧੀਰ ਸਿੰਘ ਲੁਹਾਰਾ ਵਾਲੀ, ਭਾਈ ਜਸ਼ਨਪ੍ਰੀਤ ਸਿੰਘ ਭੁੱਲਰ, ਸ੍ਰ ਗੁਰਮੇਜ ਸਿੰਘ ਭੁੱਲਰ, ਭਾਈ ਪਾਰਸ ਸਿੰਘ ਜੀ ਗਤਕਾ ਅਖਾੜਾ, ਸ੍ਰ ਕੁਲਵਿੰਦਰ ਸਿੰਘ ਭੁੱਲਰ, ਸ੍ਰ ਚਰਨਜੀਤ ਸਿੰਘ ਭੁੱਲਰ, ਸ੍ਰ ਸੁੱਖਦੀਪ ਸਿੰਘ ਭੁੱਲਰ, ਸ੍ਰ ਜਗਰੂਪ ਸਿੰਘ ਭੁੱਲਰ, ਸ੍ਰ ਬਲਰਾਜ ਸਿੰਘ ਭੁੱਲਰ, ਸ੍ਰ ਅਰਵਿੰਦਰ ਸਿੰਘ ਭੁੱਲਰ, ਸ੍ਰ ਬਲਜਿੰਦਰ ਸਿੰਘ ਭੁੱਲਰ, ਸ੍ਰ ਗੁਰਪ੍ਰੀਤ ਸਿੰਘ ਭੁੱਲਰ, ਸੂਬੇਦਾਰ ਕਾਲ਼ਾ ਸਿੰਘ ਭੁੱਲਰ, ਸ੍ਰ ਕੇਵਲ ਸਿੰਘ ਭੁੱਲਰ, ਸ੍ਰ ਗੁਰਵੇਲ ਸਿੰਘ ਭੁੱਲਰ, ਸ੍ਰ ਸੁਖਬੀਰ ਸਿੰਘ ਭੁੱਲਰ, ਸ੍ਰ ਜੁਗਰਾਜ ਸਿੰਘ ਭੁੱਲਰ ਵੀ ਹਾਜਰ ਸਨ। ਇਸ ਮੀਟਿੰਗ ਵਿੱਚ ਹਲਕਾ ਵਾਸੀਆਂ ਨੂੰ ਸੰਬੋਧਨ ਕਰਦਿਆਂ ਸ੍ਰ ਈਮਾਨ ਸਿੰਘ ਜੀ ਮਾਨ ਨੇ ਕਿਹਾ ਕਿ ਅਸੀਂ ਬਹੁਤ ਧੰਨਵਾਦੀ ਇਥੇ ਇਕੱਤਰ ਹੋਏ ਸਮੂਹ ਇਲਾਕਾ ਨਿਵਾਸੀਆਂ ਦੇ ਜਿੰਨਾਂ ਨੇ ਆਪਣੇ ਕੀਮਤੀ ਸਮੇਂ ਚੋਂ ਸਮਾਂ ਕੱਢ ਕੇ ਦਾਸ ਨੂੰ ਆਪਣੇ ਨਗਰ ਵਿਖੇ ਬੁਲਾਇਆ ਹੈ ਅਤੇ ਨਾਲ ਬਹੁਤ ਧੰਨਵਾਦੀ ਹਾਂ ਅੱਜ ਦੇ ਚੱਲ ਰਹੇ ਸ਼ੋਸ਼ਲ ਮੀਡੀਆ ਪਲੇਟਫਾਰਮਾਂ ਦੇ ਜਿੰਨਾਂ ਕੁੱਲ ਦੁਨੀਆਂ ਦੀਆਂ ਬੁਰਾਈਆਂ ਤੇ ਅੱਛਾਈਆਂ ਤੋਂ ਪਰਦੇ ਚੁੱਕ ਦਿੱਤੇ ਹਨ। ਹੁਣ ਪੂਰੀ ਦੁਨੀਆਂ ਵਿੱਚ ਭਾਰਤ ਦੇ ਸਰਕਾਰੀ ਤੰਤਰ ਵੱਲੋਂ ਘੱਟ ਗਿਣਤੀਆਂ ਤੇ ਕੀਤੇ ਜਾਣ ਵਾਲੇ ਹਮਲਿਆਂ ਦਾ ਪਰਦਾ ਫਾਸ਼ ਹੋ ਚੁੱਕਿਆ ਹੈ। ਉਹਨਾਂ ਕਿਹਾ ਕਿ ਇਥੇ ਹੀ ਬੱਸ ਨਹੀਂ ਪੰਜਾਬ ਦਾ ਬੱਚਾ-ਬੱਚਾ ਕਾਂਗਰਸ, ਬੀ ਜੇ ਪੀ, ਅਕਾਲੀ ਦਲ ਬਾਦਲ ਅਤੇ ਆਮ ਆਦਮੀ ਦੇ ਕਾਰਨਿਆਂ ਤੋਂ ਚੰਗੀ ਤਰਾਂ ਜਾਣੂੰ ਹੋ ਚੁੱਕਾ ਹੈ।ਸ੍ਰ ਈਮਾਨ ਸਿੰਘ ਮਾਨ ਨੇ ਖੁਲਾਸੇ ਕਰਦਿਆਂ ਹੋਇਆ ਕਿਹਾ ਕਿ ਕਾਂਗਰਸ ਨੇ ਸਾਡੇ ਸਿੱਖਾਂ ਦੇ ਸਭ ਤੋਂ ਪਵਿੱਤਰ ਸਥਾਨ ਸ੍ਰੀ ਦਰਬਾਰ ਸਾਹਿਬ ਤੇ ਹਮਲਾ ਕੀਤਾ ਤੇ ਹਜਾਰਾਂ ਬੇਕਸੂਰ ਸ਼ਰਧਾਲੂਆਂ ਨੂੰ ਸ਼ਹੀਦ ਕਰ ਦਿੱਤਾ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਢਹਿ ਢੇਰੀ ਕਰ ਦਿੱਤਾ। ਇਥੇ ਹੀ ਬੱਸ ਨਹੀ ਪੂਰਾ ਇਕ ਦਹਾਕਾ ਕਾਂਗਰਸ ਪਾਰਟੀ ਨੇ ਪੰਜਾਬ ਵਿੱਚ ਸਿੱਖ ਨੌਜਵਾਨਾਂ ਦਾ ਸ਼ਿਕਾਰ ਖੇਡਿਆ। ਇਸ ਤੋਂ ਅੱਗੇ ਅਕਾਲੀ ਦਲ ਬਾਦਲ ਅਤੇ ਭਾਜਪਾਈਆਂ ਨੇ ਮਿਲਕੇ ਸ੍ਰੀ ਦਰਬਾਰ ਸਾਹਿਬ ਹਮਲਾ ਕਰਾਉਣ ਦੀ ਸਾਜਿਸ਼ ਵਿੱਚ ਹਾਮੀ ਭਰੀ ਤੇ ਸੱਤਾ ਪ੍ਰਾਪਤੀ ਦੇ ਲਾਲਚ ਵਿੱਚ ਸਿੱਖ ਕੌਮ ਦਾ ਘਾਣ ਕੀਤਾ, ਡੇਰਾ ਸਿਰਸਾ ਵਾਲੇ ਨਾਲ ਮਿਲ ਕੇ ਸਾਡੇ ਸਭ ਤੋ ਪਵਿੱਤਰ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਵਾਈ ਤੇ ਇਸ ਪੰਜ ਦਰਿਆਵਾਂ ਦੇ ਰਾਜ ਨਸ਼ਿਆਂ ਦੇ ਦਰਿਆ ਬਣਾਂ ਦਿੱਤਾ ਜਿਸ ਦੀ ਮਿਸਾਲ ਦੇਣ ਦੀ ਕੋਈ ਲੋੜ ਨਹੀ ਹਲਕਾ ਮਜੀਠਾ ਦੇ ਲੋਕ ਭਲੀ ਭਾਂਤ ਜਾਣਦੇ ਹਨ, ਇਹ ਕਹਿਕੇ ਸ੍ਰ ਈਮਾਨ ਸਿੰਘ ਨੇ ਬਿਕਰਮ ਮਜੀਠੀਆ ਤੇ ਵੀ ਤਿੱਖੇ ਨਿਸ਼ਾਨੇ ਸਾਧੇ। ਸ੍ਰ ਮਾਨ ਨੇ ਕਿਹਾ ਕਿ ਇਸ ਉਪਰੰਤ ਪੰਜਾਬ ਦੇ ਭੋਲੇ ਭਾਲੇ ਲੋਕਾਂ ਨੇ ਇਕ ਵਿਸ਼ਵਾਸ ਜਤਾਉਂਦਿਆ ਭਾਰੀ ਬਹੁਮਤ ਨਾਲ ਬੇਅਦਬੀ ਦੇ ਦੋਸ਼ੀਆਂ ਨੂੰ ਸਜਾਵਾਂ ਦੇਣ ਅਤੇ ਇਕ ਮਹੀਨੇ ਚ' ਨਸ਼ੇ ਦੇ ਖਾਤਮੇ ਦੇ ਵਾਅਦਿਆਂ ਤੇ ਯਕੀਨ ਕਰਦਿਆਂ ਆਮ ਆਦਮੀ ਨੂੰ ਸੱਤਾ ਵਿੱਚ ਲਿਆਂਦਾ ਪਰ ਇਹਨਾਂ ਨੇ ਵਾਅਦੇ ਤਾਂ ਪੂਰੇ ਕੀ ਕਰਨੇ ਸਨ ਸਗੋਂ ਉਲਟਾ ਅੰਮ੍ਰਿਤ ਛਕਾ ਕੇ ਸਿੱਖੀ ਦੇ ਲੜ ਲਾਉਣ ਵਾਲੇ ਸਾਡੇ ਨੌਜਵਾਨ ਸਿੱਖ ਆਗੂਆਂ ਨੂੰ ਨਜਾਇਜ ਐਨ ਐਸ ਏ ਲਗਾਕੇ ਡਿਬਰੂਗੜ ਦੀਆਂ ਜੇਲਾਂ ਵਿੱਚ ਡੱਕ ਦਿੱਤਾ। ਸੋ ਹੁਣ ਵੇਲਾ ਹੈ ਇਹਨਾ ਸਾਰੇ ਹੀ ਦਗਾ ਕਰਨ ਵਾਲੇ ਤੇ ਝੂਠਾਂ ਫਰੇਬਾਂ ਦੇ ਜਾਇਆਂ ਨੂੰ ਮੂੰਹ ਤੋੜ ਜਵਾਬ ਦੇਣ ਦਾ ਅਤੇ ਇਕੋ ਇਕ ਖਾਲਸਾ ਰਾਜ ਦੀ ਗੱਲ ਕਰਨ ਵਾਲੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦਾ ਡੱਟ ਕੇ ਸਾਥ ਦੇਣ ਦਾ।ਇਸ ਮੌਕੇ ਤੇ ਸਮੂਹ ਇਲਾਕਾ ਨਿਵਾਸੀਆਂ ਵੱਲੋਂ ਸ੍ਰ ਸਿਮਰਨਜੀਤ ਸਿੰਘ ਜੀ ਮਾਨ ਦੇ ਸਪੁੱਤਰ ਸ੍ਰ ਈਮਾਨ ਸਿੰਘ ਜੀ ਮਾਨ ਨੂੰ ਸਿਰੋਪਾਓ ਦੇਕੇ ਸਨਮਾਨਿਤ ਕੀਤਾ ਗਿਆ ਅਤੇ ਇਹ ਵਿਸ਼ਵਾਸ ਦਵਾਇਆ ਕਿ ਪੂਰਾ ਇਲਾਕਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਹੱਕ ਵਿੱਚ ਚੱਟਾਨ ਵਾਂਗ ਖੜਾ ਹੈ। ਇਸ ਮੌਕੇ ਤੇ ਹਲਕਾ ਮਜੀਠਾ ਦੇ ਇੰਚਾਰਜ ਸ੍ਰ ਕੁਲਵੰਤ ਸਿੰਘ ਜੀ ਮਜੀਠਾ ਅਤੇ ਸ੍ਰ ਅਮਰੀਕ ਸਿੰਘ ਜੀ ਨੇ ਸਾਂਝੇ ਤੌਰ ਤੇ ਪੱਤਰਕਾਰਾਂ ਨੂੰ ਕਿਹਾ ਕਿ ਮਜੀਠੇ ਹਲਕੇ ਲੋਕ ਸਾਰੀ ਸੱਚਾਈ ਤੋਂ ਜਾਣੂੰ ਹੋ ਚੁੱਕੇ ਹਨ ਤੇ ਇਹਨਾ ਰੰਗ ਬਦਲਦੀਆਂ ਸਿੱਖ ਵਿਰੋਧੀ ਪਾਰਟੀਆਂ ਦੇ ਝੂਠੇ ਲੀਡਰਾਂ ਨੂੰ ਵੀ ਸਮਝ ਚੁੱਕੇ ਹਨ। ਉਹਨਾਂ ਕਿਹਾ ਕਿ ਹੁਣ ਹਲਕੇ ਮਜੀਠੇ ਦੇ ਲੋਕ ਨਸ਼ੇ ਦੇ ਸੌਦਾਗਰਾਂ ਤੇ ਗੁਰੂ ਕੇ ਨਿੰਦਕਾਂ ਨੂੰ ਮੂੰਹ ਤੋੜ ਜਵਾਬ ਦੇਣਗੇ।